# ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਸੋਰਠਿ ਮਹਲਾ ੧ ਘਰੁ ੧ ਚਉਪਦੇ ॥

ਸਭਨਾ ਮਰਣਾ ਆਇਆ ਵੇਛੋੜਾ ਸਭਨਾਹ ॥ ਪੁਛਹੁ ਜਾਇ ਸਿਆਣਿਆ ਆਗੈ ਮਿਲਣੁ ਕਿਨਾਹ ॥ ਜਿਨ ਮੇਰਾ ਸਾਹਿਬੁ ਵੀਸਰੈ ਵਡੜੀ ਵੇਦਨ ਤਿਨਾਹ ॥੧॥ ਭੀ ਸਾਲਾਹਿਹੁ ਸਾਚਾ ਸੋਇ ॥ ਜਾ ਕੀ ਨਦਰਿ ਸਦਾ ਸੁਖੁ ਹੋਇ ॥ ਰਹਾਉ ॥ ਵਡਾ ਕਰਿ ਸਾਲਾਹਣਾ ਹੈ ਭੀ ਹੋਸੀ ਸੋਇ ॥ ਸਭਨਾ ਦਾਤਾ ਏਕੁ ਤੂ ਮਾਣਸ ਦਾਤਿ ਨ ਹੋਇ ॥ ਜੋ ਤਿਸੁ ਭਾਵੈ ਸੋ ਥੀਐ ਰੰਨ ਕਿ ਰੁੰਨੈ ਹੋਇ ॥੨॥ ਧਰਤੀ ਉਪਰਿ ਕੋਟ ਗੜ ਕੇਤੀ ਗਈ ਵਜਾਇ ॥ ਜੋ ਅਸਮਾਨਿ ਨ ਮਾਵਨੀ ਤਿਨ ਨਕਿ ਨਥਾ ਪਾਇ ॥ ਜੇ ਮਨ ਜਾਣਹਿ ਸੂਲੀਆ ਕਾਹੇ ਮਿਠਾ ਖਾਹਿ ॥੩॥ ਨਾਨਕ ਅਉਗੁਣ ਜੇਤੜੇ ਤੇਤੇ ਗਲੀ ਜੰਜੀਰ ॥ ਜੇ ਗੁਣ ਹੋਨਿ ਤ ਕਟੀਅਨਿ ਸੇ ਭਾਈ ਸੇ ਵੀਰ ॥ ਅਗੈ ਗਏ ਨ ਮੰਨੀਅਨਿ ਮਾਰਿ ਕਢਹੁ ਵੇਪੀਰ ॥੪॥੧॥ ਸੋਰਠਿ ਮਹਲਾ ੧ ਘਰੁ ੧॥ ਮਨੁ ਹਾਲੀ ਕਿਰਸਾਣੀ ਕਰਣੀ ਸਰਮੁ ਪਾਣੀ ਤਨੁ ਖੇਤੁ ॥ ਨਾਮੁ ਬੀਜੁ ਸੰਤੋਖੁ ਸੁਹਾਗਾ ਰਖੁ ਗਰੀਬੀ ਵੇਸੁ ॥ ਭਾਉ ਕਰਮ ਕਰਿ ਜੰਮਸੀ ਸੇ ਘਰ ਭਾਗਠ ਦੇਖੁ ॥੧॥ ਬਾਬਾ ਮਾਇਆ ਸਾਥਿ ਨ ਹੋਇ ॥ ਇਨਿ ਮਾਇਆ ਜਗੁ ਮੋਹਿਆ ਵਿਰਲਾ ਬੂਝੈ ਕੋਇ ॥ ਰਹਾਉ ॥ ਹਾਣੁ ਹਟੁ ਕਰਿ ਆਰਜਾ ਸਚੁ ਨਾਮੁ ਕਰਿ ਵਥੁ ॥ ਸੁਰਤਿ ਸੋਚ ਕਰਿ ਭਾਂਡਸਾਲ ਤਿਸੁ ਵਿਚਿ ਤਿਸ ਨੋ ਰਖੁ ॥ ਵਣਜਾਰਿਆ ਸਿਉ ਵਣਜੁ ਕਰਿ ਲੈ ਲਾਹਾ ਮਨ ਹਸੁ ॥੨॥ ਸੁਣਿ ਸਾਸਤ ਸਉਦਾਗਰੀ ਸਤੁ ਘੋੜੇ ਲੈ ਚਲੁ ॥ ਖਰਚੁ ਬੰਨੁ ਚੰਗਿਆਈਆ ਮਤੁ ਮਨ ਜਾਣਹਿ ਕਲੁ ॥ ਨਿਰੰਕਾਰ ਕੈ ਦੇਸਿ ਜਾਹਿ ਤਾ ਸੁਖਿ ਲਹਹਿ ਮਹਲੁ ॥੩॥ ਲਾਇ ਚਿਤੁ ਕਰਿ ਚਾਕਰੀ ਮੰਨਿ ਨਾਮੁ ਕਰਿ ਕੰਮੁ ॥

ਬੰਨੁ ਬਦੀਆ ਕਰਿ ਧਾਵਣੀ ਤਾ ਕੋ ਆਖੈ ਧੰਨੁ ॥ ਨਾਨਕ ਵੇਖੈ ਨਦਰਿ ਕਰਿ ਚੜੈ ਚਵਗਣ ਵੰਨੁ ॥੪॥੨॥
ਸੋਰਠਿ ਮਃ ੧ ਚਉਤੁਕੇ ॥ ਮਾਇ ਬਾਪ ਕੋ ਬੇਟਾ ਨੀਕਾ ਸਸੁਰੈ ਚਤੁਰੁ ਜਵਾਈ ॥ ਬਾਲ ਕੰਨਿਆ ਕੌ ਬਾਪੁ ਪਿਆਰਾ
ਭਾਈ ਕੌ ਅਤਿ ਭਾਈ ॥ ਹੁਕਮੁ ਭਇਆ ਬਾਹਰੁ ਘਰੁ ਛੋਡਿਆ ਖਿਨ ਮਹਿ ਭਈ ਪਰਾਈ ॥ ਨਾਮੁ ਦਾਨੁ ਇਸਨਾਨੁ
ਨ ਮਨਮੁਖਿ ਤਿਤੁ ਤਨਿ ਧੂੜਿ ਧੁਮਾਈ ॥੧॥ ਮਨੁ ਮਾਨਿਆ ਨਾਮੁ ਸਖਾਈ ॥ ਪਾਇ ਪਰਉ ਗੁਰ ਕੈ ਬਲਿਹਾਰੈ
ਜਿਨਿ ਸਾਚੀ ਬੂਝ ਬੁਝਾਈ ॥ ਰਹਾਉ ॥ ਜਗ ਸਿਉ ਝੂਠ ਪ੍ਰੀਤਿ ਮਨੁ ਬੇਧਿਆ ਜਨ ਸਿਉ ਵਾਦੁ ਰਚਾਈ ॥ ਮਾਇਆ
ਮਗਨੁ ਅਹਿਨਿਸਿ ਮਗੁ ਜੋਹੈ ਨਾਮੁ ਨ ਲੇਵੈ ਮਰੈ ਬਿਖੁ ਖਾਈ ॥ ਗੰਧਣ ਵੈਣਿ ਰਤਾ ਹਿਤਕਾਰੀ ਸਬਦੈ ਸੁਰਤਿ ਨ
ਆਈ ॥ ਰੰਗਿ ਨ ਰਾਤਾ ਰਸਿ ਨਹੀ ਬੇਧਿਆ ਮਨਮੁਖਿ ਪਤਿ ਗਵਾਈ ॥੨॥ ਸਾਧ ਸਭਾ ਮਹਿ ਸਹਜੁ ਨ ਚਾਖਿਆ
ਜਿਹਬਾ ਰਸੁ ਨਹੀ ਰਾਈ ॥ ਮਨੁ ਤਨੁ ਧਨੁ ਅਪੁਨਾ ਕਰਿ ਜਾਨਿਆ ਦਰ ਕੀ ਖਬਰਿ ਨ ਪਾਈ ॥ ਅਖੀ ਮੀਟਿ
ਚਲਿਆ ਅੰਧਿਆਰਾ ਘਰੁ ਦਰੁ ਦਿਸੈ ਨ ਭਾਈ ॥ ਜਮ ਦਰਿ ਬਾਧਾ ਠਉਰ ਨ ਪਾਵੈ ਅਪੁਨਾ ਕੀਆ ਕਮਾਈ ॥੩॥
ਨਦਰਿ ਕਰੇ ਤਾ ਅਖੀ ਵੇਖਾ ਕਹਣਾ ਕਥਨੁ ਨ ਜਾਈ ॥ ਕੰਨੀ ਸੁਣਿ ਸੁਣਿ ਸਬਦਿ ਸਲਾਹੀ ਅੰਮ੍ਰਿਤੁ ਰਿਦੈ ਵਸਾਈ ॥
ਨਿਰਭਉ ਨਿਰੰਕਾਰੁ ਨਿਰਵੈਰੁ ਪੂਰਨ ਜੋਤਿ ਸਮਾਈ ॥ ਨਾਨਕ ਗੁਰ ਵਿਣੁ ਭਰਮੁ ਨ ਭਾਗੈ ਸਚਿ ਨਾਮਿ
ਵਡਿਆਈ ॥੪॥੩॥ ਸੋਰਠਿ ਮਹਲਾ ੧ ਦੁਤੁਕੇ ॥ ਪੁੜੁ ਧਰਤੀ ਪੁੜੁ ਪਾਣੀ ਆਸਣੁ ਚਾਰਿ ਕੁੰਟ ਚਉਬਾਰਾ ॥
ਸਗਲ ਭਵਣ ਕੀ ਮੂਰਤਿ ਏਕਾ ਮੁਖਿ ਤੇਰੈ ਟਕਸਾਲਾ ॥੧॥ ਮੇਰੇ ਸਾਹਿਬਾ ਤੇਰੇ ਚੋਜ ਵਿਡਾਣਾ ॥ ਜਲਿ ਥਲਿ
ਮਹੀਅਲਿ ਭਰਿਪੁਰਿ ਲੀਣਾ ਆਪੇ ਸਰਬ ਸਮਾਣਾ ॥ ਰਹਾਉ ॥ ਜਹ ਜਹ ਦੇਖਾ ਤਹ ਜੋਤਿ ਤੁਮਾਰੀ ਤੇਰਾ ਰੂਪੁ ਕਿਨੇਹਾ ॥
ਇਕਤੁ ਰੂਪਿ ਫਿਰਹਿ ਪਰਛੰਨਾ ਕੋਇ ਨ ਕਿਸ ਹੀ ਜੇਹਾ ॥੨॥ ਅੰਡਜ ਜੇਰਜ ਉਤਭੁਜ ਸੇਤਜ ਤੇਰੇ ਕੀਤੇ ਜੰਤਾ ॥
ਏਕੁ ਪੁਰਬੁ ਮੈ ਤੇਰਾ ਦੇਖਿਆ ਤੂ ਸਭਨਾ ਮਾਹਿ ਰਵੰਤਾ ॥੩॥ ਤੇਰੇ ਗੁਣ ਬਹੁਤੇ ਮੈ ਏਕੁ ਨ ਜਾਣਿਆ ਮੈ ਮੂਰਖ
ਕਿਛੁ ਦੀਜੈ ॥ ਪ੍ਰਣਵਤਿ ਨਾਨਕ ਸੁਣਿ ਮੇਰੇ ਸਾਹਿਬਾ ਡੁਬਦਾ ਪਥਰੁ ਲੀਜੈ ॥੪॥੪॥ ਸੋਰਠਿ ਮਹਲਾ ੧ ॥ ਹਉ
ਪਾਪੀ ਪਤਿਤੁ ਪਰਮ ਪਾਖੰਡੀ ਤੂ ਨਿਰਮਲੁ ਨਿਰੰਕਾਰੀ ॥ ਅੰਮ੍ਰਿਤੁ ਚਾਖਿ ਪਰਮ ਰਸਿ ਰਾਤੇ ਠਾਕੁਰ ਸਰਣਿ ਤੁਮਾਰੀ
॥੧॥ ਕਰਤਾ ਤੂ ਮੈ ਮਾਣੁ ਨਿਮਾਣੇ ॥ ਮਾਣੁ ਮਹਤੁ ਨਾਮੁ ਧਨੁ ਪਲੈ ਸਾਚੈ ਸਬਦਿ ਸਮਾਣੇ ॥ ਰਹਾਉ ॥ ਤੂ ਪੂਰਾ

ਹਮ ਊਰੇ ਹੋਛੇ ਤੂ ਗਉਰਾ ਹਮ ਹਉਰੇ ॥ ਤੁਝ ਹੀ ਮਨ ਰਾਤੇ ਅਹਿਨਿਸਿ ਪਰਭਾਤੇ ਹਰਿ ਰਸਨਾ ਜਪਿ ਮਨ ਰੇ ॥੨॥
ਤੁਮ ਸਾਚੇ ਹਮ ਤੁਮ ਹੀ ਰਾਚੇ ਸਬਦਿ ਭੇਦਿ ਫੁਨਿ ਸਾਚੇ ॥ ਅਹਿਨਿਸਿ ਨਾਮਿ ਰਤੇ ਸੇ ਸੂਚੇ ਮਰਿ ਜਨਮੇ ਸੇ ਕਾਚੇ
॥੩॥ ਅਵਰੁ ਨ ਦੀਸੈ ਕਿਸੁ ਸਾਲਾਹੀ ਤਿਸਹਿ ਸਰੀਕੁ ਨ ਕੋਈ ॥ ਪ੍ਰਣਵਤਿ ਨਾਨਕੁ ਦਾਸਨਿ ਦਾਸਾ ਗੁਰਮਤਿ
ਜਾਨਿਆ ਸੋਈ ॥੪॥੫॥ ਸੋਰਠਿ ਮਹਲਾ ੧ ॥ ਅਲਖ ਅਪਾਰ ਅਗੰਮ ਅਗੋਚਰ ਨਾ ਤਿਸੁ ਕਾਲੁ ਨ ਕਰਮਾ ॥
ਜਾਤਿ ਅਜਾਤਿ ਅਜੋਨੀ ਸੰਭਉ ਨਾ ਤਿਸੁ ਭਾਉ ਨ ਭਰਮਾ ॥੧॥ ਸਾਚੇ ਸਚਿਆਰ ਵਿਟਹੁ ਕੁਰਬਾਣੁ ॥ ਨਾ ਤਿਸੁ ਰੂਪ
ਵਰਨੁ ਨਹੀ ਰੇਖਿਆ ਸਾਚੈ ਸਬਦਿ ਨੀਸਾਣੁ ॥ ਰਹਾਉ ॥ ਨਾ ਤਿਸੁ ਮਾਤ ਪਿਤਾ ਸੁਤ ਬੰਧਪ ਨਾ ਤਿਸੁ ਕਾਮੁ ਨ
ਨਾਰੀ ॥ ਅਕੁਲ ਨਿਰੰਜਨ ਅਪਰ ਪਰੰਪਰੁ ਸਗਲੀ ਜੋਤਿ ਤੁਮਾਰੀ ॥੨॥ ਘਟ ਘਟ ਅੰਤਰਿ ਬ੍ਰਹਮੁ ਲੁਕਾਇਆ
ਘਟਿ ਘਟਿ ਜੋਤਿ ਸਬਾਈ ॥ ਬਜਰ ਕਪਾਟ ਮੁਕਤੇ ਗੁਰਮਤੀ ਨਿਰਭੈ ਤਾੜੀ ਲਾਈ ॥੩॥ ਜੰਤ ਉਪਾਇ ਕਾਲੁ ਸਿਰਿ
ਜੰਤਾ ਵਸਗਤਿ ਜੁਗਤਿ ਸਬਾਈ ॥ ਸਤਿਗੁਰੁ ਸੇਵਿ ਪਦਾਰਥੁ ਪਾਵਹਿ ਛੂਟਹਿ ਸਬਦੁ ਕਮਾਈ ॥੪॥ ਸੂਚੈ ਭਾਡੈ
ਸਾਚੁ ਸਮਾਵੈ ਵਿਰਲੇ ਸੂਚਾਚਾਰੀ ॥ ਤੰਤੈ ਕਉ ਪਰਮ ਤੰਤੁ ਮਿਲਾਇਆ ਨਾਨਕ ਸਰਣਿ ਤੁਮਾਰੀ ॥੫॥੬॥
ਸੋਰਠਿ ਮਹਲਾ ੧ ॥ ਜਿਉ ਮੀਨਾ ਬਿਨੁ ਪਾਣੀਐ ਤਿਉ ਸਾਕਤੁ ਮਰੈ ਪਿਆਸ ॥ ਤਿਉ ਹਰਿ ਬਿਨੁ ਮਰੀਐ ਰੇ ਮਨਾ
ਜੋ ਬਿਰਥਾ ਜਾਵੈ ਸਾਸੁ ॥੧॥ ਮਨ ਰੇ ਰਾਮ ਨਾਮ ਜਸੁ ਲੇਇ ॥ ਬਿਨੁ ਗੁਰ ਇਹੁ ਰਸੁ ਕਿਉ ਲਹਉ ਗੁਰੁ ਮੇਲੈ ਹਰਿ
ਦੇਇ ॥ ਰਹਾਉ ॥ ਸੰਤ ਜਨਾ ਮਿਲੁ ਸੰਗਤੀ ਗੁਰਮੁਖਿ ਤੀਰਥੁ ਹੋਇ ॥ ਅਠਸਠਿ ਤੀਰਥ ਮਜਨਾ ਗੁਰ ਦਰਸੁ
ਪਰਾਪਤਿ ਹੋਇ ॥੨॥ ਜਿਉ ਜੋਗੀ ਜਤ ਬਾਹਰਾ ਤਪੁ ਨਾਹੀ ਸਤੁ ਸੰਤੋਖੁ ॥ ਤਿਉ ਨਾਮੈ ਬਿਨੁ ਦੇਹੁਰੀ ਜਮੁ ਮਾਰੈ
ਅੰਤਰਿ ਦੋਖੁ ॥੩॥ ਸਾਕਤ ਪ੍ਰੇਮੁ ਨ ਪਾਈਐ ਹਰਿ ਪਾਈਐ ਸਤਿਗੁਰ ਭਾਇ ॥ ਸੁਖ ਦੁਖ ਦਾਤਾ ਗੁਰੁ ਮਿਲੈ ਕਹੁ
ਨਾਨਕ ਸਿਫਤਿ ਸਮਾਇ ॥੪॥੭॥ ਸੋਰਠਿ ਮਹਲਾ ੧ ॥ ਤੂ ਪ੍ਰਭ ਦਾਤਾ ਦਾਨਿ ਮਤਿ ਪੂਰਾ ਹਮ ਥਾਰੇ ਭੇਖਾਰੀ ਜੀਉ ॥
ਮੈ ਕਿਆ ਮਾਗਉ ਕਿਛੁ ਥਿਰੁ ਨ ਰਹਾਈ ਹਰਿ ਦੀਜੈ ਨਾਮੁ ਪਿਆਰੀ ਜੀਉ ॥੧॥ ਘਟਿ ਘਟਿ ਰਵਿ ਰਹਿਆ
ਬਨਵਾਰੀ ॥ ਜਲਿ ਥਲਿ ਮਹੀਅਲਿ ਗੁਪਤੋ ਵਰਤੈ ਗੁਰ ਸਬਦੀ ਦੇਖਿ ਨਿਹਾਰੀ ਜੀਉ ॥ ਰਹਾਉ ॥ ਮਰਤ
ਪਇਆਲ ਅਕਾਸੁ ਦਿਖਾਇਓ ਗੁਰਿ ਸਤਿਗੁਰਿ ਕਿਰਪਾ ਧਾਰੀ ਜੀਉ ॥ ਸੋ ਬ੍ਰਹਮੁ ਅਜੋਨੀ ਹੈ ਭੀ ਹੋਨੀ ਘਟ ਭੀਤਰਿ

ਦੇਖੁ ਮੁਰਾਰੀ ਜੀਉ ॥੨॥ ਜਨਮ ਮਰਨ ਕਉ ਇਹੁ ਜਗੁ ਬਪੁੜੋ ਇਨਿ ਦੂਜੈ ਭਗਤਿ ਵਿਸਾਰੀ ਜੀਉ ॥ ਸਤਿਗੁਰੁ ਮਿਲੈ ਤ ਗੁਰਮਤਿ ਪਾਈਐ ਸਾਕਤ ਬਾਜੀ ਹਾਰੀ ਜੀਉ ॥੩॥ ਸਤਿਗੁਰ ਬੰਧਨ ਤੋੜਿ ਨਿਰਾਰੇ ਬਹੁੜਿ ਨ ਗਰਭ ਮਝਾਰੀ ਜੀਉ ॥ ਨਾਨਕ ਗਿਆਨ ਰਤਨੁ ਪਰਗਾਸਿਆ ਹਰਿ ਮਨਿ ਵਸਿਆ ਨਿਰੰਕਾਰੀ ਜੀਉ ॥੪॥੮॥ ਸੋਰਠਿ ਮਹਲਾ ੧ ॥ ਜਿਸੁ ਜਲ ਨਿਧਿ ਕਾਰਣਿ ਤੁਮ ਜਗਿ ਆਏ ਸੋ ਅੰਮ੍ਰਿਤੁ ਗੁਰ ਪਾਹੀ ਜੀਉ ॥ ਛੋਡਹੁ ਵੇਸੁ ਭੇਖ ਚਤੁਰਾਈ ਦੁਬਿਧਾ ਇਹੁ ਫਲੁ ਨਾਹੀ ਜੀਉ ॥੧॥ ਮਨ ਰੇ ਥਿਰੁ ਰਹੁ ਮਤੁ ਕਤ ਜਾਹੀ ਜੀਉ ॥ ਬਾਹਰਿ ਢੂਢਤ ਬਹੁਤੁ ਦੁਖੁ ਪਾਵਹਿ ਘਰਿ ਅੰਮ੍ਰਿਤੁ ਘਟ ਮਾਹੀ ਜੀਉ ॥ ਰਹਾਉ ॥ ਅਵਗੁਣ ਛੋਡਿ ਗੁਣਾ ਕਉ ਧਾਵਹੁ ਕਰਿ ਅਵਗੁਣ ਪਛੁਤਾਹੀ ਜੀਉ ॥ ਸਰ ਅਪਸਰ ਕੀ ਸਾਰ ਨ ਜਾਣਹਿ ਫਿਰਿ ਫਿਰਿ ਕੀਚ ਬੁਡਾਹੀ ਜੀਉ ॥੨॥ ਅੰਤਰਿ ਮੈਲੁ ਲੋਭ ਬਹੁ ਝੂਠੇ ਬਾਹਰਿ ਨਾਵਹੁ ਕਾਹੀ ਜੀਉ ॥ ਨਿਰਮਲ ਨਾਮੁ ਜਪਹੁ ਸਦ ਗੁਰਮੁਖਿ ਅੰਤਰ ਕੀ ਗਤਿ ਤਾਹੀ ਜੀਉ ॥੩॥ ਪਰਹਰਿ ਲੋਭੁ ਨਿੰਦਾ ਕੂੜੁ ਤਿਆਗਹੁ ਸਚੁ ਗੁਰ ਬਚਨੀ ਫਲੁ ਪਾਹੀ ਜੀਉ ॥ ਜਿਉ ਭਾਵੈ ਤਿਉ ਰਾਖਹੁ ਹਰਿ ਜੀਉ ਜਨ ਨਾਨਕ ਸਬਦਿ ਸਲਾਹੀ ਜੀਉ ॥੪॥੯॥ ਸੋਰਠਿ ਮਹਲਾ ੧ ਪੰਚਪਦੇ ॥ ਅਪਨਾ ਘਰੁ ਮੂਸਤ ਰਾਖਿ ਨ ਸਾਕਹਿ ਕੀ ਪਰ ਘਰੁ ਜੋਹਨ ਲਾਗਾ ॥ ਘਰੁ ਦਰੁ ਰਾਖਹਿ ਜੇ ਰਸੁ ਚਾਖਹਿ ਜੋ ਗੁਰਮੁਖਿ ਸੇਵਕੁ ਲਾਗਾ ॥੧॥ ਮਨ ਰੇ ਸਮਝੁ ਕਵਨ ਮਤਿ ਲਾਗਾ ॥ ਨਾਮੁ ਵਿਸਾਰਿ ਅਨ ਰਸ ਲੋਭਾਨੇ ਫਿਰਿ ਪਛੁਤਾਹਿ ਅਭਾਗਾ ॥ ਰਹਾਉ ॥ ਆਵਤ ਕਉ ਹਰਖ ਜਾਤ ਕਉ ਰੋਵਹਿ ਇਹੁ ਦੁਖੁ ਸੁਖੁ ਨਾਲੇ ਲਾਗਾ ॥ ਆਪੇ ਦੁਖ ਸੁਖ ਭੋਗਿ ਭੋਗਾਵੈ ਗੁਰਮੁਖਿ ਸੋ ਅਨਰਾਗਾ ॥੨॥ ਹਰਿ ਰਸ ਊਪਰਿ ਅਵਰੁ ਕਿਆ ਕਹੀਐ ਜਿਨਿ ਪੀਆ ਸੋ ਤ੍ਰਿਪਤਾਗਾ ॥ ਮਾਇਆ ਮੋਹਿਤ ਜਿਨਿ ਇਹੁ ਰਸੁ ਖੋਇਆ ਜਾ ਸਾਕਤ ਦੁਰਮਤਿ ਲਾਗਾ ॥੩॥ ਮਨ ਕਾ ਜੀਉ ਪਵਨਪਤਿ ਦੇਹੀ ਦੇਹੀ ਮਹਿ ਦੇਉ ਸਮਾਗਾ ॥ ਜੇ ਤੂ ਦੇਹਿ ਤ ਹਰਿ ਰਸੁ ਗਾਈ ਮਨੁ ਤ੍ਰਿਪਤੈ ਹਰਿ ਲਿਵ ਲਾਗਾ ॥੪॥ ਸਾਧਸੰਗਤਿ ਮਹਿ ਹਰਿ ਰਸੁ ਪਾਈਐ ਗੁਰਿ ਮਿਲਿਐ ਜਮ ਭਉ ਭਾਗਾ ॥ ਨਾਨਕ ਰਾਮ ਨਾਮੁ ਜਪਿ ਗੁਰਮੁਖਿ ਹਰਿ ਪਾਏ ਮਸਤਕਿ ਭਾਗਾ ॥੫॥੧੦॥ ਸੋਰਠਿ ਮਹਲਾ ੧ ॥ ਸਰਬ ਜੀਆ ਸਿਰਿ ਲੇਖੁ ਧੁਰਾਹੂ ਬਿਨੁ ਲੇਖੈ ਨਹੀ ਕੋਈ ਜੀਉ ॥ ਆਪਿ ਅਲੇਖੁ ਕੁਦਰਤਿ ਕਰਿ ਦੇਖੈ ਹੁਕਮਿ ਚਲਾਏ ਸੋਈ ਜੀਉ ॥੧॥ ਮਨ ਰੇ ਰਾਮ ਜਪਹੁ ਸੁਖੁ ਹੋਈ ॥ ਅਹਿਨਿਸਿ

ਗੁਰ ਕੇ ਚਰਨ ਸਰੇਵਹੁ ਹਰਿ ਦਾਤਾ ਭੁਗਤਾ ਸੋਈ ॥ ਰਹਾਉ ॥ ਜੋ ਅੰਤਰਿ ਸੋ ਬਾਹਰਿ ਦੇਖਹੁ ਅਵਰੁ ਨ ਦੂਜਾ ਕੋਈ ਜੀਉ ॥ ਗੁਰਮੁਖਿ ਏਕ ਦ੍ਰਿਸਟਿ ਕਰਿ ਦੇਖਹੁ ਘਟਿ ਘਟਿ ਜੋਤਿ ਸਮੋਈ ਜੀਉ ॥੨॥ ਚਲਤੌ ਠਾਕਿ ਰਖਹੁ ਘਰਿ ਅਪਨੈ ਗੁਰ ਮਿਲਿਐ ਇਹ ਮਤਿ ਹੋਈ ਜੀਉ ॥ ਦੇਖਿ ਅਦ੍ਰਿਸਟੁ ਰਹਉ ਬਿਸਮਾਦੀ ਦੁਖੁ ਬਿਸਰੈ ਸੁਖੁ ਹੋਈ ਜੀਉ ॥੩॥ ਪੀਵਹੁ ਅਪਿਉ ਪਰਮ ਸੁਖੁ ਪਾਈਐ ਨਿਜ ਘਰਿ ਵਾਸਾ ਹੋਈ ਜੀਉ ॥ ਜਨਮ ਮਰਣ ਭਵ ਭੰਜਨੁ ਗਾਈਐ ਪੁਨਰਪਿ ਜਨਮੁ ਨ ਹੋਈ ਜੀਉ ॥੪॥ ਤਤੁ ਨਿਰੰਜਨੁ ਜੋਤਿ ਸਬਾਈ ਸੋਹੰ ਭੇਦੁ ਨ ਕੋਈ ਜੀਉ ॥ ਅਪਰੰਪਰ ਪਾਰਬ੍ਰਹਮੁ ਪਰਮੇਸਰੁ ਨਾਨਕ ਗੁਰੁ ਮਿਲਿਆ ਸੋਈ ਜੀਉ ॥੫॥੧੧॥

ਸੋਰਠਿ ਮਹਲਾ ੧ ਘਰੁ ੩ ੴ ਸਤਿਗੁਰ ਪ੍ਰਸਾਦਿ ॥

ਜਾ ਤਿਸੁ ਭਾਵਾ ਤਦ ਹੀ ਗਾਵਾ ॥ ਤਾ ਗਾਵੇ ਕਾ ਫਲੁ ਪਾਵਾ ॥ ਗਾਵੇ ਕਾ ਫਲੁ ਹੋਈ ॥ ਜਾ ਆਪੇ ਦੇਵੈ ਸੋਈ ॥੧॥ ਮਨ ਮੇਰੇ ਗੁਰ ਬਚਨੀ ਨਿਧਿ ਪਾਈ ॥ ਤਾ ਤੇ ਸਚ ਮਹਿ ਰਹਿਆ ਸਮਾਈ ॥ ਰਹਾਉ ॥ ਗੁਰ ਸਾਖੀ ਅੰਤਰਿ ਜਾਗੀ ॥ ਤਾ ਚੰਚਲ ਮਤਿ ਤਿਆਗੀ ॥ ਗੁਰ ਸਾਖੀ ਕਾ ਉਜੀਆਰਾ ॥ ਤਾ ਮਿਟਿਆ ਸਗਲ ਅੰਧ੍ਯਾਰਾ ॥੨॥ ਗੁਰ ਚਰਨੀ ਮਨੁ ਲਾਗਾ ॥ ਤਾ ਜਮ ਕਾ ਮਾਰਗੁ ਭਾਗਾ ॥ ਭੈ ਵਿਚਿ ਨਿਰਭਉ ਪਾਇਆ ॥ ਤਾ ਸਹਜੈ ਕੈ ਘਰਿ ਆਇਆ ॥੩॥ ਭਣਤਿ ਨਾਨਕੁ ਬੂਝੈ ਕੋ ਬੀਚਾਰੀ ॥ ਇਸੁ ਜਗ ਮਹਿ ਕਰਣੀ ਸਾਰੀ ॥ ਕਰਣੀ ਕੀਰਤਿ ਹੋਈ ॥ ਜਾ ਆਪੇ ਮਿਲਿਆ ਸੋਈ ॥੪॥੧॥੧੨॥

ਸੋਰਠਿ ਮਹਲਾ ੩ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਸੇਵਕ ਸੇਵ ਕਰਹਿ ਸਭਿ ਤੇਰੀ ਜਿਨ ਸਬਦੈ ਸਾਦੁ ਆਇਆ ॥ ਗੁਰ ਕਿਰਪਾ ਤੇ ਨਿਰਮਲੁ ਹੋਆ ਜਿਨਿ ਵਿਚਹੁ ਆਪੁ ਗਵਾਇਆ ॥ ਅਨਦਿਨੁ ਗੁਣ ਗਾਵਹਿ ਨਿਤ ਸਾਚੇ ਗੁਰ ਕੈ ਸਬਦਿ ਸੁਹਾਇਆ ॥੧॥ ਮੇਰੇ ਠਾਕੁਰ ਹਮ ਬਾਰਿਕ ਸਰਣਿ ਤੁਮਾਰੀ ॥ ਏਕੋ ਸਚਾ ਸਚੁ ਤੂ ਕੇਵਲੁ ਆਪਿ ਮੁਰਾਰੀ ॥ ਰਹਾਉ ॥ ਜਾਗਤ ਰਹੇ ਤਿਨੀ ਪ੍ਰਭੁ ਪਾਇਆ ਸਬਦੇ ਹਉਮੈ ਮਾਰੀ ॥ ਗਿਰਹੀ ਮਹਿ ਸਦਾ ਹਰਿ ਜਨ ਉਦਾਸੀ ਗਿਆਨ ਤਤ ਬੀਚਾਰੀ ॥ ਸਤਿਗੁਰੁ ਸੇਵਿ ਸਦਾ ਸੁਖੁ ਪਾਇਆ ਹਰਿ ਰਾਖਿਆ ਉਰ ਧਾਰੀ ॥੨॥ ਇਹੁ ਮਨੂਆ ਦਹ ਦਿਸਿ ਧਾਵਦਾ ਦੂਜੈ ਭਾਇ ਖੁਆਇਆ ॥

ਮਨਮੁਖ ਮੁਗਧੁ ਹਰਿ ਨਾਮੁ ਨ ਚੇਤੈ ਬਿਰਥਾ ਜਨਮੁ ਗਵਾਇਆ ॥ ਸਤਿਗੁਰੁ ਭੇਟੇ ਤਾ ਨਾਉ ਪਾਏ ਹਉਮੈ ਮੋਹੁ ਚੁਕਾਇਆ ॥੩॥ ਹਰਿ ਜਨ ਸਾਚੇ ਸਾਚੁ ਕਮਾਵਹਿ ਗੁਰ ਕੈ ਸਬਦਿ ਵੀਚਾਰੀ ॥ ਆਪੇ ਮੇਲਿ ਲਏ ਪ੍ਰਭਿ ਸਾਚੈ ਸਾਚੁ ਰਖਿਆ ਉਰ ਧਾਰੀ ॥ ਨਾਨਕ ਨਾਵਹੁ ਗਤਿ ਮਤਿ ਪਾਈ ਏਹਾ ਰਾਸਿ ਹਮਾਰੀ ॥੪॥੧॥ ਸੋਰਠਿ ਮਹਲਾ ੩ ॥ ਭਗਤਿ ਖਜਾਨਾ ਭਗਤਨ ਕਉ ਦੀਆ ਨਾਉ ਹਰਿ ਧਨੁ ਸਚੁ ਸੋਇ ॥ ਅਖੁਟੁ ਨਾਮ ਧਨੁ ਕਦੇ ਨਿਖੁਟੈ ਨਾਹੀ ਕਿਨੈ ਨ ਕੀਮਤਿ ਹੋਇ ॥ ਨਾਮ ਧਨਿ ਮੁਖ ਉਜਲੇ ਹੋਏ ਹਰਿ ਪਾਇਆ ਸਚੁ ਸੋਇ ॥੧॥ ਮਨ ਮੇਰੇ ਗੁਰ ਸਬਦੀ ਹਰਿ ਪਾਇਆ ਜਾਇ ॥ ਬਿਨੁ ਸਬਦੈ ਜਗੁ ਭੁਲਦਾ ਫਿਰਦਾ ਦਰਗਹ ਮਿਲੈ ਸਜਾਇ ॥ ਰਹਾਉ ॥ ਇਸੁ ਦੇਹੀ ਅੰਦਰਿ ਪੰਚ ਚੋਰ ਵਸਹਿ ਕਾਮੁ ਕ੍ਰੋਧੁ ਲੋਭੁ ਮੋਹੁ ਅਹੰਕਾਰਾ ॥ ਅੰਮ੍ਰਿਤੁ ਲੂਟਹਿ ਮਨਮੁਖ ਨਹੀ ਬੂਝਹਿ ਕੋਇ ਨ ਸੁਣੈ ਪੂਕਾਰਾ ॥ ਅੰਧਾ ਜਗਤੁ ਅੰਧੁ ਵਰਤਾਰਾ ਬਾਝੁ ਗੁਰੂ ਗੁਬਾਰਾ ॥੨॥ ਹਉਮੈ ਮੇਰਾ ਕਰਿ ਕਰਿ ਵਿਗੁਤੇ ਕਿਹੁ ਚਲੈ ਨ ਚਲਦਿਆ ਨਾਲਿ ॥ ਗੁਰਮੁਖਿ ਹੋਵੈ ਸੁ ਨਾਮੁ ਧਿਆਵੈ ਸਦਾ ਹਰਿ ਨਾਮੁ ਸਮਾਲਿ ॥ ਸਚੀ ਬਾਣੀ ਹਰਿ ਗੁਣ ਗਾਵੈ ਨਦਰੀ ਨਦਰਿ ਨਿਹਾਲਿ ॥੩॥ ਸਤਿਗੁਰ ਗਿਆਨੁ ਸਦਾ ਘਟਿ ਚਾਨਣੁ ਅਮਰੁ ਸਿਰਿ ਬਾਦਿਸਾਹਾ ॥ ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਰਾਮ ਨਾਮੁ ਸਚੁ ਲਾਹਾ ॥ ਨਾਨਕ ਰਾਮ ਨਾਮਿ ਨਿਸਤਾਰਾ ਸਬਦਿ ਰਤੇ ਹਰਿ ਪਾਹਾ ॥੪॥੨॥ ਸੋਰਠਿ ਮਃ ੩ ॥ ਦਾਸਨਿ ਦਾਸੁ ਹੋਵੈ ਤਾ ਹਰਿ ਪਾਏ ਵਿਚਹੁ ਆਪੁ ਗਵਾਈ ॥ ਭਗਤਾ ਕਾ ਕਾਰਜੁ ਹਰਿ ਅਨੰਦੁ ਹੈ ਅਨਦਿਨੁ ਹਰਿ ਗੁਣ ਗਾਈ ॥ ਸਬਦਿ ਰਤੇ ਸਦਾ ਇਕ ਰੰਗੀ ਹਰਿ ਸਿਉ ਰਹੇ ਸਮਾਈ ॥੧॥ ਹਰਿ ਜੀਉ ਸਾਚੀ ਨਦਰਿ ਤੁਮਾਰੀ ॥ ਆਪਣਿਆ ਦਾਸਾ ਨੋ ਕ੍ਰਿਪਾ ਕਰਿ ਪਿਆਰੇ ਰਾਖਹੁ ਪੈਜ ਹਮਾਰੀ ॥ ਰਹਾਉ ॥ ਸਬਦਿ ਸਲਾਹੀ ਸਦਾ ਹਉ ਜੀਵਾ ਗੁਰਮਤੀ ਭਉ ਭਾਗਾ ॥ ਮੇਰਾ ਪ੍ਰਭੁ ਸਾਚਾ ਅਤਿ ਸੁਆਲਿਉ ਗੁਰੁ ਸੇਵਿਆ ਚਿਤੁ ਲਾਗਾ ॥ ਸਾਚਾ ਸਬਦੁ ਸਚੀ ਸਚੁ ਬਾਣੀ ਸੋ ਜਨੁ ਅਨਦਿਨੁ ਜਾਗਾ ॥੨॥ ਮਹਾ ਗੰਭੀਰੁ ਸਦਾ ਸੁਖਦਾਤਾ ਤਿਸ ਕਾ ਅੰਤੁ ਨ ਪਾਇਆ ॥ ਪੂਰੇ ਗੁਰ ਕੀ ਸੇਵਾ ਕੀਨੀ ਅਚਿੰਤੁ ਹਰਿ ਮੰਨਿ ਵਸਾਇਆ ॥ ਮਨੁ ਤਨੁ ਨਿਰਮਲੁ ਸਦਾ ਸੁਖੁ ਅੰਤਰਿ ਵਿਚਹੁ ਭਰਮੁ ਚੁਕਾਇਆ ॥੩॥ ਹਰਿ ਕਾ ਮਾਰਗੁ ਸਦਾ ਪੰਥੁ ਵਿਖੜਾ ਕੋ ਪਾਏ ਗੁਰ ਵੀਚਾਰਾ ॥ ਹਰਿ ਕੈ ਰੰਗਿ ਰਾਤਾ ਸਬਦੇ ਮਾਤਾ ਹਉਮੈ ਤਜੇ ਵਿਕਾਰਾ ॥ ਨਾਨਕ ਨਾਮਿ ਰਤਾ ਇਕ ਰੰਗੀ ਸਬਦਿ ਸਵਾਰਣਹਾਰਾ

॥੪॥੩॥ ਸੋਰਠਿ ਮਹਲਾ ੩ ॥ ਹਰਿ ਜੀਉ ਤੁਧੁ ਨੋ ਸਦਾ ਸਾਲਾਹੀ ਪਿਆਰੇ ਜਿਚਰੁ ਘਟ ਅੰਤਰਿ ਹੈ ਸਾਸਾ ॥ ਇਕੁ
ਪਲੁ ਖਿਨੁ ਵਿਸਰਹਿ ਤੂ ਸੁਆਮੀ ਜਾਣਉ ਬਰਸ ਪਚਾਸਾ ॥ ਹਮ ਮੂੜ ਮੁਗਧ ਸਦਾ ਸੇ ਭਾਈ ਗੁਰ ਕੈ ਸਬਦਿ
ਪ੍ਰਗਾਸਾ ॥੧॥ ਹਰਿ ਜੀਉ ਤੁਮ ਆਪੇ ਦੇਹੁ ਬੁਝਾਈ ॥ ਹਰਿ ਜੀਉ ਤੁਧੁ ਵਿਟਹੁ ਵਾਰਿਆ ਸਦ ਹੀ ਤੇਰੇ ਨਾਮ ਵਿਟਹੁ
ਬਲਿ ਜਾਈ ॥ ਰਹਾਉ ॥ ਹਮ ਸਬਦਿ ਮੁਏ ਸਬਦਿ ਮਾਰਿ ਜੀਵਾਲੇ ਭਾਈ ਸਬਦੇ ਹੀ ਮੁਕਤਿ ਪਾਈ ॥ ਸਬਦੇ ਮਨੁ
ਤਨੁ ਨਿਰਮਲੁ ਹੋਆ ਹਰਿ ਵਸਿਆ ਮਨਿ ਆਈ ॥ ਸਬਦੁ ਗੁਰ ਦਾਤਾ ਜਿਤੁ ਮਨੁ ਰਾਤਾ ਹਰਿ ਸਿਉ ਰਹਿਆ
ਸਮਾਈ ॥੨॥ ਸਬਦੁ ਨ ਜਾਣਹਿ ਸੇ ਅੰਨੇ ਬੋਲੇ ਸੇ ਕਿਤੁ ਆਏ ਸੰਸਾਰਾ ॥ ਹਰਿ ਰਸੁ ਨ ਪਾਇਆ ਬਿਰਥਾ ਜਨਮੁ
ਗਵਾਇਆ ਜੰਮਹਿ ਵਾਰੋ ਵਾਰਾ ॥ ਬਿਸਟਾ ਕੇ ਕੀੜੇ ਬਿਸਟਾ ਮਾਹਿ ਸਮਾਣੇ ਮਨਮੁਖ ਮੁਗਧ ਗੁਬਾਰਾ ॥੩॥
ਆਪੇ ਕਰਿ ਵੇਖੈ ਮਾਰਗਿ ਲਾਏ ਭਾਈ ਤਿਸੁ ਬਿਨੁ ਅਵਰੁ ਨ ਕੋਈ ॥ ਜੋ ਧੁਰਿ ਲਿਖਿਆ ਸੁ ਕੋਇ ਨ ਮੇਟੈ
ਭਾਈ ਕਰਤਾ ਕਰੇ ਸੁ ਹੋਈ ॥ ਨਾਨਕ ਨਾਮੁ ਵਸਿਆ ਮਨ ਅੰਤਰਿ ਭਾਈ ਅਵਰੁ ਨ ਦੂਜਾ ਕੋਈ ॥੪॥੪॥
ਸੋਰਠਿ ਮਹਲਾ ੩ ॥ ਗੁਰਮੁਖਿ ਭਗਤਿ ਕਰਹਿ ਪ੍ਰਭ ਭਾਵਹਿ ਅਨਦਿਨੁ ਨਾਮੁ ਵਖਾਣੇ ॥ ਭਗਤਾ ਕੀ ਸਾਰ ਕਰਹਿ
ਆਪਿ ਰਾਖਹਿ ਜੋ ਤੇਰੈ ਮਨਿ ਭਾਣੇ ॥ ਤੂ ਗੁਣਦਾਤਾ ਸਬਦਿ ਪਛਾਤਾ ਗੁਣ ਕਹਿ ਗੁਣੀ ਸਮਾਣੇ ॥੧॥ ਮਨ ਮੇਰੇ
ਹਰਿ ਜੀਉ ਸਦਾ ਸਮਾਲਿ ॥ ਅੰਤ ਕਾਲਿ ਤੇਰਾ ਬੇਲੀ ਹੋਵੈ ਸਦਾ ਨਿਬਹੈ ਤੇਰੈ ਨਾਲਿ ॥ ਰਹਾਉ ॥ ਦੁਸਟ ਚਉਕੜੀ
ਸਦਾ ਕੂੜੁ ਕਮਾਵਹਿ ਨਾ ਬੂਝਹਿ ਵੀਚਾਰੇ ॥ ਨਿੰਦਾ ਦੁਸਟੀ ਤੇ ਕਿਨਿ ਫਲੁ ਪਾਇਆ ਹਰਣਾਖਸ ਨਖਹਿ ਬਿਦਾਰੇ ॥
ਪ੍ਰਹਿਲਾਦੁ ਜਨੁ ਸਦ ਹਰਿ ਗੁਣ ਗਾਵੈ ਹਰਿ ਜੀਉ ਲਏ ਉਬਾਰੇ ॥੨॥ ਆਪਸ ਕਉ ਬਹੁ ਭਲਾ ਕਰਿ ਜਾਣਹਿ
ਮਨਮੁਖਿ ਮਤਿ ਨ ਕਾਈ ॥ ਸਾਧੂ ਜਨ ਕੀ ਨਿੰਦਾ ਵਿਆਪੇ ਜਾਸਨਿ ਜਨਮੁ ਗਵਾਈ ॥ ਰਾਮ ਨਾਮੁ ਕਦੇ ਚੇਤਹਿ
ਨਾਹੀ ਅੰਤਿ ਗਏ ਪਛੁਤਾਈ ॥੩॥ ਸਫਲੁ ਜਨਮੁ ਭਗਤਾ ਕਾ ਕੀਤਾ ਗੁਰ ਸੇਵਾ ਆਪਿ ਲਾਏ ॥ ਸਬਦੇ ਰਾਤੇ
ਸਹਜੇ ਮਾਤੇ ਅਨਦਿਨੁ ਹਰਿ ਗੁਣ ਗਾਏ ॥ ਨਾਨਕ ਦਾਸੁ ਕਹੈ ਬੇਨੰਤੀ ਹਉ ਲਾਗਾ ਤਿਨ ਕੈ ਪਾਏ ॥੪॥੫॥
ਸੋਰਠਿ ਮਹਲਾ ੩ ॥ ਸੋ ਸਿਖੁ ਸਖਾ ਬੰਧਪੁ ਹੈ ਭਾਈ ਜਿ ਗੁਰ ਕੇ ਭਾਣੇ ਵਿਚਿ ਆਵੈ ॥ ਆਪਣੈ ਭਾਣੈ ਜੋ ਚਲੈ ਭਾਈ
ਵਿਛੁੜਿ ਚੋਟਾ ਖਾਵੈ ॥ ਬਿਨੁ ਸਤਿਗੁਰ ਸੁਖੁ ਕਦੇ ਨ ਪਾਵੈ ਭਾਈ ਫਿਰਿ ਫਿਰਿ ਪਛੋਤਾਵੈ ॥੧॥ ਹਰਿ ਕੇ ਦਾਸ

ਸੁਹੇਲੇ ਭਾਈ ॥ ਜਨਮ ਜਨਮ ਕੇ ਕਿਲਬਿਖ ਦੁਖ ਕਾਟੇ ਆਪੇ ਮੇਲਿ ਮਿਲਾਈ ॥ ਰਹਾਉ ॥ ਇਹੁ ਕੁਟੰਬੁ ਸਭੁ ਜੀਅ ਕੇ ਬੰਧਨ ਭਾਈ ਭਰਮਿ ਭੁਲਾ ਸੈਂਸਾਰਾ ॥ ਬਿਨੁ ਗੁਰ ਬੰਧਨ ਟੂਟਹਿ ਨਾਹੀ ਗੁਰਮੁਖਿ ਮੋਖ ਦੁਆਰਾ ॥ ਕਰਮ ਕਰਹਿ ਗੁਰ ਸਬਦੁ ਨ ਪਛਾਣਹਿ ਮਰਿ ਜਨਮਹਿ ਵਾਰੋ ਵਾਰਾ ॥੨॥ ਹਉ ਮੇਰਾ ਜਗੁ ਪਲਚਿ ਰਹਿਆ ਭਾਈ ਕੋਇ ਨ ਕਿਸ ਹੀ ਕੇਰਾ ॥ ਗੁਰਮੁਖਿ ਮਹਲੁ ਪਾਇਨਿ ਗੁਣ ਗਾਵਨਿ ਨਿਜ ਘਰਿ ਹੋਇ ਬਸੇਰਾ ॥ ਐਥੈ ਬੂਝੈ ਸੁ ਆਪੁ ਪਛਾਣੈ ਹਰਿ ਪ੍ਰਭੁ ਹੈ ਤਿਸੁ ਕੇਰਾ ॥੩॥ ਸਤਿਗੁਰੂ ਸਦਾ ਦਇਆਲੁ ਹੈ ਭਾਈ ਵਿਣੁ ਭਾਗਾ ਕਿਆ ਪਾਈਐ ॥ ਏਕ ਨਦਰਿ ਕਰਿ ਵੇਖੈ ਸਭ ਊਪਰਿ ਜੇਹਾ ਭਾਉ ਤੇਹਾ ਫਲੁ ਪਾਈਐ ॥ ਨਾਨਕ ਨਾਮੁ ਵਸੈ ਮਨ ਅੰਤਰਿ ਵਿਚਹੁ ਆਪੁ ਗਵਾਈਐ ॥੪॥੬॥ ਸੋਰਠਿ ਮਹਲਾ ੩ ਚੌਤੁਕੇ ॥ ਸਚੀ ਭਗਤਿ ਸਤਿਗੁਰ ਤੇ ਹੋਵੈ ਸਚੀ ਹਿਰਦੈ ਬਾਣੀ ॥ ਸਤਿਗੁਰੁ ਸੇਵੇ ਸਦਾ ਸੁਖੁ ਪਾਏ ਹਉਮੈ ਸਬਦਿ ਸਮਾਣੀ ॥ ਬਿਨੁ ਗੁਰ ਸਾਚੇ ਭਗਤਿ ਨ ਹੋਵੀ ਹੋਰ ਭੂਲੀ ਫਿਰੈ ਇਆਣੀ ॥ ਮਨਮੁਖਿ ਫਿਰਹਿ ਸਦਾ ਦੁਖੁ ਪਾਵਹਿ ਡੂਬਿ ਮੁਏ ਵਿਣੁ ਪਾਣੀ ॥੧॥ ਭਾਈ ਰੇ ਸਦਾ ਰਹਹੁ ਸਰਣਾਈ ॥ ਆਪਣੀ ਨਦਰਿ ਕਰੇ ਪਤਿ ਰਾਖੈ ਹਰਿ ਨਾਮੋ ਦੇ ਵਡਿਆਈ ॥ ਰਹਾਉ ॥ ਪੂਰੇ ਗੁਰ ਤੇ ਆਪੁ ਪਛਾਤਾ ਸਬਦਿ ਸਚੈ ਵੀਚਾਰਾ ॥ ਹਿਰਦੈ ਜਗਜੀਵਨੁ ਸਦ ਵਸਿਆ ਤਜਿ ਕਾਮੁ ਕ੍ਰੋਧੁ ਅਹੰਕਾਰਾ ॥ ਸਦਾ ਹਜੂਰਿ ਰਵਿਆ ਸਭ ਠਾਈ ਹਿਰਦੈ ਨਾਮੁ ਅਪਾਰਾ ॥ ਜੁਗਿ ਜੁਗਿ ਬਾਣੀ ਸਬਦਿ ਪਛਾਣੀ ਨਾਉ ਮੀਠਾ ਮਨਹਿ ਪਿਆਰਾ ॥੨॥ ਸਤਿਗੁਰੁ ਸੇਵਿ ਜਿਨਿ ਨਾਮੁ ਪਛਾਤਾ ਸਫਲ ਜਨਮੁ ਜਗਿ ਆਇਆ ॥ ਹਰਿ ਰਸੁ ਚਾਖਿ ਸਦਾ ਮਨੁ ਤ੍ਰਿਪਤਿਆ ਗੁਣ ਗਾਵੈ ਗੁਣੀ ਅਘਾਇਆ ॥ ਕਮਲੁ ਪ੍ਰਗਾਸਿ ਸਦਾ ਰੰਗਿ ਰਾਤਾ ਅਨਹਦ ਸਬਦੁ ਵਜਾਇਆ ॥ ਤਨੁ ਮਨੁ ਨਿਰਮਲੁ ਨਿਰਮਲ ਬਾਣੀ ਸਚੇ ਸਚਿ ਸਮਾਇਆ ॥੩॥ ਰਾਮ ਨਾਮ ਕੀ ਗਤਿ ਕੋਇ ਨ ਬੂਝੈ ਗੁਰਮਤਿ ਰਿਦੈ ਸਮਾਈ ॥ ਗੁਰਮੁਖਿ ਹੋਵੈ ਸੁ ਮਗੁ ਪਛਾਣੈ ਹਰਿ ਰਸਿ ਰਸਨ ਰਸਾਈ ॥ ਜਪੁ ਤਪੁ ਸੰਜਮੁ ਸਭੁ ਗੁਰ ਤੇ ਹੋਵੈ ਹਿਰਦੈ ਨਾਮੁ ਵਸਾਈ ॥ ਨਾਨਕ ਨਾਮੁ ਸਮਾਲਹਿ ਸੇ ਜਨ ਸੋਹਨਿ ਦਰਿ ਸਾਚੈ ਪਤਿ ਪਾਈ ॥੪॥੭॥ ਸੋਰਠਿ ਮਃ ੩ ਦੁਤੁਕੇ ॥ ਸਤਿਗੁਰ ਮਿਲਿਐ ਉਲਟੀ ਭਈ ਭਾਈ ਜੀਵਤ ਮਰੈ ਤਾ ਬੂਝ ਪਾਇ ॥ ਸੋ ਗੁਰੂ ਸੋ ਸਿਖੁ ਹੈ ਭਾਈ ਜਿਸੁ ਜੋਤੀ ਜੋਤਿ ਮਿਲਾਇ ॥੧॥ ਮਨ ਰੇ ਹਰਿ ਹਰਿ ਸੇਤੀ ਲਿਵ ਲਾਇ ॥ ਮਨ ਹਰਿ ਜਪਿ ਮੀਠਾ ਲਾਗੈ ਭਾਈ ਗੁਰਮੁਖਿ ਪਾਏ ਹਰਿ ਥਾਇ ॥ ਰਹਾਉ ॥

ਬਿਨੁ ਗੁਰ ਪ੍ਰੀਤਿ ਨ ਊਪਜੈ ਭਾਈ ਮਨਮੁਖਿ ਦੂਜੈ ਭਾਇ ॥ ਤੁਹ ਕੁਟਹਿ ਮਨਮੁਖ ਕਰਮ ਕਰਹਿ ਭਾਈ ਪਲੈ ਕਿਛੂ ਨ ਪਾਇ ॥੨॥ ਗੁਰ ਮਿਲਿਐ ਨਾਮੁ ਮਨਿ ਰਵਿਆ ਭਾਈ ਸਾਚੀ ਪ੍ਰੀਤਿ ਪਿਆਰਿ ॥ ਸਦਾ ਹਰਿ ਕੇ ਗੁਣ ਰਵੈ ਭਾਈ ਗੁਰ ਕੈ ਹੇਤਿ ਅਪਾਰਿ ॥੩॥ ਆਇਆ ਸੋ ਪਰਵਾਣੁ ਹੈ ਭਾਈ ਜਿ ਗੁਰ ਸੇਵਾ ਚਿਤੁ ਲਾਇ ॥ ਨਾਨਕ ਨਾਮੁ ਹਰਿ ਪਾਈਐ ਭਾਈ ਗੁਰ ਸਬਦੀ ਮੇਲਾਇ ॥੪॥੮॥ ਸੋਰਠਿ ਮਹਲਾ ੩ ਘਰੁ ੧॥ ਤਿਹੀ ਗੁਣੀ ਤ੍ਰਿਭਵਣੁ ਵਿਆਪਿਆ ਭਾਈ ਗੁਰਮੁਖਿ ਬੂਝ ਬੁਝਾਇ ॥ ਰਾਮ ਨਾਮਿ ਲਗਿ ਛੂਟੀਐ ਭਾਈ ਪੂਛਹੁ ਗਿਆਨੀਆ ਜਾਇ ॥੧॥ ਮਨ ਰੇ ਤ੍ਰੈ ਗੁਣ ਛੋਡਿ ਚਉਥੈ ਚਿਤੁ ਲਾਇ ॥ ਹਰਿ ਜੀਉ ਤੇਰੈ ਮਨਿ ਵਸੈ ਭਾਈ ਸਦਾ ਹਰਿ ਕੇ ਗੁਣ ਗਾਇ ॥ ਰਹਾਉ ॥ ਨਾਮੈ ਤੇ ਸਭਿ ਊਪਜੇ ਭਾਈ ਨਾਇ ਵਿਸਰਿਐ ਮਰਿ ਜਾਇ ॥ ਅਗਿਆਨੀ ਜਗਤੁ ਅੰਧੁ ਹੈ ਭਾਈ ਸੂਤੇ ਗਏ ਮੁਹਾਇ ॥੨॥ ਗੁਰਮੁਖਿ ਜਾਗੇ ਸੇ ਉਬਰੇ ਭਾਈ ਭਵਜਲੁ ਪਾਰਿ ਉਤਾਰਿ ॥ ਜਗ ਮਹਿ ਲਾਹਾ ਹਰਿ ਨਾਮੁ ਹੈ ਭਾਈ ਹਿਰਦੈ ਰਖਿਆ ਉਰ ਧਾਰਿ ॥੩॥ ਗੁਰ ਸਰਣਾਈ ਉਬਰੇ ਭਾਈ ਰਾਮ ਨਾਮਿ ਲਿਵ ਲਾਇ ॥ ਨਾਨਕ ਨਾਉ ਬੇੜਾ ਨਾਉ ਤੁਲਹੜਾ ਭਾਈ ਜਿਤੁ ਲਗਿ ਪਾਰਿ ਜਨ ਪਾਇ ॥੪॥੯॥ ਸੋਰਠਿ ਮਹਲਾ ੩ ਘਰੁ ੧॥ ਸਤਿਗੁਰੁ ਸੁਖ ਸਾਗਰੁ ਜਗ ਅੰਤਰਿ ਹੋਰ ਥੈ ਸੁਖੁ ਨਾਹੀ ॥ ਹਉਮੈ ਜਗਤੁ ਦੁਖਿ ਰੋਗਿ ਵਿਆਪਿਆ ਮਰਿ ਜਨਮੈ ਰੋਵੈ ਧਾਹੀ ॥੧॥ ਪ੍ਰਾਣੀ ਸਤਿਗੁਰੁ ਸੇਵਿ ਸੁਖੁ ਪਾਇ ॥ ਸਤਿਗੁਰੁ ਸੇਵਹਿ ਤਾ ਸੁਖੁ ਪਾਵਹਿ ਨਾਹਿ ਤ ਜਾਹਿਗਾ ਜਨਮੁ ਗਵਾਇ ॥ ਰਹਾਉ ॥ ਤ੍ਰੈ ਗੁਣ ਧਾਤੁ ਬਹੁ ਕਰਮ ਕਮਾਵਹਿ ਹਰਿ ਰਸ ਸਾਦੁ ਨ ਆਇਆ ॥ ਸੰਧਿਆ ਤਰਪਣੁ ਕਰਹਿ ਗਾਇਤ੍ਰੀ ਬਿਨੁ ਬੂਝੇ ਦੁਖੁ ਪਾਇਆ ॥੨॥ ਸਤਿਗੁਰੁ ਸੇਵੇ ਸੋ ਵਡਭਾਗੀ ਜਿਸ ਨੋ ਆਪਿ ਮਿਲਾਏ ॥ ਹਰਿ ਰਸੁ ਪੀ ਜਨ ਸਦਾ ਤ੍ਰਿਪਤਾਸੇ ਵਿਚਹੁ ਆਪੁ ਗਵਾਏ ॥੩॥ ਇਹੁ ਜਗੁ ਅੰਧਾ ਸਭੁ ਅੰਧੁ ਕਮਾਵੈ ਬਿਨੁ ਗੁਰ ਮਗੁ ਨ ਪਾਏ ॥ ਨਾਨਕ ਸਤਿਗੁਰੁ ਮਿਲੈ ਤ ਅਖੀ ਵੇਖੈ ਘਰੈ ਅੰਦਰਿ ਸਚੁ ਪਾਏ ॥੪॥੧੦॥ ਸੋਰਠਿ ਮਹਲਾ ੩ ॥ ਬਿਨੁ ਸਤਿਗੁਰ ਸੇਵੇ ਬਹੁਤਾ ਦੁਖੁ ਲਾਗਾ ਜੁਗ ਚਾਰੇ ਭਰਮਾਈ ॥ ਹਮ ਦੀਨ ਤੁਮ ਜੁਗੁ ਜੁਗੁ ਦਾਤੇ ਸਬਦੇ ਦੇਹਿ ਬੁਝਾਈ ॥੧॥ ਹਰਿ ਜੀਉ ਕ੍ਰਿਪਾ ਕਰਹੁ ਤੁਮ ਪਿਆਰੇ ॥ ਸਤਿਗੁਰੁ ਦਾਤਾ ਮੇਲਿ ਮਿਲਾਵਹੁ ਹਰਿ ਨਾਮੁ ਦੇਵਹੁ ਆਧਾਰੇ ॥ ਰਹਾਉ ॥ ਮਨਸਾ ਮਾਰਿ ਦੁਬਿਧਾ ਸਹਜਿ ਸਮਾਣੀ ਪਾਇਆ ਨਾਮੁ ਅਪਾਰਾ ॥ ਹਰਿ ਰਸੁ ਚਾਖਿ ਮਨੁ ਨਿਰਮਲੁ ਹੋਆ ਕਿਲਬਿਖ ਕਾਟਣਹਾਰਾ

॥੨॥ ਸਬਦਿ ਮਰਹੁ ਫਿਰਿ ਜੀਵਹੁ ਸਦ ਹੀ ਤਾ ਫਿਰਿ ਮਰਣੁ ਨ ਹੋਈ ॥ ਅੰਮ੍ਰਿਤੁ ਨਾਮੁ ਸਦਾ ਮਨਿ ਮੀਠਾ ਸਬਦੇ ਪਾਵੈ ਕੋਈ ॥੩॥ ਦਾਤੈ ਦਾਤਿ ਰਖੀ ਹਥਿ ਅਪਣੈ ਜਿਸੁ ਭਾਵੈ ਤਿਸੁ ਦੇਈ ॥ ਨਾਨਕ ਨਾਮਿ ਰਤੇ ਸੁਖੁ ਪਾਇਆ ਦਰਗਹ ਜਾਪਹਿ ਸੇਈ ॥੪॥੧੧॥ ਸੋਰਠਿ ਮਹਲਾ ੩ ॥ ਸਤਿਗੁਰ ਸੇਵੇ ਤਾ ਸਹਜ ਧੁਨਿ ਉਪਜੈ ਗਤਿ ਮਤਿ ਤਦ ਹੀ ਪਾਏ ॥ ਹਰਿ ਕਾ ਨਾਮੁ ਸਚਾ ਮਨਿ ਵਸਿਆ ਨਾਮੇ ਨਾਮਿ ਸਮਾਏ ॥੧॥ ਬਿਨੁ ਸਤਿਗੁਰ ਸਭੁ ਜਗੁ ਬਉਰਾਨਾ ॥ ਮਨਮੁਖਿ ਅੰਧਾ ਸਬਦੁ ਨ ਜਾਣੈ ਝੂਠੈ ਭਰਮਿ ਭੁਲਾਨਾ ॥ ਰਹਾਉ ॥ ਤ੍ਰੈ ਗੁਣ ਮਾਇਆ ਭਰਮਿ ਭੁਲਾਇਆ ਹਉਮੈ ਬੰਧਨ ਕਮਾਏ ॥ ਜੰਮਣੁ ਮਰਣੁ ਸਿਰ ਊਪਰਿ ਊਭਉ ਗਰਭ ਜੋਨਿ ਦੁਖੁ ਪਾਏ ॥੨॥ ਤ੍ਰੈ ਗੁਣ ਵਰਤਹਿ ਸਗਲ ਸੰਸਾਰਾ ਹਉਮੈ ਵਿਚਿ ਪਤਿ ਖੋਈ ॥ ਗੁਰਮੁਖਿ ਹੋਵੈ ਚਉਥਾ ਪਦੁ ਚੀਨੈ ਰਾਮ ਨਾਮਿ ਸੁਖੁ ਹੋਈ ॥੩॥ ਤ੍ਰੈ ਗੁਣ ਸਭਿ ਤੇਰੇ ਤੂ ਆਪੇ ਕਰਤਾ ਜੋ ਤੂ ਕਰਹਿ ਸੁ ਹੋਈ ॥ ਨਾਨਕ ਰਾਮ ਨਾਮਿ ਨਿਸਤਾਰਾ ਸਬਦੇ ਹਉਮੈ ਖੋਈ ॥੪॥੧੨॥

ਸੋਰਠਿ ਮਹਲਾ ੪ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਆਪੇ ਆਪਿ ਵਰਤਦਾ ਪਿਆਰਾ ਆਪੇ ਆਪਿ ਅਪਾਹੁ ॥ ਵਣਜਾਰਾ ਜਗੁ ਆਪਿ ਹੈ ਪਿਆਰਾ ਆਪੇ ਸਾਚਾ ਸਾਹੁ ॥ ਆਪੇ ਵਣਜੁ ਵਾਪਾਰੀਆ ਪਿਆਰਾ ਆਪੇ ਸਚੁ ਵੇਸਾਹੁ ॥੧॥ ਜਪਿ ਮਨ ਹਰਿ ਹਰਿ ਨਾਮੁ ਸਲਾਹ ॥ ਗੁਰ ਕਿਰਪਾ ਤੇ ਪਾਈਐ ਪਿਆਰਾ ਅੰਮ੍ਰਿਤੁ ਅਗਮ ਅਥਾਹ ॥ ਰਹਾਉ ॥ ਆਪੇ ਸੁਣਿ ਸਭ ਵੇਖਦਾ ਪਿਆਰਾ ਮੁਖਿ ਬੋਲੇ ਆਪਿ ਮੁਹਾਹੁ ॥ ਆਪੇ ਉਝੜਿ ਪਾਇਦਾ ਪਿਆਰਾ ਆਪਿ ਵਿਖਾਲੇ ਰਾਹੁ ॥ ਆਪੇ ਹੀ ਸਭੁ ਆਪਿ ਹੈ ਪਿਆਰਾ ਆਪੇ ਵੇਪਰਵਾਹੁ ॥੨॥ ਆਪੇ ਆਪਿ ਉਪਾਇਦਾ ਪਿਆਰਾ ਸਿਰਿ ਆਪੇ ਧੰਧੜੈ ਲਾਹੁ ॥ ਆਪਿ ਕਰਾਏ ਸਾਖਤੀ ਪਿਆਰਾ ਆਪਿ ਮਾਰੇ ਮਰਿ ਜਾਹੁ ॥ ਆਪੇ ਪਤਣੁ ਪਾਤਣੀ ਪਿਆਰਾ ਆਪੇ ਪਾਰਿ ਲੰਘਾਹੁ ॥੩॥ ਆਪੇ ਸਾਗਰੁ ਬੋਹਿਥਾ ਪਿਆਰਾ ਗੁਰੁ ਖੇਵਟੁ ਆਪਿ ਚਲਾਹੁ ॥ ਆਪੇ ਹੀ ਚੜਿ ਲੰਘਦਾ ਪਿਆਰਾ ਕਰਿ ਚੋਜ ਵੇਖੈ ਪਾਤਿਸਾਹੁ ॥ ਆਪੇ ਆਪਿ ਦਇਆਲੁ ਹੈ ਪਿਆਰਾ ਜਨ ਨਾਨਕ ਬਖਸਿ ਮਿਲਾਹੁ ॥੪॥੧॥ ਸੋਰਠਿ ਮਹਲਾ ੪ ਚਉਥਾ ॥ ਆਪੇ ਅੰਡਜ ਜੇਰਜ ਸੇਤਜ ਉਤਭੁਜ ਆਪੇ ਖੰਡ ਆਪੇ ਸਭ ਲੋਇ ॥ ਆਪੇ ਸੂਤੁ ਆਪੇ ਬਹੁ ਮਣੀਆ ਕਰਿ ਸਕਤੀ ਜਗਤੁ ਪਰੋਇ ॥

ਆਪੇ ਹੀ ਸੂਤਧਾਰੁ ਹੈ ਪਿਆਰਾ ਸੂਤੁ ਖਿੰਚੇ ਢਹਿ ਢੇਰੀ ਹੋਇ ॥੧॥ ਮੇਰੇ ਮਨ ਮੈ ਹਰਿ ਬਿਨੁ ਅਵਰੁ ਨ ਕੋਇ ॥
ਸਤਿਗੁਰ ਵਿਚਿ ਨਾਮੁ ਨਿਧਾਨੁ ਹੈ ਪਿਆਰਾ ਕਰਿ ਦਇਆ ਅੰਮ੍ਰਿਤੁ ਮੁਖਿ ਚੋਇ ॥ ਰਹਾਉ ॥ ਆਪੇ ਜਲ ਥਲਿ
ਸਭਤੁ ਹੈ ਪਿਆਰਾ ਪ੍ਰਭੁ ਆਪੇ ਕਰੇ ਸੁ ਹੋਇ ॥ ਸਭਨਾ ਰਿਜਕੁ ਸਮਾਹਦਾ ਪਿਆਰਾ ਦੂਜਾ ਅਵਰੁ ਨ ਕੋਇ ॥ ਆਪੇ
ਖੇਲ ਖੇਲਾਇਦਾ ਪਿਆਰਾ ਆਪੇ ਕਰੇ ਸੁ ਹੋਇ ॥੨॥ ਆਪੇ ਹੀ ਆਪਿ ਨਿਰਮਲਾ ਪਿਆਰਾ ਆਪੇ ਨਿਰਮਲ ਸੋਇ ॥
ਆਪੇ ਕੀਮਤਿ ਪਾਇਦਾ ਪਿਆਰਾ ਆਪੇ ਕਰੇ ਸੁ ਹੋਇ ॥ ਆਪੇ ਅਲਖੁ ਨ ਲਖੀਐ ਪਿਆਰਾ ਆਪਿ ਲਖਾਵੈ ਸੋਇ
॥੩॥ ਆਪੇ ਗਹਿਰ ਗੰਭੀਰੁ ਹੈ ਪਿਆਰਾ ਤਿਸੁ ਜੇਵਡੁ ਅਵਰੁ ਨ ਕੋਇ ॥ ਸਭਿ ਘਟ ਆਪੇ ਭੋਗਵੈ ਪਿਆਰਾ ਵਿਚਿ
ਨਾਰੀ ਪੁਰਖ ਸਭੁ ਸੋਇ ॥ ਨਾਨਕ ਗੁਪਤੁ ਵਰਤਦਾ ਪਿਆਰਾ ਗੁਰਮੁਖਿ ਪਰਗਟੁ ਹੋਇ ॥੪॥੨॥ ਸੋਰਠਿ ਮਹਲਾ ੪ ॥
ਆਪੇ ਹੀ ਸਭੁ ਆਪਿ ਹੈ ਪਿਆਰਾ ਆਪੇ ਥਾਪਿ ਉਥਾਪੈ ॥ ਆਪੇ ਵੇਖਿ ਵਿਗਸਦਾ ਪਿਆਰਾ ਕਰਿ ਚੋਜ ਵੇਖੈ ਪ੍ਰਭੁ
ਆਪੈ ॥ ਆਪੇ ਵਣਿ ਤਿਣਿ ਸਭਤੁ ਹੈ ਪਿਆਰਾ ਆਪੇ ਗੁਰਮੁਖਿ ਜਾਪੈ ॥੧॥ ਜਪਿ ਮਨ ਹਰਿ ਹਰਿ ਨਾਮ ਰਸਿ
ਧ੍ਰਾਪੈ ॥ ਅੰਮ੍ਰਿਤ ਨਾਮੁ ਮਹਾ ਰਸੁ ਮੀਠਾ ਗੁਰ ਸਬਦੀ ਚਖਿ ਜਾਪੈ ॥ ਰਹਾਉ ॥ ਆਪੇ ਤੀਰਥੁ ਤੁਲਹੜਾ ਪਿਆਰਾ
ਆਪਿ ਤਰੈ ਪ੍ਰਭੁ ਆਪੈ ॥ ਆਪੇ ਜਾਲੁ ਵਤਾਇਦਾ ਪਿਆਰਾ ਸਭੁ ਜਗੁ ਮਛੁਲੀ ਹਰਿ ਆਪੈ ॥ ਆਪਿ ਅਭੁਲੁ ਨ
ਭੁਲਈ ਪਿਆਰਾ ਅਵਰੁ ਨ ਦੂਜਾ ਜਾਪੈ ॥੨॥ ਆਪੇ ਸਿੰਙੀ ਨਾਦੁ ਹੈ ਪਿਆਰਾ ਧੁਨਿ ਆਪਿ ਵਜਾਏ ਆਪੈ ॥ ਆਪੇ
ਜੋਗੀ ਪੁਰਖੁ ਹੈ ਪਿਆਰਾ ਆਪੇ ਹੀ ਤਪੁ ਤਾਪੈ ॥ ਆਪੇ ਸਤਿਗੁਰੁ ਆਪਿ ਹੈ ਚੇਲਾ ਉਪਦੇਸੁ ਕਰੈ ਪ੍ਰਭੁ ਆਪੈ ॥੩॥
ਆਪੇ ਨਾਉ ਜਪਾਇਦਾ ਪਿਆਰਾ ਆਪੇ ਹੀ ਜਪੁ ਜਾਪੈ ॥ ਆਪੇ ਅੰਮ੍ਰਿਤੁ ਆਪਿ ਹੈ ਪਿਆਰਾ ਆਪੇ ਹੀ ਰਸੁ ਆਪੈ ॥
ਆਪੇ ਆਪਿ ਸਲਾਹਦਾ ਪਿਆਰਾ ਜਨ ਨਾਨਕ ਹਰਿ ਰਸਿ ਧ੍ਰਾਪੈ ॥੪॥੩॥ ਸੋਰਠਿ ਮਹਲਾ ੪ ॥ ਆਪੇ ਕੰਡਾ
ਆਪਿ ਤਰਾਜੀ ਪ੍ਰਭਿ ਆਪੇ ਤੋਲਿ ਤੋਲਾਇਆ ॥ ਆਪੇ ਸਾਹੁ ਆਪੇ ਵਣਜਾਰਾ ਆਪੇ ਵਣਜੁ ਕਰਾਇਆ ॥ ਆਪੇ
ਧਰਤੀ ਸਾਜੀਅਨੁ ਪਿਆਰੈ ਪਿਛੈ ਟੰਕੁ ਚੜਾਇਆ ॥੧॥ ਮੇਰੇ ਮਨ ਹਰਿ ਹਰਿ ਧਿਆਇ ਸੁਖੁ ਪਾਇਆ ॥ ਹਰਿ
ਹਰਿ ਨਾਮੁ ਨਿਧਾਨੁ ਹੈ ਪਿਆਰਾ ਗੁਰਿ ਪੂਰੈ ਮੀਠਾ ਲਾਇਆ ॥ ਰਹਾਉ ॥ ਆਪੇ ਧਰਤੀ ਆਪਿ ਜਲੁ ਪਿਆਰਾ
ਆਪੇ ਕਰੇ ਕਰਾਇਆ ॥ ਆਪੇ ਹੁਕਮਿ ਵਰਤਦਾ ਪਿਆਰਾ ਜਲੁ ਮਾਟੀ ਬੰਧਿ ਰਖਾਇਆ ॥ ਆਪੇ ਹੀ ਭਉ

ਪਾਇਦਾ ਪਿਆਰਾ ਬੰਨਿ ਬਕਰੀ ਸੀਹੁ ਹਢਾਇਆ ॥੨॥ ਆਪੇ ਕਾਸਟ ਆਪਿ ਹਰਿ ਪਿਆਰਾ ਵਿਚਿ ਕਾਸਟ ਅਗਨਿ ਰਖਾਇਆ ॥ ਆਪੇ ਹੀ ਆਪਿ ਵਰਤਦਾ ਪਿਆਰਾ ਭੈ ਅਗਨਿ ਨ ਸਕੈ ਜਲਾਇਆ ॥ ਆਪੇ ਮਾਰਿ ਜੀਵਾਇਦਾ ਪਿਆਰਾ ਸਾਹ ਲੈਦੇ ਸਭਿ ਲਵਾਇਆ ॥੩॥ ਆਪੇ ਤਾਣੁ ਦੀਬਾਣੁ ਹੈ ਪਿਆਰਾ ਆਪੇ ਕਾਰੈ ਲਾਇਆ ॥ ਜਿਉ ਆਪਿ ਚਲਾਏ ਤਿਉ ਚਲੀਐ ਪਿਆਰੇ ਜਿਉ ਹਰਿ ਪ੍ਰਭ ਮੇਰੇ ਭਾਇਆ ॥ ਆਪੇ ਜੰਤੀ ਜੰਤੁ ਹੈ ਪਿਆਰਾ ਜਨ ਨਾਨਕ ਵਜਹਿ ਵਜਾਇਆ ॥੪॥੪॥ ਸੋਰਠਿ ਮਹਲਾ ੪ ॥ ਆਪੇ ਸ੍ਰਿਸਟਿ ਉਪਾਇਦਾ ਪਿਆਰਾ ਕਰਿ ਸੂਰਜੁ ਚੰਦੁ ਚਾਨਾਣੁ ॥ ਆਪਿ ਨਿਤਾਣਿਆ ਤਾਣੁ ਹੈ ਪਿਆਰਾ ਆਪਿ ਨਿਮਾਣਿਆ ਮਾਣੁ ॥ ਆਪਿ ਦਇਆ ਕਰਿ ਰਖਦਾ ਪਿਆਰਾ ਆਪੇ ਸੁਘੜੁ ਸੁਜਾਣੁ ॥੧॥ ਮੇਰੇ ਮਨ ਜਪਿ ਰਾਮ ਨਾਮੁ ਨੀਸਾਣੁ ॥ ਸਤਸੰਗਤਿ ਮਿਲਿ ਧਿਆਇ ਤੂ ਹਰਿ ਹਰਿ ਬਹੁੜਿ ਨ ਆਵਣ ਜਾਣੁ ॥ ਰਹਾਉ ॥ ਆਪੇ ਹੀ ਗੁਣ ਵਰਤਦਾ ਪਿਆਰਾ ਆਪੇ ਹੀ ਪਰਵਾਣੁ ॥ ਆਪੇ ਬਖਸ ਕਰਾਇਦਾ ਪਿਆਰਾ ਆਪੇ ਸਚੁ ਨੀਸਾਣੁ ॥ ਆਪੇ ਹੁਕਮਿ ਵਰਤਦਾ ਪਿਆਰਾ ਆਪੇ ਹੀ ਫੁਰਮਾਣੁ ॥੨॥ ਆਪੇ ਭਗਤਿ ਭੰਡਾਰ ਹੈ ਪਿਆਰਾ ਆਪੇ ਦੇਵੈ ਦਾਣੁ ॥ ਆਪੇ ਸੇਵ ਕਰਾਇਦਾ ਪਿਆਰਾ ਆਪਿ ਦਿਵਾਵੈ ਮਾਣੁ ॥ ਆਪੇ ਤਾੜੀ ਲਾਇਦਾ ਪਿਆਰਾ ਆਪੇ ਗੁਣੀ ਨਿਧਾਨੁ ॥੩॥ ਆਪੇ ਵਡਾ ਆਪਿ ਹੈ ਪਿਆਰਾ ਆਪੇ ਹੀ ਪਰਧਾਣੁ ॥ ਆਪੇ ਕੀਮਤਿ ਪਾਇਦਾ ਪਿਆਰਾ ਆਪੇ ਤੁਲੁ ਪਰਵਾਣੁ ॥ ਆਪੇ ਅਤੁਲੁ ਤੁਲਾਇਦਾ ਪਿਆਰਾ ਜਨ ਨਾਨਕ ਸਦ ਕੁਰਬਾਣੁ ॥੪॥੫॥ ਸੋਰਠਿ ਮਹਲਾ ੪ ॥ ਆਪੇ ਸੇਵਾ ਲਾਇਦਾ ਪਿਆਰਾ ਆਪੇ ਭਗਤਿ ਉਮਾਹਾ ॥ ਆਪੇ ਗੁਣ ਗਾਵਾਇਦਾ ਪਿਆਰਾ ਆਪੇ ਸਬਦਿ ਸਮਾਹਾ ॥ ਆਪੇ ਲੇਖਣਿ ਆਪਿ ਲਿਖਾਰੀ ਆਪੇ ਲੇਖੁ ਲਿਖਾਹਾ ॥੧॥ ਮੇਰੇ ਮਨ ਜਪਿ ਰਾਮ ਨਾਮੁ ਓਮਾਹਾ ॥ ਅਨਦਿਨੁ ਅਨਦੁ ਹੋਵੈ ਵਡਭਾਗੀ ਲੈ ਗੁਰਿ ਪੂਰੈ ਹਰਿ ਲਾਹਾ ॥ ਰਹਾਉ ॥ ਆਪੇ ਗੋਪੀ ਕਾਨੁ ਹੈ ਪਿਆਰਾ ਬਨਿ ਆਪੇ ਗਊ ਚਰਾਹਾ ॥ ਆਪੇ ਸਾਵਲ ਸੁੰਦਰਾ ਪਿਆਰਾ ਆਪੇ ਵੰਸੁ ਵਜਾਹਾ ॥ ਕੁਵਲੀਆ ਪੀੜੁ ਆਪਿ ਮਰਾਇਦਾ ਪਿਆਰਾ ਕਰਿ ਬਾਲਕ ਰੂਪਿ ਪਚਾਹਾ ॥੨॥ ਆਪਿ ਅਖਾੜਾ ਪਾਇਦਾ ਪਿਆਰਾ ਕਰਿ ਵੇਖੈ ਆਪਿ ਚੋਜਾਹਾ ॥ ਕਰਿ ਬਾਲਕ ਰੂਪ ਉਪਾਇਦਾ ਪਿਆਰਾ ਚੰਡੂਰੁ ਕੰਸੁ ਕੇਸੁ ਮਾਰਾਹਾ ॥ ਆਪੇ ਹੀ ਬਲੁ ਆਪਿ ਹੈ ਪਿਆਰਾ ਬਲੁ ਭੰਨੈ ਮੂਰਖ ਮੁਗਧਾਹਾ ॥੩॥ ਸਭੁ ਆਪੇ ਜਗਤੁ ਉਪਾਇਦਾ ਪਿਆਰਾ ਵਸਿ

ਆਪੇ ਜੁਗਤਿ ਹਥਾਹਾ ॥ ਗਲਿ ਜੇਵੜੀ ਆਪੇ ਪਾਇਦਾ ਪਿਆਰਾ ਜਿਉ ਪ੍ਰਭੁ ਖਿੰਚੈ ਤਿਉ ਜਾਹਾ ॥ ਜੋ ਗਰਬੈ ਸੋ ਪਚਸੀ ਪਿਆਰੇ ਜਪਿ ਨਾਨਕ ਭਗਤਿ ਸਮਾਹਾ ॥੪॥੬॥ ਸੋਰਠਿ ਮਃ ੪ ਦੁਤੁਕੇ ॥ ਅਨਿਕ ਜਨਮ ਵਿਛੁੜੇ ਦੁਖੁ ਪਾਇਆ ਮਨਮੁਖਿ ਕਰਮ ਕਰੈ ਅਹੰਕਾਰੀ ॥ ਸਾਧੂ ਪਰਸਤ ਹੀ ਪ੍ਰਭੁ ਪਾਇਆ ਗੋਬਿਦ ਸਰਣਿ ਤੁਮਾਰੀ ॥੧॥ ਗੋਬਿਦ ਪ੍ਰੀਤਿ ਲਗੀ ਅਤਿ ਪਿਆਰੀ ॥ ਜਬ ਸਤਸੰਗ ਭਏ ਸਾਧੂ ਜਨ ਹਿਰਦੈ ਮਿਲਿਆ ਸਾਂਤਿ ਮੁਰਾਰੀ ॥ ਰਹਾਉ ॥ ਤੂ ਹਿਰਦੈ ਗੁਪਤੁ ਵਸਹਿ ਦਿਨੁ ਰਾਤੀ ਤੇਰਾ ਭਾਉ ਨ ਬੁਝਹਿ ਗਵਾਰੀ ॥ ਸਤਿਗੁਰੁ ਪੁਰਖੁ ਮਿਲਿਆ ਪ੍ਰਭੁ ਪ੍ਰਗਟਿਆ ਗੁਣ ਗਾਵੈ ਗੁਣ ਵੀਚਾਰੀ ॥੨॥ ਗੁਰਮੁਖਿ ਪ੍ਰਗਾਸੁ ਭਇਆ ਸਾਤਿ ਆਈ ਦੁਰਮਤਿ ਬੁਧਿ ਨਿਵਾਰੀ ॥ ਆਤਮ ਬ੍ਰਹਮੁ ਚੀਨਿ ਸੁਖੁ ਪਾਇਆ ਸਤਸੰਗਤਿ ਪੁਰਖ ਤੁਮਾਰੀ ॥੩॥ ਪੁਰਖੈ ਪੁਰਖੁ ਮਿਲਿਆ ਗੁਰੁ ਪਾਇਆ ਜਿਨ ਕਉ ਕਿਰਪਾ ਭਈ ਤੁਮਾਰੀ ॥ ਨਾਨਕ ਅਤੁਲੁ ਸਹਜ ਸੁਖੁ ਪਾਇਆ ਅਨਦਿਨੁ ਜਾਗਤੁ ਰਹੈ ਬਨਵਾਰੀ ॥੪॥੭॥ ਸੋਰਠਿ ਮਹਲਾ ੪ ॥ ਹਰਿ ਸਿਉ ਪ੍ਰੀਤਿ ਅੰਤਰੁ ਮਨੁ ਬੇਧਿਆ ਹਰਿ ਬਿਨੁ ਰਹਣੁ ਨ ਜਾਈ ॥ ਜਿਉ ਮਛੁਲੀ ਬਿਨੁ ਨੀਰੈ ਬਿਨਸੈ ਤਿਉ ਨਾਮੈ ਬਿਨੁ ਮਰਿ ਜਾਈ ॥੧॥ ਮੇਰੇ ਪ੍ਰਭ ਕਿਰਪਾ ਜਲੁ ਦੇਵਹੁ ਹਰਿ ਨਾਈ ॥ ਹਉ ਅੰਤਰਿ ਨਾਮੁ ਮੰਗਾ ਦਿਨੁ ਰਾਤੀ ਨਾਮੇ ਹੀ ਸਾਂਤਿ ਪਾਈ ॥ ਰਹਾਉ ॥ ਜਿਉ ਚਾਤ੍ਰਿਕੁ ਜਲ ਬਿਨੁ ਬਿਲਲਾਵੈ ਬਿਨੁ ਜਲ ਪਿਆਸ ਨ ਜਾਈ ॥ ਗੁਰਮੁਖਿ ਜਲੁ ਪਾਵੈ ਸੁਖ ਸਹਜੇ ਹਰਿਆ ਭਾਇ ਸੁਭਾਈ ॥੨॥ ਮਨਮੁਖ ਭੂਖੇ ਦਹ ਦਿਸ ਡੋਲਹਿ ਬਿਨੁ ਨਾਵੈ ਦੁਖੁ ਪਾਈ ॥ ਜਨਮਿ ਮਰੈ ਫਿਰਿ ਜੋਨੀ ਆਵੈ ਦਰਗਹਿ ਮਿਲੈ ਸਜਾਈ ॥੩॥ ਕ੍ਰਿਪਾ ਕਰਹਿ ਤਾ ਹਰਿ ਗੁਣ ਗਾਵਹ ਹਰਿ ਰਸੁ ਅੰਤਰਿ ਪਾਈ ॥ ਨਾਨਕ ਦੀਨ ਦਇਆਲ ਭਏ ਹੈ ਤ੍ਰਿਸਨਾ ਸਬਦਿ ਬੁਝਾਈ ॥੪॥੮॥ ਸੋਰਠਿ ਮਹਲਾ ੪ ਪੰਚਪਦਾ ॥ ਅਚਰੁ ਚਰੈ ਤਾ ਸਿਧਿ ਹੋਈ ਸਿਧੀ ਤੇ ਬੁਧਿ ਪਾਈ ॥ ਪ੍ਰੇਮ ਕੇ ਸਰ ਲਾਗੇ ਤਨ ਭੀਤਰਿ ਤਾ ਭ੍ਰਮੁ ਕਾਟਿਆ ਜਾਈ ॥੧॥ ਮੇਰੇ ਗੋਬਿਦ ਅਪੁਨੇ ਜਨ ਕਉ ਦੇਹਿ ਵਡਿਆਈ ॥ ਗੁਰਮਤਿ ਰਾਮ ਨਾਮੁ ਪਰਗਾਸਹੁ ਸਦਾ ਰਹਹੁ ਸਰਣਾਈ ॥ ਰਹਾਉ ॥ ਇਹੁ ਸੰਸਾਰੁ ਸਭੁ ਆਵਣ ਜਾਣਾ ਮਨ ਮੂਰਖ ਚੇਤਿ ਅਜਾਣਾ ॥ ਹਰਿ ਜੀਉ ਕ੍ਰਿਪਾ ਕਰਹੁ ਗੁਰੁ ਮੇਲਹੁ ਤਾ ਹਰਿ ਨਾਮਿ ਸਮਾਣਾ ॥੨॥ ਜਿਸ ਕੀ ਵਥੁ ਸੋਈ ਪ੍ਰਭੁ ਜਾਣੈ ਜਿਸ ਨੋ ਦੇਇ ਸੁ ਪਾਏ ॥ ਵਸਤੁ ਅਨੂਪ ਅਤਿ ਅਗਮ ਅਗੋਚਰ ਗੁਰੁ ਪੂਰਾ ਅਲਖੁ ਲਖਾਏ ॥੩॥ ਜਿਨਿ ਇਹ ਚਾਖੀ ਸੋਈ ਜਾਣੈ

ਗੂੰਗੇ ਕੀ ਮਿਠਿਆਈ ॥ ਰਤਨੁ ਲੁਕਾਇਆ ਲੂਕੈ ਨਾਹੀ ਜੇ ਕੋ ਰਖੈ ਲੁਕਾਈ ॥੪॥ ਸਭੁ ਕਿਛੁ ਤੇਰਾ ਤੂ ਅੰਤਰਜਾਮੀ ਤੂ ਸਭਨਾ ਕਾ ਪ੍ਰਭੁ ਸੋਈ ॥ ਜਿਸ ਨੋ ਦਾਤਿ ਕਰਹਿ ਸੋ ਪਾਏ ਜਨ ਨਾਨਕ ਅਵਰੁ ਨ ਕੋਈ ॥੫॥੯॥

ਸੋਰਠਿ ਮਹਲਾ ੫ ਘਰੁ ੧ ਤਿਤੁਕੇ ੴ ਸਤਿਗੁਰ ਪ੍ਰਸਾਦਿ ॥

ਕਿਸੁ ਹਉ ਜਾਚੀ ਕਿਸ ਆਰਾਧੀ ਜਾ ਸਭੁ ਕੋ ਕੀਤਾ ਹੋਸੀ ॥ ਜੋ ਜੋ ਦੀਸੈ ਵਡਾ ਵਡੇਰਾ ਸੋ ਸੋ ਖਾਕੂ ਰਲਸੀ ॥ ਨਿਰਭਉ ਨਿਰੰਕਾਰੁ ਭਵ ਖੰਡਨੁ ਸਭਿ ਸੁਖ ਨਵ ਨਿਧਿ ਦੇਸੀ ॥੧॥ ਹਰਿ ਜੀਉ ਤੇਰੀ ਦਾਤੀ ਰਾਜਾ ॥ ਮਾਣਸੁ ਬਪੁੜਾ ਕਿਆ ਸਾਲਾਹੀ ਕਿਆ ਤਿਸ ਕਾ ਮੁਹਤਾਜਾ ॥ ਰਹਾਉ ॥ ਜਿਨਿ ਹਰਿ ਧਿਆਇਆ ਸਭੁ ਕਿਛੁ ਤਿਸ ਕਾ ਤਿਸ ਕੀ ਭੂਖ ਗਵਾਈ ॥ ਐਸਾ ਧਨੁ ਦੀਆ ਸੁਖਦਾਤੈ ਨਿਖੁਟਿ ਨ ਕਬ ਹੀ ਜਾਈ ॥ ਅਨਦੁ ਭਇਆ ਸੁਖ ਸਹਜਿ ਸਮਾਣੇ ਸਤਿਗੁਰਿ ਮੇਲਿ ਮਿਲਾਈ ॥੨॥ ਮਨ ਨਾਮੁ ਜਪਿ ਨਾਮੁ ਆਰਾਧਿ ਅਨਦਿਨੁ ਨਾਮੁ ਵਖਾਣੀ ॥ ਉਪਦੇਸੁ ਸੁਣਿ ਸਾਧ ਸੰਤਨ ਕਾ ਸਭ ਚੂਕੀ ਕਾਣਿ ਜਮਾਣੀ ॥ ਜਿਨ ਕਉ ਕ੍ਰਿਪਾਲੁ ਹੋਆ ਪ੍ਰਭੁ ਮੇਰਾ ਸੇ ਲਾਗੇ ਗੁਰ ਕੀ ਬਾਣੀ ॥੩॥ ਕੀਮਤਿ ਕਉਣੁ ਕਰੈ ਪ੍ਰਭ ਤੇਰੀ ਤੂ ਸਰਬ ਜੀਆ ਦਇਆਲਾ ॥ ਸਭੁ ਕਿਛੁ ਕੀਤਾ ਤੇਰਾ ਵਰਤੈ ਕਿਆ ਹਮ ਬਾਲ ਗੁਪਾਲਾ ॥ ਰਾਖਿ ਲੇਹੁ ਨਾਨਕੁ ਜਨੁ ਤੁਮਰਾ ਜਿਉ ਪਿਤਾ ਪੂਤ ਕਿਰਪਾਲਾ ॥੪॥੧॥ ਸੋਰਠਿ ਮਹਲਾ ੫ ਘਰੁ ੧ ਚੌਤੁਕੇ ॥ ਗੁਰੁ ਗੋਵਿੰਦੁ ਸਲਾਹੀਐ ਭਾਈ ਮਨਿ ਤਨਿ ਹਿਰਦੈ ਧਾਰ ॥ ਸਾਚਾ ਸਾਹਿਬੁ ਮਨਿ ਵਸੈ ਭਾਈ ਏਹਾ ਕਰਣੀ ਸਾਰ ॥ ਜਿਤੁ ਤਨਿ ਨਾਮੁ ਨ ਊਪਜੈ ਭਾਈ ਸੇ ਤਨ ਹੋਏ ਛਾਰ ॥ ਸਾਧਸੰਗਤਿ ਕਉ ਵਾਰਿਆ ਭਾਈ ਜਿਨ ਏਕੰਕਾਰ ਅਧਾਰ ॥੧॥ ਸੋਈ ਸਚੁ ਅਰਾਧਣਾ ਭਾਈ ਜਿਸ ਤੇ ਸਭੁ ਕਿਛੁ ਹੋਇ ॥ ਗੁਰਿ ਪੂਰੈ ਜਾਣਾਇਆ ਭਾਈ ਤਿਸੁ ਬਿਨੁ ਅਵਰੁ ਨ ਕੋਇ ॥ ਰਹਾਉ ॥ ਨਾਮ ਵਿਹੂਣੇ ਪਚਿ ਮੁਏ ਭਾਈ ਗਣਤ ਨ ਜਾਇ ਗਣੀ ॥ ਵਿਣੁ ਸਚ ਸੋਚ ਨ ਪਾਈਐ ਭਾਈ ਸਾਚਾ ਅਗਮ ਧਣੀ ॥ ਆਵਣ ਜਾਣੁ ਨ ਚੁਕਈ ਭਾਈ ਝੂਠੀ ਦੁਨੀ ਮਣੀ ॥ ਗੁਰਮੁਖਿ ਕੋਟਿ ਉਧਾਰਦਾ ਭਾਈ ਦੇ ਨਾਵੈ ਏਕ ਕਣੀ ॥੨॥ ਸਿੰਮ੍ਰਿਤਿ ਸਾਸਤ ਸੋਧਿਆ ਭਾਈ ਵਿਣੁ ਸਤਿਗੁਰ ਭਰਮੁ ਨ ਜਾਇ ॥ ਅਨਿਕ ਕਰਮ ਕਰਿ ਥਾਕਿਆ ਭਾਈ ਫਿਰਿ ਫਿਰਿ ਬੰਧਨ ਪਾਇ ॥ ਚਾਰੇ ਕੁੰਡਾ ਸੋਧੀਆ ਭਾਈ ਵਿਣੁ ਸਤਿਗੁਰ

ਨਾਹੀ ਜਾਇ ॥ ਵਡਭਾਗੀ ਗੁਰੁ ਪਾਇਆ ਭਾਈ ਹਰਿ ਹਰਿ ਨਾਮੁ ਧਿਆਇ ॥੩॥ ਸਚੁ ਸਦਾ ਹੈ ਨਿਰਮਲਾ ਭਾਈ ਨਿਰਮਲ ਸਾਚੇ ਸੋਇ ॥ ਨਦਰਿ ਕਰੇ ਜਿਸੁ ਆਪਣੀ ਭਾਈ ਤਿਸੁ ਪਰਾਪਤਿ ਹੋਇ ॥ ਕੋਟਿ ਮਧੇ ਜਨੁ ਪਾਈਐ ਭਾਈ ਵਿਰਲਾ ਕੋਈ ਕੋਇ ॥ ਨਾਨਕ ਰਤਾ ਸਚਿ ਨਾਮਿ ਭਾਈ ਸੁਣਿ ਮਨੁ ਤਨੁ ਨਿਰਮਲੁ ਹੋਇ ॥੪॥੨॥ ਸੋਰਠਿ ਮਹਲਾ ੫ ਦੁਤੁਕੇ ॥ ਜਉ ਲਉ ਭਾਉ ਅਭਾਉ ਇਹੁ ਮਾਨੈ ਤਉ ਲਉ ਮਿਲਣੁ ਦੂਰਾਈ ॥ ਆਨ ਆਪਨਾ ਕਰਤ ਬੀਚਾਰਾ ਤਉ ਲਉ ਬੀਚੁ ਬਿਖਾਈ ॥੧॥ ਮਾਧਵੇ ਐਸੀ ਦੇਹੁ ਬੁਝਾਈ ॥ ਸੇਵਉ ਸਾਧ ਗਹਉ ਓਟ ਚਰਨਾ ਨਹ ਬਿਸਰੈ ਮੁਹਤੁ ਚਸਾਈ ॥ ਰਹਾਉ ॥ ਰੇ ਮਨ ਮੁਗਧ ਅਚੇਤ ਚੰਚਲ ਚਿਤ ਤੁਮ ਐਸੀ ਰਿਦੈ ਨ ਆਈ ॥ ਪ੍ਰਾਨਪਤਿ ਤਿਆਗਿ ਆਨ ਤੂ ਰਚਿਆ ਉਰਝਿਓ ਸੰਗਿ ਬੈਰਾਈ ॥੨॥ ਸੋਗੁ ਨ ਬਿਆਪੈ ਆਪੁ ਨ ਥਾਪੈ ਸਾਧਸੰਗਤਿ ਬੁਧਿ ਪਾਈ ॥ ਸਾਕਤ ਕਾ ਬਕਨਾ ਇਉ ਜਾਨਉ ਜੈਸੇ ਪਵਨੁ ਝੁਲਾਈ ॥੩॥ ਕੋਟਿ ਪਰਾਧ ਅਛਾਦਿਓ ਇਹੁ ਮਨੁ ਕਹਣਾ ਕਛੂ ਨ ਜਾਈ ॥ ਜਨ ਨਾਨਕ ਦੀਨ ਸਰਨਿ ਆਇਓ ਪ੍ਰਭ ਸਭੁ ਲੇਖਾ ਰਖਹੁ ਉਠਾਈ ॥੪॥੩॥ ਸੋਰਠਿ ਮਹਲਾ ੫ ॥ ਪੁਤ੍ਰ ਕਲਤ੍ਰ ਲੋਕ ਗ੍ਰਿਹ ਬਨਿਤਾ ਮਾਇਆ ਸਨਬੰਧੇਹੀ ॥ ਅੰਤ ਕੀ ਬਾਰ ਕੋ ਖਰਾ ਨ ਹੋਸੀ ਸਭ ਮਿਥਿਆ ਅਸਨੇਹੀ ॥੧॥ ਰੇ ਨਰ ਕਾਹੇ ਪਪੋਰਹੁ ਦੇਹੀ ॥ ਊਡਿ ਜਾਇਗੋ ਧੂਮੁ ਬਾਦਰੋ ਇਕੁ ਭਾਜਹੁ ਰਾਮੁ ਸਨੇਹੀ ॥ ਰਹਾਉ ॥ ਤੀਨਿ ਸੰਙਿਆ ਕਰਿ ਦੇਹੀ ਕੀਨੀ ਜਲ ਕੂਕਰ ਭਸਮੇਹੀ ॥ ਹੋਇ ਆਮਰੋ ਗ੍ਰਿਹ ਮਹਿ ਬੈਠਾ ਕਰਣ ਕਾਰਣ ਬਿਸਰੋਹੀ ॥੨॥ ਅਨਿਕ ਭਾਤਿ ਕਰਿ ਮਣੀਏ ਸਾਜੇ ਕਾਚੈ ਤਾਗਿ ਪਰੋਹੀ ॥ ਤੂਟਿ ਜਾਇਗੋ ਸੂਤੁ ਬਾਪੁਰੇ ਫਿਰਿ ਪਾਛੈ ਪਛੁਤੋਹੀ ॥੩॥ ਜਿਨਿ ਤੁਮ ਸਿਰਜੇ ਸਿਰਜਿ ਸਵਾਰੇ ਤਿਸੁ ਧਿਆਵਹੁ ਦਿਨੁ ਰੈਨੇਹੀ ॥ ਜਨ ਨਾਨਕ ਪ੍ਰਭ ਕਿਰਪਾ ਧਾਰੀ ਮੈ ਸਤਿਗੁਰ ਓਟ ਗਹੇਹੀ ॥੪॥੪॥ ਸੋਰਠਿ ਮਹਲਾ ੫ ॥ ਗੁਰੁ ਪੂਰਾ ਭੇਟਿਓ ਵਡਭਾਗੀ ਮਨਹਿ ਭਇਆ ਪਰਗਾਸਾ ॥ ਕੋਇ ਨ ਪਹੁਚਨਹਾਰਾ ਦੂਜਾ ਅਪੁਨੇ ਸਾਹਿਬ ਕਾ ਭਰਵਾਸਾ ॥੧॥ ਅਪੁਨੇ ਸਤਿਗੁਰ ਕੈ ਬਲਿਹਾਰੈ ॥ ਆਗੈ ਸੁਖੁ ਪਾਛੈ ਸੁਖ ਸਹਜਾ ਘਰਿ ਆਨੰਦੁ ਹਮਾਰੈ ॥ ਰਹਾਉ ॥ ਅੰਤਰਜਾਮੀ ਕਰਣੈਹਾਰਾ ਸੋਈ ਖਸਮੁ ਹਮਾਰਾ ॥ ਨਿਰਭਉ ਭਏ ਗੁਰ ਚਰਣੀ ਲਾਗੇ ਇਕ ਰਾਮ ਨਾਮ ਆਧਾਰਾ ॥੨॥ ਸਫਲ ਦਰਸਨੁ ਅਕਾਲ ਮੂਰਤਿ ਪ੍ਰਭੁ ਹੈ ਭੀ ਹੋਵਨਹਾਰਾ ॥ ਕੰਠਿ ਲਗਾਇ ਅਪੁਨੇ ਜਨ ਰਾਖੇ ਅਪੁਨੀ ਪ੍ਰੀਤਿ ਪਿਆਰਾ ॥੩॥ ਵਡੀ ਵਡਿਆਈ ਅਚਰਜ ਸੋਭਾ ਕਾਰਜੁ ਆਇਆ

ਰਾਸੇ ॥ ਨਾਨਕ ਕਉ ਗੁਰੁ ਪੂਰਾ ਭੇਟਿਓ ਸਗਲੇ ਦੂਖ ਬਿਨਾਸੇ ॥੪॥੫॥ ਸੋਰਠਿ ਮਹਲਾ ੫ ॥ ਸੁਖੀਏ ਕਉ ਪੇਖੈ ਸਭ ਸੁਖੀਆ ਰੋਗੀ ਕੈ ਭਾਣੈ ਸਭ ਰੋਗੀ ॥ ਕਰਣ ਕਰਾਵਨਹਾਰ ਸੁਆਮੀ ਆਪਨ ਹਾਥਿ ਸੰਜੋਗੀ ॥੧॥ ਮਨ ਮੇਰੇ ਜਿਨਿ ਅਪੁਨਾ ਭਰਮੁ ਗਵਾਤਾ ॥ ਤਿਸ ਕੈ ਭਾਣੈ ਕੋਇ ਨ ਭੂਲਾ ਜਿਨਿ ਸਗਲੋ ਬ੍ਰਹਮੁ ਪਛਾਤਾ ॥ ਰਹਾਉ ॥ ਸੰਤ ਸੰਗਿ ਜਾ ਕਾ ਮਨੁ ਸੀਤਲੁ ਓਹੁ ਜਾਣੈ ਸਗਲੀ ਠਾਂਢੀ ॥ ਹਉਮੈ ਰੋਗਿ ਜਾ ਕਾ ਮਨੁ ਬਿਆਪਿਤ ਓਹੁ ਜਨਮਿ ਮਰੈ ਬਿਲਲਾਤੀ ॥੨॥ ਗਿਆਨ ਅੰਜਨੁ ਜਾ ਕੀ ਨੇਤ੍ਰੀ ਪੜਿਆ ਤਾ ਕਉ ਸਰਬ ਪ੍ਰਗਾਸਾ ॥ ਅਗਿਆਨਿ ਅੰਧੇਰੈ ਸੂਝਸਿ ਨਾਹੀ ਬਹੁੜਿ ਬਹੁੜਿ ਭਰਮਾਤਾ ॥੩॥ ਸੁਣਿ ਬੇਨੰਤੀ ਸੁਆਮੀ ਅਪੁਨੇ ਨਾਨਕੁ ਇਹੁ ਸੁਖੁ ਮਾਗੈ ॥ ਜਹ ਕੀਰਤਨੁ ਤੇਰਾ ਸਾਧੂ ਗਾਵਹਿ ਤਹ ਮੇਰਾ ਮਨੁ ਲਾਗੈ ॥੪॥੬॥ ਸੋਰਠਿ ਮਹਲਾ ੫ ॥ ਤਨੁ ਸੰਤਨ ਕਾ ਧਨੁ ਸੰਤਨ ਕਾ ਮਨੁ ਸੰਤਨ ਕਾ ਕੀਆ ॥ ਸੰਤ ਪ੍ਰਸਾਦਿ ਹਰਿ ਨਾਮੁ ਧਿਆਇਆ ਸਰਬ ਕੁਸਲ ਤਬ ਥੀਆ ॥੧॥ ਸੰਤਨ ਬਿਨੁ ਅਵਰੁ ਨ ਦਾਤਾ ਬੀਆ ॥ ਜੋ ਜੋ ਸਰਣਿ ਪਰੈ ਸਾਧੂ ਕੀ ਸੋ ਪਾਰਗਰਾਮੀ ਕੀਆ ॥ ਰਹਾਉ ॥ ਕੋਟਿ ਪਰਾਧ ਮਿਟਹਿ ਜਨ ਸੇਵਾ ਹਰਿ ਕੀਰਤਨੁ ਰਸਿ ਗਾਈਐ ॥ ਈਹਾ ਸੁਖੁ ਆਗੈ ਮੁਖ ਊਜਲ ਜਨ ਕਾ ਸੰਗੁ ਵਡਭਾਗੀ ਪਾਈਐ ॥੨॥ ਰਸਨਾ ਏਕ ਅਨੇਕ ਗੁਣ ਪੂਰਨ ਜਨ ਕੀ ਕੇਤਕ ਉਪਮਾ ਕਹੀਐ ॥ ਅਗਮ ਅਗੋਚਰ ਸਦ ਅਬਿਨਾਸੀ ਸਰਣਿ ਸੰਤਨ ਕੀ ਲਹੀਐ ॥੩॥ ਨਿਰਗੁਨ ਨੀਚ ਅਨਾਥ ਅਪਰਾਧੀ ਓਟ ਸੰਤਨ ਕੀ ਆਹੀ ॥ ਬੂਡਤ ਮੋਹ ਗ੍ਰਿਹ ਅੰਧ ਕੂਪ ਮਹਿ ਨਾਨਕ ਲੇਹੁ ਨਿਬਾਹੀ ॥੪॥੭॥ ਸੋਰਠਿ ਮਹਲਾ ੫ ਘਰੁ ੧॥ ਜਾ ਕੈ ਹਿਰਦੈ ਵਸਿਆ ਤੂ ਕਰਤੇ ਤਾ ਕੀ ਤੈਂ ਆਸ ਪੁਜਾਈ ॥ ਦਾਸ ਅਪੁਨੇ ਕਉ ਤੂ ਵਿਸਰਹਿ ਨਾਹੀ ਚਰਣ ਧੂਰਿ ਮਨਿ ਭਾਈ ॥੧॥ ਤੇਰੀ ਅਕਥ ਕਥਾ ਕਥਨੁ ਨ ਜਾਈ ॥ ਗੁਣ ਨਿਧਾਨ ਸੁਖਦਾਤੇ ਸੁਆਮੀ ਸਭ ਤੇ ਊਚ ਬਡਾਈ ॥ ਰਹਾਉ ॥ ਸੋ ਸੋ ਕਰਮ ਕਰਤ ਹੈ ਪ੍ਰਾਣੀ ਜੈਸੀ ਤੁਮ ਲਿਖਿ ਪਾਈ ॥ ਸੇਵਕ ਕਉ ਤੁਮ ਸੇਵਾ ਦੀਨੀ ਦਰਸਨੁ ਦੇਖਿ ਅਘਾਈ ॥੨॥ ਸਰਬ ਨਿਰੰਤਰਿ ਤੁਮਹਿ ਸਮਾਨੇ ਜਾ ਕਉ ਤੁਧੁ ਆਪਿ ਬੁਝਾਈ ॥ ਗੁਰ ਪਰਸਾਦਿ ਮਿਟਿਓ ਅਗਿਆਨਾ ਪ੍ਰਗਟ ਭਏ ਸਭ ਠਾਈ ॥੩॥ ਸੋਈ ਗਿਆਨੀ ਸੋਈ ਧਿਆਨੀ ਸੋਈ ਪੁਰਖੁ ਸੁਭਾਈ ॥ ਕਹੁ ਨਾਨਕ ਜਿਸੁ ਭਏ ਦਇਆਲਾ ਤਾ ਕਉ ਮਨ ਤੇ ਬਿਸਰਿ ਨ ਜਾਈ ॥੪॥੮॥ ਸੋਰਠਿ ਮਹਲਾ ੫ ॥ ਸਗਲ ਸਮਗ੍ਰੀ ਮੋਹਿ ਵਿਆਪੀ ਕਬ ਊਚੇ ਕਬ ਨੀਚੇ ॥ ਸੁਧੁ ਨ ਹੋਈਐ ਕਾਹੂ

ਜਤਨਾ ਓੜਕਿ ਕੋ ਨ ਪਹੂਚੇ ॥੧॥ ਮੇਰੇ ਮਨ ਸਾਧ ਸਰਣਿ ਛੁਟਕਾਰਾ ॥ ਬਿਨੁ ਗੁਰ ਪੂਰੇ ਜਨਮ ਮਰਣੁ ਨ ਰਹਈ ਫਿਰਿ ਆਵਤ ਬਾਰੋ ਬਾਰਾ ॥ ਰਹਾਉ ॥ ਓਹੁ ਜੁ ਭਰਮੁ ਭੁਲਾਵਾ ਕਹੀਅਤ ਤਿਨ ਮਹਿ ਉਰਝਿਓ ਸਗਲ ਸੰਸਾਰਾ ॥ ਪੂਰਨ ਭਗਤੁ ਪੁਰਖ ਸੁਆਮੀ ਕਾ ਸਰਬ ਥੋਕ ਤੇ ਨਿਆਰਾ ॥੨॥ ਨਿੰਦਉ ਨਾਹੀ ਕਾਹੂ ਬਾਤੈ ਏਹੁ ਖਸਮ ਕਾ ਕੀਆ ॥ ਜਾ ਕਉ ਕ੍ਰਿਪਾ ਕਰੀ ਪ੍ਰਭਿ ਮੇਰੈ ਮਿਲਿ ਸਾਧਸੰਗਤਿ ਨਾਉ ਲੀਆ ॥੩॥ ਪਾਰਬ੍ਰਹਮ ਪਰਮੇਸੁਰ ਸਤਿਗੁਰ ਸਭਨਾ ਕਰਤ ਉਧਾਰਾ ॥ ਕਹੁ ਨਾਨਕ ਗੁਰ ਬਿਨੁ ਨਹੀ ਤਰੀਐ ਇਹੁ ਪੂਰਨ ਤਤੁ ਬੀਚਾਰਾ ॥੪॥੯॥ ਸੋਰਠਿ ਮਹਲਾ ੫ ॥ ਖੋਜਤ ਖੋਜਤ ਖੋਜਿ ਬੀਚਾਰਿਓ ਰਾਮ ਨਾਮੁ ਤਤੁ ਸਾਰਾ ॥ ਕਿਲਬਿਖ ਕਾਟੇ ਨਿਮਖ ਅਰਾਧਿਆ ਗੁਰਮੁਖਿ ਪਾਰਿ ਉਤਾਰਾ ॥੧॥ ਹਰਿ ਰਸੁ ਪੀਵਹੁ ਪੁਰਖ ਗਿਆਨੀ ॥ ਸੁਣਿ ਸੁਣਿ ਮਹਾ ਤ੍ਰਿਪਤਿ ਮਨੁ ਪਾਵੈ ਸਾਧੂ ਅੰਮ੍ਰਿਤ ਬਾਨੀ ॥ ਰਹਾਉ ॥ ਮੁਕਤਿ ਭੁਗਤਿ ਜੁਗਤਿ ਸਚੁ ਪਾਈਐ ਸਰਬ ਸੁਖਾ ਕਾ ਦਾਤਾ ॥ ਅਪੁਨੇ ਦਾਸ ਕਉ ਭਗਤਿ ਦਾਨੁ ਦੇਵੈ ਪੂਰਨ ਪੁਰਖੁ ਬਿਧਾਤਾ ॥੨॥ ਸ੍ਰਵਣੀ ਸੁਣੀਐ ਰਸਨਾ ਗਾਈਐ ਹਿਰਦੈ ਧਿਆਈਐ ਸੋਈ ॥ ਕਰਣ ਕਾਰਣ ਸਮਰਥ ਸੁਆਮੀ ਜਾ ਤੇ ਬ੍ਰਿਥਾ ਨ ਕੋਈ ॥੩॥ ਵਡੈ ਭਾਗਿ ਰਤਨ ਜਨਮੁ ਪਾਇਆ ਕਰਹੁ ਕ੍ਰਿਪਾ ਕਿਰਪਾਲਾ ॥ ਸਾਧਸੰਗਿ ਨਾਨਕੁ ਗੁਣ ਗਾਵੈ ਸਿਮਰੈ ਸਦਾ ਗੁੋਪਾਲਾ ॥੪॥੧੦॥ ਸੋਰਠਿ ਮਹਲਾ ੫ ॥ ਕਰਿ ਇਸਨਾਨੁ ਸਿਮਰਿ ਪ੍ਰਭੁ ਅਪਨਾ ਮਨ ਤਨ ਭਏ ਅਰੋਗਾ ॥ ਕੋਟਿ ਬਿਘਨ ਲਾਥੇ ਪ੍ਰਭ ਸਰਣਾ ਪ੍ਰਗਟੇ ਭਲੇ ਸੰਜੋਗਾ ॥੧॥ ਪ੍ਰਭ ਬਾਣੀ ਸਬਦੁ ਸੁਭਾਖਿਆ ॥ ਗਾਵਹੁ ਸੁਣਹੁ ਪੜਹੁ ਨਿਤ ਭਾਈ ਗੁਰ ਪੂਰੈ ਤੂ ਰਾਖਿਆ ॥ ਰਹਾਉ ॥ ਸਾਚਾ ਸਾਹਿਬੁ ਅਮਿਤਿ ਵਡਾਈ ਭਗਤਿ ਵਛਲ ਦਇਆਲਾ ॥ ਸੰਤਾ ਕੀ ਪੈਜ ਰਖਦਾ ਆਇਆ ਆਦਿ ਬਿਰਦੁ ਪ੍ਰਤਿਪਾਲਾ ॥੨॥ ਹਰਿ ਅੰਮ੍ਰਿਤ ਨਾਮੁ ਭੋਜਨੁ ਨਿਤ ਭੁੰਚਹੁ ਸਰਬ ਵੇਲਾ ਮੁਖਿ ਪਾਵਹੁ ॥ ਜਰਾ ਮਰਾ ਤਾਪੁ ਸਭੁ ਨਾਠਾ ਗੁਣ ਗੋਬਿੰਦ ਨਿਤ ਗਾਵਹੁ ॥੩॥ ਸੁਣੀ ਅਰਦਾਸਿ ਸੁਆਮੀ ਮੇਰੈ ਸਰਬ ਕਲਾ ਬਣਿ ਆਈ ॥ ਪ੍ਰਗਟ ਭਈ ਸਗਲੇ ਜੁਗ ਅੰਤਰਿ ਗੁਰ ਨਾਨਕ ਕੀ ਵਡਿਆਈ ॥੪॥੧੧॥

ਸੋਰਠਿ ਮਹਲਾ ੫ ਘਰੁ ੨ ਚਉਪਦੇ ੴ ਸਤਿਗੁਰ ਪ੍ਰਸਾਦਿ ॥

ਏਕੁ ਪਿਤਾ ਏਕਸ ਕੇ ਹਮ ਬਾਰਿਕ ਤੂ ਮੇਰਾ ਗੁਰ ਹਾਈ ॥ ਸੁਣਿ ਮੀਤਾ ਜੀਉ ਹਮਾਰਾ ਬਲਿ ਬਲਿ ਜਾਸੀ ਹਰਿ

ਦਰਸਨੁ ਦੇਹੁ ਦਿਖਾਈ ॥੧॥ ਸੁਣਿ ਮੀਤਾ ਧੂਰੀ ਕਉ ਬਲਿ ਜਾਈ ॥ ਇਹੁ ਮਨੁ ਤੇਰਾ ਭਾਈ ॥ ਰਹਾਉ ॥ ਪਾਵ ਮਲੋਵਾ ਮਲਿ ਮਲਿ ਧੋਵਾ ਇਹੁ ਮਨੁ ਤੈ ਕੂ ਦੇਸਾ ॥ ਸੁਣਿ ਮੀਤਾ ਹਉ ਤੇਰੀ ਸਰਣਾਈ ਆਇਆ ਪ੍ਰਭ ਮਿਲਉ ਦੇਹੁ ਉਪਦੇਸਾ ॥੨॥ ਮਾਨੁ ਨ ਕੀਜੈ ਸਰਣਿ ਪਰੀਜੈ ਕਰੈ ਸੁ ਭਲਾ ਮਨਾਈਐ ॥ ਸੁਣਿ ਮੀਤਾ ਜੀਉ ਪਿੰਡੁ ਸਭੁ ਤਨੁ ਅਰਪੀਜੈ ਇਉ ਦਰਸਨੁ ਹਰਿ ਜੀਉ ਪਾਈਐ ॥੩॥ ਭਇਓ ਅਨੁਗ੍ਰਹੁ ਪ੍ਰਸਾਦਿ ਸੰਤਨ ਕੈ ਹਰਿ ਨਾਮਾ ਹੈ ਮੀਠਾ ॥ ਜਨ ਨਾਨਕ ਕਉ ਗੁਰਿ ਕਿਰਪਾ ਧਾਰੀ ਸਭੁ ਅਕੁਲ ਨਿਰੰਜਨੁ ਡੀਠਾ ॥੪॥੧॥੧੨॥ ਸੋਰਠਿ ਮਹਲਾ ੫ ॥ ਕੋਟਿ ਬ੍ਰਹਮੰਡ ਕੋ ਠਾਕੁਰੁ ਸੁਆਮੀ ਸਰਬ ਜੀਆ ਕਾ ਦਾਤਾ ਰੇ ॥ ਪ੍ਰਤਿਪਾਲੈ ਨਿਤ ਸਾਰਿ ਸਮਾਲੈ ਇਕੁ ਗੁਨੁ ਨਹੀ ਮੂਰਖਿ ਜਾਤਾ ਰੇ ॥੧॥ ਹਰਿ ਆਰਾਧਿ ਨ ਜਾਨਾ ਰੇ ॥ ਹਰਿ ਹਰਿ ਗੁਰੁ ਗੁਰੁ ਕਰਤਾ ਰੇ ॥ ਹਰਿ ਜੀਉ ਨਾਮੁ ਪਰਿਓ ਰਾਮਦਾਸੁ ॥ ਰਹਾਉ ॥ ਦੀਨ ਦਇਆਲ ਕ੍ਰਿਪਾਲ ਸੁਖ ਸਾਗਰ ਸਰਬ ਘਟਾ ਭਰਪੂਰੀ ਰੇ ॥ ਪੇਖਤ ਸੁਨਤ ਸਦਾ ਹੈ ਸੰਗੇ ਮੈ ਮੂਰਖ ਜਾਨਿਆ ਦੂਰੀ ਰੇ ॥੨॥ ਹਰਿ ਬਿਅੰਤੁ ਹਉ ਮਿਤਿ ਕਰਿ ਵਰਨਉ ਕਿਆ ਜਾਨਾ ਹੋਇ ਕੈਸੋ ਰੇ ॥ ਕਰਉ ਬੇਨਤੀ ਸਤਿਗੁਰ ਅਪੁਨੇ ਮੈ ਮੂਰਖ ਦੇਹੁ ਉਪਦੇਸੋ ਰੇ ॥੩॥ ਮੈ ਮੂਰਖ ਕੀ ਕੇਤਕ ਬਾਤ ਹੈ ਕੋਟਿ ਪਰਾਧੀ ਤਰਿਆ ਰੇ ॥ ਗੁਰੁ ਨਾਨਕੁ ਜਿਨ ਸੁਣਿਆ ਪੇਖਿਆ ਸੇ ਫਿਰਿ ਗਰਭਾਸਿ ਨ ਪਰਿਆ ਰੇ ॥੪॥੨॥੧੩॥ ਸੋਰਠਿ ਮਹਲਾ ੫ ॥ ਜਿਨਾ ਬਾਤ ਕੋ ਬਹੁਤੁ ਅੰਦੇਸਰੋ ਤੇ ਮਿਟੇ ਸਭਿ ਗਇਆ ॥ ਸਹਜ ਸੈਨ ਅਰੁ ਸੁਖਮਨ ਨਾਰੀ ਊਧ ਕਮਲ ਬਿਗਸਇਆ ॥ ੧॥ ਦੇਖਹੁ ਅਚਰਜੁ ਭਇਆ ॥ ਜਿਹ ਠਾਕੁਰ ਕਉ ਸੁਨਤ ਅਗਾਧਿ ਬੋਧਿ ਸੋ ਰਿਦੈ ਗੁਰਿ ਦਇਆ ॥ ਰਹਾਉ ॥ ਜੋਇ ਦੂਤ ਮੋਹਿ ਬਹੁਤੁ ਸੰਤਾਵਤ ਤੇ ਭਇਆਨਕ ਭਇਆ ॥ ਕਰਹਿ ਬੇਨਤੀ ਰਾਖੁ ਠਾਕੁਰ ਤੇ ਹਮ ਤੇਰੀ ਸਰਨਇਆ ॥੨॥ ਜਹ ਭੰਡਾਰੁ ਗੋਬਿੰਦ ਕਾ ਖੁਲਿਆ ਜਿਹ ਪ੍ਰਾਪਤਿ ਤਿਹ ਲਇਆ ॥ ਏਕੁ ਰਤਨੁ ਮੋ ਕਉ ਗੁਰਿ ਦੀਨਾ ਮੇਰਾ ਮਨੁ ਤਨੁ ਸੀਤਲੁ ਥਿਆ ॥੩॥ ਏਕ ਬੂੰਦ ਗੁਰਿ ਅੰਮ੍ਰਿਤੁ ਦੀਨੋ ਤਾ ਅਟਲੁ ਅਮਰੁ ਨ ਮੁਆ ॥ ਭਗਤਿ ਭੰਡਾਰ ਗੁਰਿ ਨਾਨਕ ਕਉ ਸਉਪੇ ਫਿਰਿ ਲੇਖਾ ਮੂਲਿ ਨ ਲਇਆ ॥੪॥੩॥੧੪॥ ਸੋਰਠਿ ਮਹਲਾ ੫ ॥ ਚਰਨ ਕਮਲ ਸਿਉ ਜਾ ਕਾ ਮਨੁ ਲੀਨਾ ਸੇ ਜਨ ਤ੍ਰਿਪਤਿ ਅਘਾਈ ॥ ਗੁਣ ਅਮੋਲ ਜਿਸੁ ਰਿਦੈ ਨ ਵਸਿਆ ਤੇ ਨਰ ਤ੍ਰਿਸਨ ਤ੍ਰਿਖਾਈ ॥੧॥ ਹਰਿ ਆਰਾਧੇ ਅਰੋਗ ਅਨਦਾਈ ॥ ਜਿਸ ਨੋ ਵਿਸਰੈ ਮੇਰਾ ਰਾਮ ਸਨੇਹੀ ਤਿਸੁ ਲਾਖ ਬੇਦਨ ਜਣੁ ਆਈ ॥

ਰਹਾਉ ॥ ਜਿਹ ਜਨ ਓਟ ਗਹੀ ਪ੍ਰਭ ਤੇਰੀ ਸੇ ਸੁਖੀਏ ਪ੍ਰਭ ਸਰਣੇ ॥ ਜਿਹ ਨਰ ਬਿਸਰਿਆ ਪੁਰਖੁ ਬਿਧਾਤਾ ਤੇ ਦੁਖੀਆ ਮਹਿ ਗਨਣੇ ॥੨॥ ਜਿਹ ਗੁਰ ਮਾਨਿ ਪ੍ਰਭੂ ਲਿਵ ਲਾਈ ਤਿਹ ਮਹਾ ਅਨੰਦ ਰਸੁ ਕਰਿਆ ॥ ਜਿਹ ਪ੍ਰਭੂ ਬਿਸਾਰਿ ਗੁਰ ਤੇ ਬੇਮੁਖਾਈ ਤੇ ਨਰਕ ਘੋਰ ਮਹਿ ਪਰਿਆ ॥੩॥ ਜਿਤੁ ਕੋ ਲਾਇਆ ਤਿਤ ਹੀ ਲਾਗਾ ਤੈਸੋ ਹੀ ਵਰਤਾਰਾ ॥ ਨਾਨਕ ਸਹ ਪਕਰੀ ਸੰਤਨ ਕੀ ਰਿਦੈ ਭਏ ਮਗਨ ਚਰਨਾਰਾ ॥੪॥੪॥੧੫॥ ਸੋਰਠਿ ਮਹਲਾ ੫ ॥ ਰਾਜਨ ਮਹਿ ਰਾਜਾ ਉਰਝਾਇਓ ਮਾਨਨ ਮਹਿ ਅਭਿਮਾਨੀ ॥ ਲੋਭਨ ਮਹਿ ਲੋਭੀ ਲੋਭਾਇਓ ਤਿਉ ਹਰਿ ਰੰਗਿ ਰਚੇ ਗਿਆਨੀ ॥੧॥ ਹਰਿ ਜਨ ਕਉ ਇਹੀ ਸੁਹਾਵੈ ॥ ਪੇਖਿ ਨਿਕਟਿ ਕਰਿ ਸੇਵਾ ਸਤਿਗੁਰ ਹਰਿ ਕੀਰਤਨਿ ਹੀ ਤ੍ਰਿਪਤਾਵੈ ॥ ਰਹਾਉ ॥ ਅਮਲਨ ਸਿਉ ਅਮਲੀ ਲਪਟਾਇਓ ਭੂਮਨ ਭੂਮਿ ਪਿਆਰੀ ॥ ਖੀਰ ਸੰਗਿ ਬਾਰਿਕੁ ਹੈ ਲੀਨਾ ਪ੍ਰਭ ਸੰਤ ਐਸੇ ਹਿਤਕਾਰੀ ॥੨॥ ਬਿਦਿਆ ਮਹਿ ਬਿਦੁਅੰਸੀ ਰਚਿਆ ਨੈਨ ਦੇਖਿ ਸੁਖੁ ਪਾਵਹਿ ॥ ਜੈਸੇ ਰਸਨਾ ਸਾਦਿ ਲੁਭਾਨੀ ਤਿਉ ਹਰਿ ਜਨ ਹਰਿ ਗੁਣ ਗਾਵਹਿ ॥੩॥ ਜੈਸੀ ਭੂਖ ਤੈਸੀ ਕਾ ਪੂਰਕੁ ਸਗਲ ਘਟਾ ਕਾ ਸੁਆਮੀ ॥ ਨਾਨਕ ਪਿਆਸ ਲਗੀ ਦਰਸਨ ਕੀ ਪ੍ਰਭੁ ਮਿਲਿਆ ਅੰਤਰਜਾਮੀ ॥੪॥੫॥੧੬॥ ਸੋਰਠਿ ਮਹਲਾ ੫ ॥ ਹਮ ਮੈਲੇ ਤੁਮ ਊਜਲ ਕਰਤੇ ਹਮ ਨਿਰਗੁਨ ਤੂ ਦਾਤਾ ॥ ਹਮ ਮੂਰਖ ਤੁਮ ਚਤੁਰ ਸਿਆਣੇ ਤੂ ਸਰਬ ਕਲਾ ਕਾ ਗਿਆਤਾ ॥੧॥ ਮਾਧੋ ਹਮ ਐਸੇ ਤੂ ਐਸਾ ॥ ਹਮ ਪਾਪੀ ਤੁਮ ਪਾਪ ਖੰਡਨ ਨੀਕੋ ਠਾਕੁਰ ਦੇਸਾ ॥ ਰਹਾਉ ॥ ਤੁਮ ਸਭ ਸਾਜੇ ਸਾਜਿ ਨਿਵਾਜੇ ਜੀਉ ਪਿੰਡੁ ਦੇ ਪ੍ਰਾਨਾ ॥ ਨਿਰਗੁਨੀਆਰੇ ਗੁਨੁ ਨਹੀ ਕੋਈ ਤੁਮ ਦਾਨੁ ਦੇਹੁ ਮਿਹਰਵਾਨਾ ॥੨॥ ਤੁਮ ਕਰਹੁ ਭਲਾ ਹਮ ਭਲੋ ਨ ਜਾਨਹ ਤੁਮ ਸਦਾ ਸਦਾ ਦਇਆਲਾ ॥ ਤੁਮ ਸੁਖਦਾਈ ਪੁਰਖ ਬਿਧਾਤੇ ਤੁਮ ਰਾਖਹੁ ਅਪੁਨੇ ਬਾਲਾ ॥੩॥ ਤੁਮ ਨਿਧਾਨ ਅਟਲ ਸੁਲਿਤਾਨ ਜੀਅ ਜੰਤ ਸਭਿ ਜਾਚੈ ॥ ਕਹੁ ਨਾਨਕ ਹਮ ਇਹੈ ਹਵਾਲਾ ਰਾਖੁ ਸੰਤਨ ਕੈ ਪਾਛੈ ॥੪॥੬॥੧੭॥ ਸੋਰਠਿ ਮਹਲਾ ੫ ਘਰੁ ੨॥ ਮਾਤ ਗਰਭ ਮਹਿ ਆਪਨ ਸਿਮਰਨੁ ਦੇ ਤਹ ਤੁਮ ਰਾਖਨਹਾਰੇ ॥ ਪਾਵਕ ਸਾਗਰ ਅਥਾਹ ਲਹਰਿ ਮਹਿ ਤਾਰਹੁ ਤਾਰਨਹਾਰੇ ॥੧॥ ਮਾਧੌ ਤੂ ਠਾਕੁਰੁ ਸਿਰਿ ਮੋਰਾ ॥ ਈਹਾ ਊਹਾ ਤੁਹਾਰੋ ਧੋਰਾ ॥ ਰਹਾਉ ॥ ਕੀਤੇ ਕਉ ਮੇਰੈ ਸੰਮਾਨੈ ਕਰਣਹਾਰੁ ਤ੍ਰਿਣੁ ਜਾਨੈ ॥ ਤੂ ਦਾਤਾ ਮਾਗਨ ਕਉ ਸਗਲੀ ਦਾਨੁ ਦੇਹਿ ਪ੍ਰਭ ਭਾਨੈ ॥੨॥ ਖਿਨ ਮਹਿ ਅਵਰੁ ਖਿਨੈ ਮਹਿ ਅਵਰਾ ਅਚਰਜ ਚਲਤ ਤੁਮਾਰੇ ॥ ਰੂੜੋ

ਗੂੜੋ ਗਹਿਰ ਗੰਭੀਰੋ ਊਚੌ ਅਗਮ ਅਪਾਰੇ ॥੩॥ ਸਾਧਸੰਗਿ ਜਉ ਤੁਮਹਿ ਮਿਲਾਇਓ ਤਉ ਸੁਨੀ ਤੁਮਾਰੀ ਬਾਣੀ ॥ ਅਨਦੁ ਭਇਆ ਪੇਖਤ ਹੀ ਨਾਨਕ ਪ੍ਰਤਾਪ ਪੁਰਖ ਨਿਰਬਾਣੀ ॥੪॥੭॥੧੮॥ ਸੋਰਠਿ ਮਹਲਾ ੫ ॥ ਹਮ ਸੰਤਨ ਕੀ ਰੇਨੁ ਪਿਆਰੇ ਹਮ ਸੰਤਨ ਕੀ ਸਰਣਾ ॥ ਸੰਤ ਹਮਾਰੀ ਓਟ ਸਤਾਣੀ ਸੰਤ ਹਮਾਰਾ ਗਹਣਾ ॥੧॥ ਹਮ ਸੰਤਨ ਸਿਉ ਬਣਿ ਆਈ ॥ ਪੂਰਬਿ ਲਿਖਿਆ ਪਾਈ ॥ ਇਹੁ ਮਨੁ ਤੇਰਾ ਭਾਈ ॥ ਰਹਾਉ ॥ ਸੰਤਨ ਸਿਉ ਮੇਰੀ ਲੇਵਾ ਦੇਵੀ ਸੰਤਨ ਸਿਉ ਬਿਉਹਾਰਾ ॥ ਸੰਤਨ ਸਿਉ ਹਮ ਲਾਹਾ ਖਾਟਿਆ ਹਰਿ ਭਗਤਿ ਭਰੇ ਭੰਡਾਰਾ ॥੨॥ ਸੰਤਨ ਮੋ ਕਉ ਪੂੰਜੀ ਸਉਪੀ ਤਉ ਉਤਰਿਆ ਮਨ ਕਾ ਧੋਖਾ ॥ ਧਰਮ ਰਾਇ ਅਬ ਕਹਾ ਕਰੈਗੋ ਜਉ ਫਾਟਿਓ ਸਗਲੋ ਲੇਖਾ ॥੩॥ ਮਹਾ ਅਨੰਦ ਭਏ ਸੁਖੁ ਪਾਇਆ ਸੰਤਨ ਕੈ ਪਰਸਾਦੇ ॥ ਕਹੁ ਨਾਨਕ ਹਰਿ ਸਿਉ ਮਨੁ ਮਾਨਿਆ ਰੰਗਿ ਰਤੇ ਬਿਸਮਾਦੇ ॥੪॥੮॥੧੯॥ ਸੋਰਠਿ ਮਃ ੫ ॥ ਜੇਤੀ ਸਮਗ੍ਰੀ ਦੇਖਹੁ ਰੇ ਨਰ ਤੇਤੀ ਹੀ ਛਡਿ ਜਾਨੀ ॥ ਰਾਮ ਨਾਮ ਸੰਗਿ ਕਰਿ ਬਿਉਹਾਰਾ ਪਾਵਹਿ ਪਦੁ ਨਿਰਬਾਨੀ ॥੧॥ ਪਿਆਰੇ ਤੂ ਮੇਰੋ ਸੁਖਦਾਤਾ ॥ ਗੁਰਿ ਪੂਰੈ ਦੀਆ ਉਪਦੇਸਾ ਤੁਮ ਹੀ ਸੰਗਿ ਪਰਾਤਾ ॥ ਰਹਾਉ ॥ ਕਾਮ ਕ੍ਰੋਧ ਲੋਭ ਮੋਹ ਅਭਿਮਾਨਾ ਤਾ ਮਹਿ ਸੁਖੁ ਨਹੀ ਪਾਈਐ ॥ ਹੋਹੁ ਰੇਨ ਤੂ ਸਗਲ ਕੀ ਮੇਰੇ ਮਨ ਤਉ ਅਨਦ ਮੰਗਲ ਸੁਖੁ ਪਾਈਐ ॥੨॥ ਘਾਲ ਨ ਭਾਨੈ ਅੰਤਰ ਬਿਧਿ ਜਾਨੈ ਤਾ ਕੀ ਕਰਿ ਮਨ ਸੇਵਾ ॥ ਕਰਿ ਪੂਜਾ ਹੋਮਿ ਇਹੁ ਮਨੂਆ ਅਕਾਲ ਮੂਰਤਿ ਗੁਰਦੇਵਾ ॥੩॥ ਗੋਬਿਦ ਦਾਮੋਦਰ ਦਇਆਲ ਮਾਧਵੇ ਪਾਰਬ੍ਰਹਮ ਨਿਰੰਕਾਰਾ ॥ ਨਾਮੁ ਵਰਤਣਿ ਨਾਮੋ ਵਾਲੇਵਾ ਨਾਮੁ ਨਾਨਕ ਪ੍ਰਾਨ ਅਧਾਰਾ ॥੪॥੯॥੨੦॥ ਸੋਰਠਿ ਮਹਲਾ ੫ ॥ ਮਿਰਤਕ ਕਉ ਪਾਇਓ ਤਨਿ ਸਾਸਾ ਬਿਛੁਰਤ ਆਨਿ ਮਿਲਾਇਆ ॥ ਪਸੂ ਪਰੇਤ ਮੁਗਧ ਭਏ ਸ੍ਰੋਤੇ ਹਰਿ ਨਾਮਾ ਮੁਖਿ ਗਾਇਆ ॥੧॥ ਪੂਰੇ ਗੁਰ ਕੀ ਦੇਖੁ ਵਡਾਈ ॥ ਤਾ ਕੀ ਕੀਮਤਿ ਕਹਣੁ ਨ ਜਾਈ ॥ ਰਹਾਉ ॥ ਦੂਖ ਸੋਗ ਕਾ ਢਾਹਿਓ ਡੇਰਾ ਅਨਦ ਮੰਗਲ ਬਿਸਰਾਮਾ ॥ ਮਨ ਬਾਂਛਤ ਫਲ ਮਿਲੇ ਅਚਿੰਤਾ ਪੂਰਨ ਹੋਏ ਕਾਮਾ ॥੨॥ ਈਹਾ ਸੁਖੁ ਆਗੈ ਮੁਖ ਊਜਲ ਮਿਟਿ ਗਏ ਆਵਣ ਜਾਣੇ ॥ ਨਿਰਭਉ ਭਏ ਹਿਰਦੈ ਨਾਮੁ ਵਸਿਆ ਅਪੁਨੇ ਸਤਿਗੁਰ ਕੈ ਮਨਿ ਭਾਣੇ ॥੩॥ ਊਠਤ ਬੈਠਤ ਹਰਿ ਗੁਣ ਗਾਵੈ ਦੂਖੁ ਦਰਦੁ ਭ੍ਰਮੁ ਭਾਗਾ ॥ ਕਹੁ ਨਾਨਕ ਤਾ ਕੇ ਪੂਰ ਕਰੰਮਾ ਜਾ ਕਾ ਗੁਰ ਚਰਨੀ ਮਨੁ ਲਾਗਾ ॥੪॥੧੦॥੨੧॥ ਸੋਰਠਿ ਮਹਲਾ ੫ ॥ ਰਤਨੁ ਛਾਡਿ ਕਉਡੀ ਸੰਗਿ ਲਾਗੇ ਜਾ ਤੇ

ਕਛੂ ਨ ਪਾਈਐ ॥ ਪੂਰਨ ਪਾਰਬ੍ਰਹਮ ਪਰਮੇਸੁਰ ਮੇਰੇ ਮਨ ਸਦਾ ਧਿਆਈਐ ॥੧॥ ਸਿਮਰਹੁ ਹਰਿ ਹਰਿ ਨਾਮੁ ਪਰਾਨੀ ॥ ਬਿਨਸੈ ਕਾਚੀ ਦੇਹ ਅਗਿਆਨੀ ॥ ਰਹਾਉ ॥ ਮ੍ਰਿਗ ਤ੍ਰਿਸਨਾ ਅਰੁ ਸੁਪਨ ਮਨੋਰਥ ਤਾ ਕੀ ਕਛੁ ਨ ਵਡਾਈ ॥ ਰਾਮ ਭਜਨ ਬਿਨੁ ਕਾਮਿ ਨ ਆਵਸਿ ਸੰਗਿ ਨ ਕਾਹੂ ਜਾਈ ॥੨॥ ਹਉ ਹਉ ਕਰਤ ਬਿਹਾਇ ਅਵਰਦਾ ਜੀਅ ਕੋ ਕਾਮੁ ਨ ਕੀਨਾ ॥ ਧਾਵਤ ਧਾਵਤ ਨਹ ਤ੍ਰਿਪਤਾਸਿਆ ਰਾਮ ਨਾਮੁ ਨਹੀ ਚੀਨਾ ॥੩॥ ਸਾਦ ਬਿਕਾਰ ਬਿਖੈ ਰਸ ਮਾਤੋ ਅਸੰਖ ਖਤੇ ਕਰਿ ਫੇਰੇ ॥ ਨਾਨਕ ਕੀ ਪ੍ਰਭ ਪਾਹਿ ਬਿਨੰਤੀ ਕਾਟਹੁ ਅਵਗੁਣ ਮੇਰੇ ॥੪॥੧੧॥੨੨॥ ਸੋਰਠਿ ਮਹਲਾ ੫ ॥ ਗੁਣ ਗਾਵਹੁ ਪੂਰਨ ਅਬਿਨਾਸੀ ਕਾਮ ਕ੍ਰੋਧ ਬਿਖੁ ਜਾਰੇ ॥ ਮਹਾ ਬਿਖਮੁ ਅਗਨਿ ਕੋ ਸਾਗਰੁ ਸਾਧੂ ਸੰਗਿ ਉਧਾਰੇ ॥੧॥ ਪੂਰੈ ਗੁਰਿ ਮੇਟਿਓ ਭਰਮੁ ਅੰਧੇਰਾ ॥ ਭਜੁ ਪ੍ਰੇਮ ਭਗਤਿ ਪ੍ਰਭੁ ਨੇਰਾ ॥ ਰਹਾਉ ॥ ਹਰਿ ਹਰਿ ਨਾਮੁ ਨਿਧਾਨ ਰਸੁ ਪੀਆ ਮਨ ਤਨ ਰਹੇ ਅਘਾਈ ॥ ਜਤ ਕਤ ਪੂਰਿ ਰਹਿਓ ਪਰਮੇਸਰੁ ਕਤ ਆਵੈ ਕਤ ਜਾਈ ॥੨॥ ਜਪ ਤਪ ਸੰਜਮ ਗਿਆਨ ਤਤ ਬੇਤਾ ਜਿਸੁ ਮਨਿ ਵਸੈ ਗੁੋਪਾਲਾ ॥ ਨਾਮੁ ਰਤਨੁ ਜਿਨਿ ਗੁਰਮੁਖਿ ਪਾਇਆ ਤਾ ਕੀ ਪੂਰਨ ਘਾਲਾ ॥੩॥ ਕਲਿ ਕਲੇਸ ਮਿਟੇ ਦੁਖ ਸਗਲੇ ਕਾਟੀ ਜਮ ਕੀ ਫਾਸਾ ॥ ਕਹੁ ਨਾਨਕ ਪ੍ਰਭਿ ਕਿਰਪਾ ਧਾਰੀ ਮਨ ਤਨ ਭਏ ਬਿਗਾਸਾ ॥੪॥੧੨॥੨੩॥ ਸੋਰਠਿ ਮਹਲਾ ੫ ॥ ਕਰਣ ਕਰਾਵਣਹਾਰ ਪ੍ਰਭੁ ਦਾਤਾ ਪਾਰਬ੍ਰਹਮ ਪ੍ਰਭੁ ਸੁਆਮੀ ॥ ਸਗਲੇ ਜੀਅ ਕੀਏ ਦਇਆਲਾ ਸੋ ਪ੍ਰਭੁ ਅੰਤਰਜਾਮੀ ॥੧॥ ਮੇਰਾ ਗੁਰੁ ਹੋਆ ਆਪਿ ਸਹਾਈ ॥ ਸੂਖ ਸਹਜ ਆਨੰਦ ਮੰਗਲ ਰਸ ਅਚਰਜ ਭਈ ਬਡਾਈ ॥ ਰਹਾਉ ॥ ਗੁਰ ਕੀ ਸਰਣਿ ਪਏ ਭੈ ਨਾਸੇ ਸਾਚੀ ਦਰਗਹ ਮਾਨੇ ॥ ਗੁਣ ਗਾਵਤ ਆਰਾਧਿ ਨਾਮੁ ਹਰਿ ਆਏ ਅਪੁਨੈ ਥਾਨੇ ॥੨॥ ਜੈ ਜੈ ਕਾਰੁ ਕਰੈ ਸਭ ਉਸਤਤਿ ਸੰਗਤਿ ਸਾਧ ਪਿਆਰੀ ॥ ਸਦ ਬਲਿਹਾਰਿ ਜਾਉ ਪ੍ਰਭ ਅਪੁਨੇ ਜਿਨਿ ਪੂਰਨ ਪੈਜ ਸਵਾਰੀ ॥੩॥ ਗੋਸਟਿ ਗਿਆਨੁ ਨਾਮੁ ਸੁਣਿ ਉਧਰੇ ਜਿਨਿ ਜਿਨਿ ਦਰਸਨੁ ਪਾਇਆ ॥ ਭਇਓ ਕ੍ਰਿਪਾਲੁ ਨਾਨਕ ਪ੍ਰਭੁ ਅਪੁਨਾ ਅਨਦ ਸੇਤੀ ਘਰਿ ਆਇਆ ॥੪॥੧੩॥੨੪॥ ਸੋਰਠਿ ਮਹਲਾ ੫ ॥ ਪ੍ਰਭ ਕੀ ਸਰਣਿ ਸਗਲ ਭੈ ਲਾਥੇ ਦੁਖ ਬਿਨਸੇ ਸੁਖੁ ਪਾਇਆ ॥ ਦਇਆਲੁ ਹੋਆ ਪਾਰਬ੍ਰਹਮੁ ਸੁਆਮੀ ਪੂਰਾ ਸਤਿਗੁਰੁ ਧਿਆਇਆ ॥੧॥ ਪ੍ਰਭ ਜੀਉ ਤੂ ਮੇਰੋ ਸਾਹਿਬੁ ਦਾਤਾ ॥ ਕਰਿ ਕਿਰਪਾ ਪ੍ਰਭ ਦੀਨ ਦਇਆਲਾ ਗੁਣ ਗਾਵਉ ਰੰਗਿ ਰਾਤਾ ॥ ਰਹਾਉ ॥ ਸਤਿਗੁਰਿ ਨਾਮੁ ਨਿਧਾਨੁ ਦ੍ਰਿੜਾਇਆ

ਚਿੰਤਾ ਸਗਲ ਬਿਨਾਸੀ ॥ ਕਰਿ ਕਿਰਪਾ ਅਪੁਨੋ ਕਰਿ ਲੀਨਾ ਮਨਿ ਵਸਿਆ ਅਬਿਨਾਸੀ ॥੨॥ ਤਾ ਕਉ ਬਿਘਨੁ ਨ ਕੋਊ ਲਾਗੈ ਜੋ ਸਤਿਗੁਰਿ ਅਪੁਨੈ ਰਾਖੇ ॥ ਚਰਨ ਕਮਲ ਬਸੇ ਰਿਦ ਅੰਤਰਿ ਅੰਮ੍ਰਿਤ ਹਰਿ ਰਸੁ ਚਾਖੇ ॥੩॥ ਕਰਿ ਸੇਵਾ ਸੇਵਕ ਪ੍ਰਭ ਅਪੁਨੇ ਜਿਨਿ ਮਨ ਕੀ ਇਛ ਪੁਜਾਈ ॥ ਨਾਨਕ ਦਾਸ ਤਾ ਕੈ ਬਲਿਹਾਰੈ ਜਿਨਿ ਪੂਰਨ ਪੈਜ ਰਖਾਈ ॥੪॥੧੪॥੨੫॥ ਸੋਰਠਿ ਮਹਲਾ ੫ ॥ ਮਾਇਆ ਮੋਹ ਮਗਨੁ ਅੰਧਿਆਰੈ ਦੇਵਨਹਾਰੁ ਨ ਜਾਨੈ ॥ ਜੀਉ ਪਿੰਡੁ ਸਾਜਿ ਜਿਨਿ ਰਚਿਆ ਬਲੁ ਅਪੁਨੋ ਕਰਿ ਮਾਨੈ ॥੧॥ ਮਨ ਮੂੜੇ ਦੇਖਿ ਰਹਿਓ ਪ੍ਰਭ ਸੁਆਮੀ ॥ ਜੋ ਕਿਛੁ ਕਰਹਿ ਸੋਈ ਸੋਈ ਜਾਣੈ ਰਹੈ ਨ ਕਛੂਐ ਛਾਨੀ ॥ ਰਹਾਉ ॥ ਜਿਹਵਾ ਸੁਆਦ ਲੋਭ ਮਦਿ ਮਾਤੋ ਉਪਜੇ ਅਨਿਕ ਬਿਕਾਰਾ ॥ ਬਹੁਤੁ ਜੋਨਿ ਭਰਮਤ ਦੁਖੁ ਪਾਇਆ ਹਉਮੈ ਬੰਧਨ ਕੇ ਭਾਰਾ ॥੨॥ ਦੇਇ ਕਿਵਾੜ ਅਨਿਕ ਪੜਦੇ ਮਹਿ ਪਰ ਦਾਰਾ ਸੰਗਿ ਫਾਕੈ ॥ ਚਿਤ੍ਰ ਗੁਪਤੁ ਜਬ ਲੇਖਾ ਮਾਗਹਿ ਤਬ ਕਉਣੁ ਪੜਦਾ ਤੇਰਾ ਢਾਕੈ ॥੩॥ ਦੀਨ ਦਇਆਲ ਪੂਰਨ ਦੁਖ ਭੰਜਨ ਤੁਮ ਬਿਨੁ ਓਟ ਨ ਕਾਈ ॥ ਕਾਢਿ ਲੇਹੁ ਸੰਸਾਰ ਸਾਗਰ ਮਹਿ ਨਾਨਕ ਪ੍ਰਭ ਸਰਣਾਈ ॥੪॥੧੫॥੨੬॥ ਸੋਰਠਿ ਮਹਲਾ ੫ ॥ ਪਾਰਬ੍ਰਹਮੁ ਹੋਆ ਸਹਾਈ ਕਥਾ ਕੀਰਤਨੁ ਸੁਖਦਾਈ ॥ ਗੁਰ ਪੂਰੇ ਕੀ ਬਾਣੀ ਜਪਿ ਅਨਦੁ ਕਰਹੁ ਨਿਤ ਪ੍ਰਾਣੀ ॥੧॥ ਹਰਿ ਸਾਚਾ ਸਿਮਰਹੁ ਭਾਈ ॥ ਸਾਧਸੰਗਿ ਸਦਾ ਸੁਖੁ ਪਾਈਐ ਹਰਿ ਬਿਸਰਿ ਨ ਕਬਹੂ ਜਾਈ ॥ ਰਹਾਉ ॥ ਅੰਮ੍ਰਿਤ ਨਾਮੁ ਪਰਮੇਸਰੁ ਤੇਰਾ ਜੋ ਸਿਮਰੈ ਸੋ ਜੀਵੈ ॥ ਜਿਸ ਨੋ ਕਰਮਿ ਪਰਾਪਤਿ ਹੋਵੈ ਸੋ ਜਨੁ ਨਿਰਮਲੁ ਥੀਵੈ ॥੨॥ ਬਿਘਨ ਬਿਨਾਸਨ ਸਭਿ ਦੁਖ ਨਾਸਨ ਗੁਰ ਚਰਣੀ ਮਨੁ ਲਾਗਾ ॥ ਗੁਣ ਗਾਵਤ ਅਚੁਤ ਅਬਿਨਾਸੀ ਅਨਦਿਨੁ ਹਰਿ ਰੰਗਿ ਜਾਗਾ ॥੩॥ ਮਨ ਇਛੇ ਸੇਈ ਫਲ ਪਾਏ ਹਰਿ ਕੀ ਕਥਾ ਸੁਹੇਲੀ ॥ ਆਦਿ ਅੰਤਿ ਮਧਿ ਨਾਨਕ ਕਉ ਸੋ ਪ੍ਰਭੁ ਹੋਆ ਬੇਲੀ ॥੪॥੧੬॥੨੭॥ ਸੋਰਠਿ ਮਹਲਾ ੫ ਪੰਚਪਦਾ ॥ ਬਿਨਸੈ ਮੋਹੁ ਮੇਰਾ ਅਰੁ ਤੇਰਾ ਬਿਨਸੈ ਅਪਨੀ ਧਾਰੀ ॥੧॥ ਸੰਤਹੁ ਇਹਾ ਬਤਾਵਹੁ ਕਾਰੀ ॥ ਜਿਤੁ ਹਉਮੈ ਗਰਬੁ ਨਿਵਾਰੀ ॥੧॥ ਰਹਾਉ ॥ ਸਰਬ ਭੂਤ ਪਾਰਬ੍ਰਹਮੁ ਕਰਿ ਮਾਨਿਆ ਹੋਵਾਂ ਸਗਲ ਰੇਨਾਰੀ ॥੨॥ ਪੇਖਿਓ ਪ੍ਰਭ ਜੀਉ ਅਪੁਨੈ ਸੰਗੇ ਚੂਕੈ ਭੀਤਿ ਭ੍ਰਮਾਰੀ ॥੩॥ ਅਉਖਧੁ ਨਾਮੁ ਨਿਰਮਲ ਜਲੁ ਅੰਮ੍ਰਿਤੁ ਪਾਈਐ ਗੁਰੂ ਦੁਆਰੀ ॥੪॥ ਕਹੁ ਨਾਨਕ ਜਿਸੁ ਮਸਤਕਿ ਲਿਖਿਆ ਤਿਸੁ ਗੁਰ ਮਿਲਿ ਰੋਗ ਬਿਦਾਰੀ ॥੫॥੧੭॥੨੮॥

ਸੋਰਠਿ ਮਹਲਾ ੫ ਘਰੁ ੨ ਦੁਪਦੇ ੴ ਸਤਿਗੁਰ ਪ੍ਰਸਾਦਿ ॥

ਸਗਲ ਬਨਸਪਤਿ ਮਹਿ ਬੈਸੰਤਰੁ ਸਗਲ ਦੂਧ ਮਹਿ ਘੀਆ ॥ ਊਚ ਨੀਚ ਮਹਿ ਜੋਤਿ ਸਮਾਣੀ ਘਟਿ ਘਟਿ ਮਾਧਉ
ਜੀਆ ॥੧॥ ਸੰਤਹੁ ਘਟਿ ਘਟਿ ਰਹਿਆ ਸਮਾਹਿਓ ॥ ਪੂਰਨ ਪੂਰਿ ਰਹਿਓ ਸਰਬ ਮਹਿ ਜਲਿ ਥਲਿ ਰਮਈਆ
ਆਹਿਓ ॥੧॥ ਰਹਾਉ ॥ ਗੁਣ ਨਿਧਾਨ ਨਾਨਕੁ ਜਸੁ ਗਾਵੈ ਸਤਿਗੁਰਿ ਭਰਮੁ ਚੁਕਾਇਓ ॥ ਸਰਬ ਨਿਵਾਸੀ ਸਦਾ
ਅਲੇਪਾ ਸਭ ਮਹਿ ਰਹਿਆ ਸਮਾਇਓ ॥੨॥੧॥੨੯॥ ਸੋਰਠਿ ਮਹਲਾ ੫ ॥ ਜਾ ਕੈ ਸਿਮਰਣਿ ਹੋਇ ਅਨੰਦਾ
ਬਿਨਸੈ ਜਨਮ ਮਰਣ ਭੈ ਦੁਖੀ ॥ ਚਾਰਿ ਪਦਾਰਥ ਨਵ ਨਿਧਿ ਪਾਵਹਿ ਬਹੁਰਿ ਨ ਤ੍ਰਿਸਨਾ ਭੁਖੀ ॥੧॥ ਜਾ ਕੋ ਨਾਮੁ
ਲੈਤ ਤੂ ਸੁਖੀ ॥ ਸਾਸਿ ਸਾਸਿ ਧਿਆਵਹੁ ਠਾਕੁਰ ਕਉ ਮਨ ਤਨ ਜੀਅਰੇ ਮੁਖੀ ॥੧॥ ਰਹਾਉ ॥ ਸਾਂਤਿ ਪਾਵਹਿ
ਹੋਵਹਿ ਮਨ ਸੀਤਲ ਅਗਨਿ ਨ ਅੰਤਰਿ ਧੁਖੀ ॥ ਗੁਰ ਨਾਨਕ ਕਉ ਪ੍ਰਭੂ ਦਿਖਾਇਆ ਜਲਿ ਥਲਿ ਤ੍ਰਿਭਵਣਿ ਰੁਖੀ
॥੨॥੨॥੩੦॥ ਸੋਰਠਿ ਮਹਲਾ ੫ ॥ ਕਾਮ ਕ੍ਰੋਧ ਲੋਭ ਝੂਠ ਨਿੰਦਾ ਇਨ ਤੇ ਆਪਿ ਛਡਾਵਹੁ ॥ ਇਹ ਭੀਤਰ ਤੇ
ਇਨ ਕਉ ਡਾਰਹੁ ਆਪਨ ਨਿਕਟਿ ਬੁਲਾਵਹੁ ॥੧॥ ਅਪੁਨੀ ਬਿਧਿ ਆਪਿ ਜਨਾਵਹੁ ॥ ਹਰਿ ਜਨ ਮੰਗਲ ਗਾਵਹੁ
॥੧॥ ਰਹਾਉ ॥ ਬਿਸਰੁ ਨਾਹੀ ਕਬਹੂ ਹੀਏ ਤੇ ਇਹ ਬਿਧਿ ਮਨ ਮਹਿ ਪਾਵਹੁ ॥ ਗੁਰੁ ਪੂਰਾ ਭੇਟਿਓ ਵਡਭਾਗੀ
ਜਨ ਨਾਨਕ ਕਤਹਿ ਨ ਧਾਵਹੁ ॥੨॥੩॥੩੧॥ ਸੋਰਠਿ ਮਹਲਾ ੫ ॥ ਜਾ ਕੈ ਸਿਮਰਣਿ ਸਭੁ ਕਛੁ ਪਾਈਐ ਬਿਰਥੀ
ਘਾਲ ਨ ਜਾਈ ॥ ਤਿਸੁ ਪ੍ਰਭ ਤਿਆਗਿ ਅਵਰ ਕਤ ਰਾਚਹੁ ਜੋ ਸਭ ਮਹਿ ਰਹਿਆ ਸਮਾਈ ॥੧॥ ਹਰਿ ਹਰਿ
ਸਿਮਰਹੁ ਸੰਤ ਗੋਪਾਲਾ ॥ ਸਾਧਸੰਗਿ ਮਿਲਿ ਨਾਮੁ ਧਿਆਵਹੁ ਪੂਰਨ ਹੋਵੈ ਘਾਲਾ ॥੧॥ ਰਹਾਉ ॥ ਸਾਰਿ ਸਮਾਲੈ
ਨਿਤਿ ਪ੍ਰਤਿਪਾਲੈ ਪ੍ਰੇਮ ਸਹਿਤ ਗਲਿ ਲਾਵੈ ॥ ਕਹੁ ਨਾਨਕ ਪ੍ਰਭ ਤੁਮਰੇ ਬਿਸਰਤ ਜਗਤ ਜੀਵਨੁ ਕੈਸੇ ਪਾਵੈ
॥੨॥੪॥੩੨॥ ਸੋਰਠਿ ਮਹਲਾ ੫ ॥ ਅਬਿਨਾਸੀ ਜੀਅਨ ਕੋ ਦਾਤਾ ਸਿਮਰਤ ਸਭ ਮਲੁ ਖੋਈ ॥ ਗੁਣ ਨਿਧਾਨ
ਭਗਤਨ ਕਉ ਬਰਤਨਿ ਬਿਰਲਾ ਪਾਵੈ ਕੋਈ ॥੧॥ ਮੇਰੇ ਮਨ ਜਪਿ ਗੁਰ ਗੋਪਾਲ ਪ੍ਰਭੁ ਸੋਈ ॥ ਜਾ ਕੀ ਸਰਣਿ
ਪਇਆਂ ਸੁਖੁ ਪਾਈਐ ਬਾਹੁੜਿ ਦੂਖੁ ਨ ਹੋਈ ॥੧॥ ਰਹਾਉ ॥ ਵਡਭਾਗੀ ਸਾਧਸੰਗੁ ਪਰਾਪਤਿ ਤਿਨ ਭੇਟਤ

ਦੁਰਮਤਿ ਖੋਈ ॥ ਤਿਨ ਕੀ ਧੂਰਿ ਨਾਨਕੁ ਦਾਸੁ ਬਾਛੈ ਜਿਨ ਹਰਿ ਨਾਮੁ ਰਿਦੈ ਪਰੋਈ ॥੨॥੫॥੩੩॥ ਸੋਰਠਿ ਮਹਲਾ ੫ ॥ ਜਨਮ ਜਨਮ ਕੇ ਦੂਖ ਨਿਵਾਰੈ ਸੂਕਾ ਮਨੁ ਸਾਧਾਰੈ ॥ ਦਰਸਨੁ ਭੇਟਤ ਹੋਤ ਨਿਹਾਲਾ ਹਰਿ ਕਾ ਨਾਮੁ ਬੀਚਾਰੈ ॥੧॥ ਮੇਰਾ ਬੈਦੁ ਗੁਰੂ ਗੋਵਿੰਦਾ ॥ ਹਰਿ ਹਰਿ ਨਾਮੁ ਅਉਖਧੁ ਮੁਖਿ ਦੇਵੈ ਕਾਟੈ ਜਮ ਕੀ ਫੰਧਾ ॥੧॥ ਰਹਾਉ ॥ ਸਮਰਥ ਪੁਰਖ ਪੂਰਨ ਬਿਧਾਤੇ ਆਪੇ ਕਰਣੈਹਾਰਾ ॥ ਅਪੁਨਾ ਦਾਸੁ ਹਰਿ ਆਪਿ ਉਬਾਰਿਆ ਨਾਨਕ ਨਾਮ ਅਧਾਰਾ ॥੨॥੬॥੩੪॥ ਸੋਰਠਿ ਮਹਲਾ ੫ ॥ ਅੰਤਰ ਕੀ ਗਤਿ ਤੁਮ ਹੀ ਜਾਨੀ ਤੁਝ ਹੀ ਪਾਹਿ ਨਿਬੇਰੋ ॥ ਬਖਸਿ ਲੈਹੁ ਸਾਹਿਬ ਪ੍ਰਭ ਅਪਨੇ ਲਾਖ ਖਤੇ ਕਰਿ ਫੇਰੋ ॥੧॥ ਪ੍ਰਭ ਜੀ ਤੂ ਮੇਰੋ ਠਾਕੁਰੁ ਨੇਰੋ ॥ ਹਰਿ ਚਰਣ ਸਰਣ ਮੋਹਿ ਚੇਰੋ ॥੧॥ ਰਹਾਉ ॥ ਬੇਸੁਮਾਰ ਬੇਅੰਤ ਸੁਆਮੀ ਊਚੋ ਗੁਨੀ ਗਹੇਰੋ ॥ ਕਾਟਿ ਸਿਲਕ ਕੀਨੋ ਅਪੁਨੋ ਦਾਸਰੋ ਤਉ ਨਾਨਕ ਕਹਾ ਨਿਹੋਰੋ ॥੨॥੭॥੩੫॥ ਸੋਰਠਿ ਮਃ ੫ ॥ ਭਏ ਕ੍ਰਿਪਾਲ ਗੁਰੂ ਗੋਵਿੰਦਾ ਸਗਲ ਮਨੋਰਥ ਪਾਏ ॥ ਅਸਥਿਰ ਭਏ ਲਾਗਿ ਹਰਿ ਚਰਣੀ ਗੋਵਿੰਦ ਕੇ ਗੁਣ ਗਾਏ ॥੧॥ ਭਲੋ ਸਮੂਰਤੁ ਪੂਰਾ ॥ ਸਾਂਤਿ ਸਹਜ ਆਨੰਦ ਨਾਮੁ ਜਪਿ ਵਾਜੇ ਅਨਹਦ ਤੂਰਾ ॥੧॥ ਰਹਾਉ ॥ ਮਿਲੇ ਸੁਆਮੀ ਪ੍ਰੀਤਮ ਅਪੁਨੇ ਘਰ ਮੰਦਰ ਸੁਖਦਾਈ ॥ ਹਰਿ ਨਾਮੁ ਨਿਧਾਨੁ ਨਾਨਕ ਜਨ ਪਾਇਆ ਸਗਲੀ ਇਛ ਪੁਜਾਈ ॥੨॥੮॥੩੬॥ ਸੋਰਠਿ ਮਹਲਾ ੫ ॥ ਗੁਰ ਕੇ ਚਰਨ ਬਸੇ ਰਿਦ ਭੀਤਰਿ ਸੁਭ ਲਖਣ ਪ੍ਰਭਿ ਕੀਨੇ ॥ ਭਏ ਕ੍ਰਿਪਾਲ ਪੂਰਨ ਪਰਮੇਸਰ ਨਾਮ ਨਿਧਾਨ ਮਨਿ ਚੀਨੇ ॥੧॥ ਮੇਰੋ ਗੁਰੁ ਰਖਵਾਰੋ ਮੀਤ ॥ ਦੂਣ ਚਊਣੀ ਦੇ ਵਡਿਆਈ ਸੋਭਾ ਨੀਤਾ ਨੀਤ ॥੧॥ ਰਹਾਉ ॥ ਜੀਅ ਜੰਤ ਪ੍ਰਭਿ ਸਗਲ ਉਧਾਰੇ ਦਰਸਨੁ ਦੇਖਣਹਾਰੇ ॥ ਗੁਰ ਪੂਰੇ ਕੀ ਅਚਰਜ ਵਡਿਆਈ ਨਾਨਕ ਸਦ ਬਲਿਹਾਰੇ ॥੨॥੯॥੩੭॥ ਸੋਰਠਿ ਮਹਲਾ ੫ ॥ ਸੰਚਨਿ ਕਰਉ ਨਾਮ ਧਨੁ ਨਿਰਮਲ ਥਾਤੀ ਅਗਮ ਅਪਾਰ ॥ ਬਿਲਛਿ ਬਿਨੋਦ ਆਨੰਦ ਸੁਖ ਮਾਣਹੁ ਖਾਇ ਜੀਵਹੁ ਸਿਖ ਪਰਵਾਰ ॥੧॥ ਹਰਿ ਕੇ ਚਰਨ ਕਮਲ ਆਧਾਰ ॥ ਸੰਤ ਪ੍ਰਸਾਦਿ ਪਾਇਓ ਸਚ ਬੋਹਿਥੁ ਚੜਿ ਲੰਘਉ ਬਿਖੁ ਸੰਸਾਰ ॥੧॥ ਰਹਾਉ ॥ ਭਏ ਕ੍ਰਿਪਾਲ ਪੂਰਨ ਅਬਿਨਾਸੀ ਆਪਹਿ ਕੀਨੀ ਸਾਰ ॥ ਪੇਖਿ ਪੇਖਿ ਨਾਨਕ ਬਿਗਸਾਨੋ ਨਾਨਕ ਨਾਹੀ ਸੁਮਾਰ ॥੨॥੧੦॥੩੮॥ ਸੋਰਠਿ ਮਹਲਾ ੫ ॥ ਗੁਰਿ ਪੂਰੈ ਅਪਨੀ ਕਲ ਧਾਰੀ ਸਭ ਘਟ ਉਪਜੀ ਦਇਆ ॥ ਆਪੇ ਮੇਲਿ ਵਡਾਈ ਕੀਨੀ ਕੁਸਲ ਖੇਮ ਸਭ ਭਇਆ ॥੧॥ ਸਤਿਗੁਰੁ ਪੂਰਾ ਮੇਰੈ

ਨਾਲਿ ॥ ਪਾਰਬ੍ਰਹਮੁ ਜਪਿ ਸਦਾ ਨਿਹਾਲ ॥ ਰਹਾਉ ॥ ਅੰਤਰਿ ਬਾਹਰਿ ਥਾਨ ਥਨੰਤਰਿ ਜਤ ਕਤ ਪੇਖਉ ਸੋਈ ॥ ਨਾਨਕ ਗੁਰੁ ਪਾਇਓ ਵਡਭਾਗੀ ਤਿਸੁ ਜੇਵਡੁ ਅਵਰੁ ਨ ਕੋਈ ॥੨॥੧੧॥੩੯॥ ਸੋਰਠਿ ਮਹਲਾ ੫ ॥ ਸੂਖ ਮੰਗਲ ਕਲਿਆਣ ਸਹਜ ਧੁਨਿ ਪ੍ਰਭ ਕੇ ਚਰਣ ਨਿਹਾਰਿਆ ॥ ਰਾਖਨਹਾਰੈ ਰਾਖਿਓ ਬਾਰਿਕੁ ਸਤਿਗੁਰਿ ਤਾਪੁ ਉਤਾਰਿਆ ॥੧॥ ਉਬਰੇ ਸਤਿਗੁਰ ਕੀ ਸਰਣਾਈ ॥ ਜਾ ਕੀ ਸੇਵ ਨ ਬਿਰਥੀ ਜਾਈ ॥ ਰਹਾਉ ॥ ਘਰ ਮਹਿ ਸੂਖ ਬਾਹਰਿ ਫੁਨਿ ਸੂਖਾ ਪ੍ਰਭ ਅਪੁਨੇ ਭਏ ਦਇਆਲਾ ॥ ਨਾਨਕ ਬਿਘਨੁ ਨ ਲਾਗੈ ਕੋਊ ਮੇਰਾ ਪ੍ਰਭੁ ਹੋਆ ਕਿਰਪਾਲਾ ॥੨॥੧੨॥੪੦॥ ਸੋਰਠਿ ਮਹਲਾ ੫ ॥ ਸਾਧੂ ਸੰਗਿ ਭਇਆ ਮਨਿ ਉਦਮੁ ਨਾਮੁ ਰਤਨੁ ਜਸੁ ਗਾਈ ॥ ਮਿਟਿ ਗਈ ਚਿੰਤਾ ਸਿਮਰਿ ਅਨੰਤਾ ਸਾਗਰੁ ਤਰਿਆ ਭਾਈ ॥੧॥ ਹਿਰਦੈ ਹਰਿ ਕੇ ਚਰਣ ਵਸਾਈ ॥ ਸੁਖੁ ਪਾਇਆ ਸਹਜ ਧੁਨਿ ਉਪਜੀ ਰੋਗਾ ਘਾਣਿ ਮਿਟਾਈ ॥ ਰਹਾਉ ॥ ਕਿਆ ਗੁਣ ਤੇਰੇ ਆਖਿ ਵਖਾਣਾ ਕੀਮਤਿ ਕਹਣੁ ਨ ਜਾਈ ॥ ਨਾਨਕ ਭਗਤ ਭਏ ਅਬਿਨਾਸੀ ਅਪੁਨਾ ਪ੍ਰਭੁ ਭਇਆ ਸਹਾਈ ॥੨॥੧੩॥੪੧॥ ਸੋਰਠਿ ਮਃ ੫ ॥ ਗਏ ਕਲੇਸ ਰੋਗ ਸਭਿ ਨਾਸੇ ਪ੍ਰਭਿ ਅਪੁਨੈ ਕਿਰਪਾ ਧਾਰੀ ॥ ਆਠ ਪਹਰ ਆਰਾਧਹੁ ਸੁਆਮੀ ਪੂਰਨ ਘਾਲ ਹਮਾਰੀ ॥੧॥ ਹਰਿ ਜੀਉ ਤੂ ਸੁਖ ਸੰਪਤਿ ਰਾਸਿ ॥ ਰਾਖਿ ਲੈਹੁ ਭਾਈ ਮੇਰੇ ਕਉ ਪ੍ਰਭ ਆਗੈ ਅਰਦਾਸਿ ॥ ਰਹਾਉ ॥ ਜੋ ਮਾਗਉ ਸੋਈ ਸੋਈ ਪਾਵਉ ਅਪਨੇ ਖਸਮ ਭਰੋਸਾ ॥ ਕਹੁ ਨਾਨਕ ਗੁਰੁ ਪੂਰਾ ਭੇਟਿਓ ਮਿਟਿਓ ਸਗਲ ਅੰਦੇਸਾ ॥੨॥੧੪॥੪੨॥ ਸੋਰਠਿ ਮਹਲਾ ੫ ॥ ਸਿਮਰਿ ਸਿਮਰਿ ਗੁਰੁ ਸਤਿਗੁਰੁ ਅਪਨਾ ਸਗਲਾ ਦੂਖੁ ਮਿਟਾਇਆ ॥ ਤਾਪ ਰੋਗ ਗਏ ਗੁਰ ਬਚਨੀ ਮਨ ਇਛੇ ਫਲ ਪਾਇਆ ॥੧॥ ਮੇਰਾ ਗੁਰੁ ਪੂਰਾ ਸੁਖਦਾਤਾ ॥ ਕਰਣ ਕਾਰਣ ਸਮਰਥ ਸੁਆਮੀ ਪੂਰਨ ਪੁਰਖੁ ਬਿਧਾਤਾ ॥ ਰਹਾਉ ॥ ਅਨੰਦ ਬਿਨੋਦ ਮੰਗਲ ਗੁਣ ਗਾਵਹੁ ਗੁਰ ਨਾਨਕ ਭਏ ਦਇਆਲਾ ॥ ਜੈ ਜੈ ਕਾਰ ਭਏ ਜਗ ਭੀਤਰਿ ਹੋਆ ਪਾਰਬ੍ਰਹਮੁ ਰਖਵਾਲਾ ॥੨॥੧੫॥੪੩॥ ਸੋਰਠਿ ਮਹਲਾ ੫ ॥ ਹਮਰੀ ਗਣਤ ਨ ਗਣੀਆ ਕਾਈ ਅਪਣਾ ਬਿਰਦੁ ਪਛਾਣਿ ॥ ਹਾਥ ਦੇਇ ਰਾਖੇ ਕਰਿ ਅਪੁਨੇ ਸਦਾ ਸਦਾ ਰੰਗੁ ਮਾਣਿ ॥੧॥ ਸਾਚਾ ਸਾਹਿਬੁ ਸਦ ਮਿਹਰਵਾਣ ॥ ਬੰਧੁ ਪਾਇਆ ਮੇਰੈ ਸਤਿਗੁਰਿ ਪੂਰੈ ਹੋਈ ਸਰਬ ਕਲਿਆਣ ॥ ਰਹਾਉ ॥ ਜੀਉ ਪਾਇ ਪਿੰਡੁ ਜਿਨਿ ਸਾਜਿਆ ਦਿਤਾ ਪੈਨਣੁ ਖਾਣੁ ॥ ਅਪਣੇ ਦਾਸ ਕੀ ਆਪਿ ਪੈਜ ਰਾਖੀ ਨਾਨਕ

ਸਦ ਕੁਰਬਾਣੁ ॥੨॥੧੬॥੪੪॥ ਸੋਰਠਿ ਮਹਲਾ ੫ ॥ ਦੁਰਤੁ ਗਵਾਇਆ ਹਰਿ ਪ੍ਰਭਿ ਆਪੇ ਸਭੁ ਸੰਸਾਰੁ ਉਬਾਰਿਆ ॥ ਪਾਰਬ੍ਰਹਮਿ ਪ੍ਰਭਿ ਕਿਰਪਾ ਧਾਰੀ ਅਪਣਾ ਬਿਰਦੁ ਸਮਾਰਿਆ ॥੧॥ ਹੋਈ ਰਾਜੇ ਰਾਮ ਕੀ ਰਖਵਾਲੀ ॥ ਸੂਖ ਸਹਜ ਆਨਦ ਗੁਣ ਗਾਵਹੁ ਮਨੁ ਤਨੁ ਦੇਹ ਸੁਖਾਲੀ ॥ ਰਹਾਉ ॥ ਪਤਿਤ ਉਧਾਰਣੁ ਸਤਿਗੁਰੁ ਮੇਰਾ ਮੋਹਿ ਤਿਸ ਕਾ ਭਰਵਾਸਾ ॥ ਬਖਸਿ ਲਏ ਸਭਿ ਸਚੈ ਸਾਹਿਬਿ ਸੁਣਿ ਨਾਨਕ ਕੀ ਅਰਦਾਸਾ ॥੨॥੧੭॥੪੫॥ ਸੋਰਠਿ ਮਹਲਾ ੫ ॥ ਬਖਸਿਆ ਪਾਰਬ੍ਰਹਮ ਪਰਮੇਸਰਿ ਸਗਲੇ ਰੋਗ ਬਿਦਾਰੇ ॥ ਗੁਰ ਪੂਰੇ ਕੀ ਸਰਣੀ ਉਬਰੇ ਕਾਰਜ ਸਗਲ ਸਵਾਰੇ ॥੧॥ ਹਰਿ ਜਨਿ ਸਿਮਰਿਆ ਨਾਮ ਅਧਾਰਿ ॥ ਤਾਪੁ ਉਤਾਰਿਆ ਸਤਿਗੁਰਿ ਪੂਰੈ ਅਪਣੀ ਕਿਰਪਾ ਧਾਰਿ ॥ ਰਹਾਉ ॥ ਸਦਾ ਅਨੰਦ ਕਰਹ ਮੇਰੇ ਪਿਆਰੇ ਹਰਿ ਗੋਵਿਦੁ ਗੁਰਿ ਰਾਖਿਆ ॥ ਵਡੀ ਵਡਿਆਈ ਨਾਨਕ ਕਰਤੇ ਕੀ ਸਾਚੁ ਸਬਦੁ ਸਤਿ ਭਾਖਿਆ ॥੨॥੧੮॥੪੬॥ ਸੋਰਠਿ ਮਹਲਾ ੫ ॥ ਭਏ ਕ੍ਰਿਪਾਲ ਸੁਆਮੀ ਮੇਰੇ ਤਿਤੁ ਸਾਚੈ ਦਰਬਾਰਿ ॥ ਸਤਿਗੁਰਿ ਤਾਪੁ ਗਵਾਇਆ ਭਾਈ ਠਾਂਢਿ ਪਈ ਸੰਸਾਰਿ ॥ ਅਪਣੇ ਜੀਅ ਜੰਤ ਆਪੇ ਰਾਖੇ ਜਮਹਿ ਕੀਓ ਹਟਤਾਰਿ ॥੧॥ ਹਰਿ ਕੇ ਚਰਣ ਰਿਦੈ ਉਰਿ ਧਾਰਿ ॥ ਸਦਾ ਸਦਾ ਪ੍ਰਭੁ ਸਿਮਰੀਐ ਭਾਈ ਦੁਖ ਕਿਲਬਿਖ ਕਾਟਣਹਾਰੁ ॥੧॥ ਰਹਾਉ ॥ ਤਿਸ ਕੀ ਸਰਣੀ ਊਬਰੈ ਭਾਈ ਜਿਨਿ ਰਚਿਆ ਸਭੁ ਕੋਇ ॥ ਕਰਣ ਕਾਰਣ ਸਮਰਥੁ ਸੋ ਭਾਈ ਸਚੈ ਸਚੀ ਸੋਇ ॥ ਨਾਨਕ ਪ੍ਰਭੂ ਧਿਆਈਐ ਭਾਈ ਮਨੁ ਤਨੁ ਸੀਤਲੁ ਹੋਇ ॥੨॥੧੯॥੪੭॥ ਸੋਰਠਿ ਮਹਲਾ ੫ ॥ ਸੰਤਹੁ ਹਰਿ ਹਰਿ ਨਾਮੁ ਧਿਆਈ ॥ ਸੁਖ ਸਾਗਰ ਪ੍ਰਭੁ ਵਿਸਰਉ ਨਾਹੀ ਮਨ ਚਿੰਦਿਅੜਾ ਫਲੁ ਪਾਈ ॥੧॥ ਰਹਾਉ ॥ ਸਤਿਗੁਰਿ ਪੂਰੈ ਤਾਪੁ ਗਵਾਇਆ ਅਪਣੀ ਕਿਰਪਾ ਧਾਰੀ ॥ ਪਾਰਬ੍ਰਹਮ ਪ੍ਰਭ ਭਏ ਦਇਆਲਾ ਦੁਖੁ ਮਿਟਿਆ ਸਭ ਪਰਵਾਰੀ ॥੧॥ ਸਰਬ ਨਿਧਾਨ ਮੰਗਲ ਰਸ ਰੂਪਾ ਹਰਿ ਕਾ ਨਾਮੁ ਅਧਾਰੋ ॥ ਨਾਨਕ ਪਤਿ ਰਾਖੀ ਪਰਮੇਸਰਿ ਉਧਰਿਆ ਸਭੁ ਸੰਸਾਰੋ ॥੨॥੨੦॥੪੮॥ ਸੋਰਠਿ ਮਹਲਾ ੫ ॥ ਮੇਰਾ ਸਤਿਗੁਰੁ ਰਖਵਾਲਾ ਹੋਆ ॥ ਧਾਰਿ ਕ੍ਰਿਪਾ ਪ੍ਰਭ ਹਾਥ ਦੇ ਰਾਖਿਆ ਹਰਿ ਗੋਵਿਦੁ ਨਵਾ ਨਿਰੋਆ ॥੧॥ ਰਹਾਉ ॥ ਤਾਪੁ ਗਇਆ ਪ੍ਰਭਿ ਆਪਿ ਮਿਟਾਇਆ ਜਨ ਕੀ ਲਾਜ ਰਖਾਈ ॥ ਸਾਧਸੰਗਤਿ ਤੇ ਸਭ ਫਲ ਪਾਏ ਸਤਿਗੁਰ ਕੈ ਬਲਿ ਜਾਂਈ ॥੧॥ ਹਲਤੁ ਪਲਤੁ ਪ੍ਰਭ ਦੋਵੈ ਸਵਾਰੇ ਹਮਰਾ ਗੁਣੁ ਅਵਗੁਣੁ

ਨ ਬੀਚਾਰਿਆ ॥ ਅਟਲ ਬਚਨੁ ਨਾਨਕ ਗੁਰ ਤੇਰਾ ਸਫਲ ਕਰੁ ਮਸਤਕਿ ਧਾਰਿਆ ॥੨॥੨੧॥੪੯॥ ਸੋਰਠਿ ਮਹਲਾ ੫ ॥ ਜੀਅ ਜੰਤ੍ਰ ਸਭਿ ਤਿਸ ਕੇ ਕੀਏ ਸੋਈ ਸੰਤ ਸਹਾਈ ॥ ਅਪੁਨੇ ਸੇਵਕ ਕੀ ਆਪੇ ਰਾਖੈ ਪੂਰਨ ਭਈ ਬਡਾਈ ॥੧॥ ਪਾਰਬ੍ਰਹਮੁ ਪੂਰਾ ਮੇਰੈ ਨਾਲਿ ॥ ਗੁਰਿ ਪੂਰੈ ਪੂਰੀ ਸਭ ਰਾਖੀ ਹੋਏ ਸਰਬ ਦਇਆਲ ॥੧॥ ਰਹਾਉ ॥ ਅਨਦਿਨੁ ਨਾਨਕੁ ਨਾਮੁ ਧਿਆਏ ਜੀਅ ਪ੍ਰਾਨ ਕਾ ਦਾਤਾ ॥ ਅਪੁਨੇ ਦਾਸ ਕਉ ਕੰਠਿ ਲਾਇ ਰਾਖੈ ਜਿਉ ਬਾਰਿਕ ਪਿਤ ਮਾਤਾ ॥੨॥੨੨॥੫੦॥

ਸੋਰਠਿ ਮਹਲਾ ੫ ਘਰੁ ੩ ਚਉਪਦੇ ੴ ਸਤਿਗੁਰ ਪ੍ਰਸਾਦਿ ॥

ਮਿਲਿ ਪੰਚਹੁ ਨਹੀ ਸਹਸਾ ਚੁਕਾਇਆ ॥ ਸਿਕਦਾਰਹੁ ਨਹ ਪਤੀਆਇਆ ॥ ਉਮਰਾਵਹੁ ਆਗੈ ਝੇਰਾ ॥ ਮਿਲਿ ਰਾਜਨ ਰਾਮ ਨਿਬੇਰਾ ॥੧॥ ਅਬ ਢੂਢਨ ਕਤਹੁ ਨ ਜਾਈ ॥ ਗੋਬਿਦ ਭੇਟੇ ਗੁਰ ਗੋਸਾਈ ॥ ਰਹਾਉ ॥ ਆਇਆ ਪ੍ਰਭ ਦਰਬਾਰਾ ॥ ਤਾ ਸਗਲੀ ਮਿਟੀ ਪੂਕਾਰਾ ॥ ਲਬਧਿ ਆਪਣੀ ਪਾਈ ॥ ਤਾ ਕਤ ਆਵੈ ਕਤ ਜਾਈ ॥੨॥ ਤਹ ਸਾਚ ਨਿਆਇ ਨਿਬੇਰਾ ॥ ਊਹਾ ਸਮ ਠਾਕੁਰੁ ਸਮ ਚੇਰਾ ॥ ਅੰਤਰਜਾਮੀ ਜਾਨੈ ॥ ਬਿਨੁ ਬੋਲਤ ਆਪਿ ਪਛਾਨੈ ॥੩॥ ਸਰਬ ਥਾਨ ਕੋ ਰਾਜਾ ॥ ਤਹ ਅਨਹਦ ਸਬਦ ਅਗਾਜਾ ॥ ਤਿਸੁ ਪਹਿ ਕਿਆ ਚਤੁਰਾਈ ॥ ਮਿਲੁ ਨਾਨਕ ਆਪੁ ਗਵਾਈ ॥੪॥੧॥੫੧॥ ਸੋਰਠਿ ਮਹਲਾ ੫ ॥ ਹਿਰਦੈ ਨਾਮੁ ਵਸਾਇਹੁ ॥ ਘਰਿ ਬੈਠੇ ਗੁਰੂ ਧਿਆਇਹੁ ॥ ਗੁਰਿ ਪੂਰੈ ਸਚੁ ਕਹਿਆ ॥ ਸੋ ਸੁਖੁ ਸਾਚਾ ਲਹਿਆ ॥੧॥ ਅਪੁਨਾ ਹੋਇਓ ਗੁਰੁ ਮਿਹਰਵਾਨਾ ॥ ਅਨਦ ਸੂਖ ਕਲਿਆਣ ਮੰਗਲ ਸਿਉ ਘਰਿ ਆਏ ਕਰਿ ਇਸਨਾਨਾ ॥ ਰਹਾਉ ॥ ਸਾਚੀ ਗੁਰ ਵਡਿਆਈ ॥ ਤਾ ਕੀ ਕੀਮਤਿ ਕਹਣੁ ਨ ਜਾਈ ॥ ਸਿਰਿ ਸਾਹਾ ਪਾਤਿਸਾਹਾ ॥ ਗੁਰ ਭੇਟਤ ਮਨਿ ਓਮਾਹਾ ॥੨॥ ਸਗਲ ਪਰਾਛਤ ਲਾਥੇ ॥ ਮਿਲਿ ਸਾਧਸੰਗਤਿ ਕੈ ਸਾਥੇ ॥ ਗੁਣ ਨਿਧਾਨ ਹਰਿ ਨਾਮਾ ॥ ਜਪਿ ਪੂਰਨ ਹੋਏ ਕਾਮਾ ॥੩॥ ਗੁਰਿ ਕੀਨੋ ਮੁਕਤਿ ਦੁਆਰਾ ॥ ਸਭ ਸ੍ਰਿਸਟਿ ਕਰੈ ਜੈਕਾਰਾ ॥ ਨਾਨਕ ਪ੍ਰਭੁ ਮੇਰੈ ਸਾਥੇ ॥ ਜਨਮ ਮਰਣ ਭੈ ਲਾਥੇ ॥੪॥੨॥੫੨॥ ਸੋਰਠਿ ਮਹਲਾ ੫ ॥ ਗੁਰਿ ਪੂਰੈ ਕਿਰਪਾ ਧਾਰੀ ॥ ਪ੍ਰਭਿ ਪੂਰੀ ਲੋਚ ਹਮਾਰੀ ॥ ਕਰਿ ਇਸਨਾਨੁ ਗ੍ਰਿਹਿ ਆਏ ॥ ਅਨਦ ਮੰਗਲ ਸੁਖ ਪਾਏ ॥੧॥ ਸੰਤਹੁ ਰਾਮ ਨਾਮਿ ਨਿਸਤਰੀਐ ॥ ਊਠਤ ਬੈਠਤ ਹਰਿ ਹਰਿ ਧਿਆਈਐ

ਅਨਦਿਨੁ ਸੁਕ੍ਰਿਤੁ ਕਰੀਐ ॥੧॥ ਰਹਾਉ ॥ ਸੰਤ ਕਾ ਮਾਰਗੁ ਧਰਮ ਕੀ ਪਉੜੀ ਕੋ ਵਡਭਾਗੀ ਪਾਏ ॥ ਕੋਟਿ ਜਨਮ ਕੇ ਕਿਲਬਿਖ ਨਾਸੇ ਹਰਿ ਚਰਣੀ ਚਿਤੁ ਲਾਏ ॥੨॥ ਉਸਤਤਿ ਕਰਹੁ ਸਦਾ ਪ੍ਰਭ ਅਪਨੇ ਜਿਨਿ ਪੂਰੀ ਕਲ ਰਾਖੀ ॥ ਜੀਅ ਜੰਤ ਸਭਿ ਭਏ ਪਵਿਤ੍ਰਾ ਸਤਿਗੁਰ ਕੀ ਸਚੁ ਸਾਖੀ ॥੩॥ ਬਿਘਨ ਬਿਨਾਸਨ ਸਭਿ ਦੁਖ ਨਾਸਨ ਸਤਿਗੁਰਿ ਨਾਮੁ ਦ੍ਰਿੜਾਇਆ ॥ ਖੋਏ ਪਾਪ ਭਏ ਸਭਿ ਪਾਵਨ ਜਨ ਨਾਨਕ ਸੁਖਿ ਘਰਿ ਆਇਆ ॥੪॥੩॥੫੩॥ ਸੋਰਠਿ ਮਹਲਾ ੫ ॥ ਸਾਹਿਬੁ ਗੁਨੀ ਗਹੇਰਾ ॥ ਘਰੁ ਲਸਕਰੁ ਸਭੁ ਤੇਰਾ ॥ ਰਖਵਾਲੇ ਗੁਰ ਗੋਪਾਲਾ ॥ ਸਭਿ ਜੀਅ ਭਏ ਦਇਆਲਾ ॥੧॥ ਜਪਿ ਅਨਦਿ ਰਹਉ ਗੁਰ ਚਰਣਾ ॥ ਭਉ ਕਤਹਿ ਨਹੀ ਪ੍ਰਭ ਸਰਣਾ ॥ ਰਹਾਉ ॥ ਤੇਰਿਆ ਦਾਸਾ ਰਿਦੈ ਮੁਰਾਰੀ ॥ ਪ੍ਰਭਿ ਅਬਿਚਲ ਨੀਵ ਉਸਾਰੀ ॥ ਬਲੁ ਧਨੁ ਤਕੀਆ ਤੇਰਾ ॥ ਤੂ ਭਾਰੋ ਠਾਕੁਰੁ ਮੇਰਾ ॥੨॥ ਜਿਨਿ ਜਿਨਿ ਸਾਧਸੰਗੁ ਪਾਇਆ ॥ ਸੋ ਪ੍ਰਭਿ ਆਪਿ ਤਰਾਇਆ ॥ ਕਰਿ ਕਿਰਪਾ ਨਾਮ ਰਸੁ ਦੀਆ ॥ ਕੁਸਲ ਖੇਮ ਸਭ ਥੀਆ ॥੩॥ ਹੋਏ ਪ੍ਰਭੂ ਸਹਾਈ ॥ ਸਭ ਉਠਿ ਲਾਗੀ ਪਾਈ ॥ ਸਾਸਿ ਸਾਸਿ ਪ੍ਰਭੁ ਧਿਆਈਐ ॥ ਹਰਿ ਮੰਗਲੁ ਨਾਨਕ ਗਾਈਐ ॥੪॥੪॥੫੪॥ ਸੋਰਠਿ ਮਹਲਾ ੫ ॥ ਸੂਖ ਸਹਜ ਆਨੰਦਾ ॥ ਪ੍ਰਭੁ ਮਿਲਿਓ ਮਨਿ ਭਾਵੰਦਾ ॥ ਪੂਰੈ ਗੁਰਿ ਕਿਰਪਾ ਧਾਰੀ ॥ ਤਾ ਗਤਿ ਭਈ ਹਮਾਰੀ ॥੧॥ ਹਰਿ ਕੀ ਪ੍ਰੇਮ ਭਗਤਿ ਮਨੁ ਲੀਨਾ ॥ ਨਿਤ ਬਾਜੇ ਅਨਹਤ ਬੀਨਾ ॥ ਰਹਾਉ ॥ ਹਰਿ ਚਰਣ ਕੀ ਓਟ ਸਤਾਣੀ ॥ ਸਭ ਚੂਕੀ ਕਾਣਿ ਲੋਕਾਣੀ ॥ ਜਗਜੀਵਨੁ ਦਾਤਾ ਪਾਇਆ ॥ ਹਰਿ ਰਸਕਿ ਰਸਕਿ ਗੁਣ ਗਾਇਆ ॥੨॥ ਪ੍ਰਭ ਕਾਟਿਆ ਜਮ ਕਾ ਫਾਸਾ ॥ ਮਨ ਪੂਰਨ ਹੋਈ ਆਸਾ ॥ ਜਹ ਪੇਖਾ ਤਹ ਸੋਈ ॥ ਹਰਿ ਪ੍ਰਭ ਬਿਨੁ ਅਵਰੁ ਨ ਕੋਈ ॥੩॥ ਕਰਿ ਕਿਰਪਾ ਪ੍ਰਭਿ ਰਾਖੇ ॥ ਸਭਿ ਜਨਮ ਜਨਮ ਦੁਖ ਲਾਥੇ ॥ ਨਿਰਭਉ ਨਾਮੁ ਧਿਆਇਆ ॥ ਅਟਲ ਸੁਖੁ ਨਾਨਕ ਪਾਇਆ ॥੪॥੫॥੫੫॥ ਸੋਰਠਿ ਮਹਲਾ ੫ ॥ ਠਾਢਿ ਪਾਈ ਕਰਤਾਰੇ ॥ ਤਾਪੁ ਛੋਡਿ ਗਇਆ ਪਰਵਾਰੇ ॥ ਗੁਰਿ ਪੂਰੈ ਹੈ ਰਾਖੀ ॥ ਸਰਣਿ ਸਚੇ ਕੀ ਤਾਕੀ ॥੧॥ ਪਰਮੇਸਰੁ ਆਪਿ ਹੋਆ ਰਖਵਾਲਾ ॥ ਸਾਂਤਿ ਸਹਜ ਸੁਖ ਖਿਨ ਮਹਿ ਉਪਜੇ ਮਨੁ ਹੋਆ ਸਦਾ ਸੁਖਾਲਾ ॥ ਰਹਾਉ ॥ ਹਰਿ ਹਰਿ ਨਾਮੁ ਦੀਓ ਦਾਰੂ ॥ ਤਿਨਿ ਸਗਲਾ ਰੋਗੁ ਬਿਦਾਰੂ ॥ ਅਪਣੀ ਕਿਰਪਾ ਧਾਰੀ ॥ ਤਿਨਿ ਸਗਲੀ ਬਾਤ ਸਵਾਰੀ ॥੨॥ ਪ੍ਰਭਿ ਅਪਨਾ ਬਿਰਦੁ ਸਮਾਰਿਆ ॥ ਹਮਰਾ ਗੁਣੁ ਅਵਗੁਣੁ ਨ ਬੀਚਾਰਿਆ ॥ ਗੁਰ ਕਾ ਸਬਦੁ

ਭਇਓ ਸਾਖੀ ॥ ਤਿਨਿ ਸਗਲੀ ਲਾਜ ਰਾਖੀ ॥੩॥ ਬੋਲਾਇਆ ਬੋਲੀ ਤੇਰਾ ॥ ਤੂ ਸਾਹਿਬੁ ਗੁਣੀ ਗਹੇਰਾ ॥ ਜਪਿ ਨਾਨਕ ਨਾਮੁ ਸਚੁ ਸਾਖੀ ॥ ਅਪੁਨੇ ਦਾਸ ਕੀ ਪੈਜ ਰਾਖੀ ॥੪॥੬॥੫੬॥ ਸੋਰਠਿ ਮਹਲਾ ੫ ॥ ਵਿਚਿ ਕਰਤਾ ਪੁਰਖੁ ਖਲੋਆ ॥ ਵਾਲੁ ਨ ਵਿੰਗਾ ਹੋਆ ॥ ਮਜਨੁ ਗੁਰ ਆਂਦਾ ਰਾਸੇ ॥ ਜਪਿ ਹਰਿ ਹਰਿ ਕਿਲਵਿਖ ਨਾਸੇ ॥੧॥ ਸੰਤਹੁ ਰਾਮਦਾਸ ਸਰੋਵਰੁ ਨੀਕਾ ॥ ਜੋ ਨਾਵੈ ਸੋ ਕੁਲੁ ਤਰਾਵੈ ਉਧਾਰੁ ਹੋਆ ਹੈ ਜੀ ਕਾ ॥੧॥ ਰਹਾਉ ॥ ਜੈ ਜੈ ਕਾਰੁ ਜਗੁ ਗਾਵੈ ॥ ਮਨ ਚਿੰਦਿਅੜੇ ਫਲ ਪਾਵੈ ॥ ਸਹੀ ਸਲਾਮਤਿ ਨਾਇ ਆਏ ॥ ਅਪਣਾ ਪ੍ਰਭੂ ਧਿਆਏ ॥੨॥ ਸੰਤ ਸਰੋਵਰ ਨਾਵੈ ॥ ਸੋ ਜਨੁ ਪਰਮ ਗਤਿ ਪਾਵੈ ॥ ਮਰੈ ਨ ਆਵੈ ਜਾਈ ॥ ਹਰਿ ਹਰਿ ਨਾਮੁ ਧਿਆਈ ॥੩॥ ਇਹੁ ਬ੍ਰਹਮ ਬਿਚਾਰੁ ਸੁ ਜਾਨੈ ॥ ਜਿਸੁ ਦਇਆਲੁ ਹੋਇ ਭਗਵਾਨੈ ॥ ਬਾਬਾ ਨਾਨਕ ਪ੍ਰਭ ਸਰਣਾਈ ॥ ਸਭ ਚਿੰਤਾ ਗਣਤ ਮਿਟਾਈ ॥੪॥੭॥੫੭॥ ਸੋਰਠਿ ਮਹਲਾ ੫ ॥ ਪਾਰਬ੍ਰਹਮਿ ਨਿਬਾਹੀ ਪੂਰੀ ॥ ਕਾਈ ਬਾਤ ਨ ਰਹੀਆ ਊਰੀ ॥ ਗੁਰਿ ਚਰਨ ਲਾਇ ਨਿਸਤਾਰੇ ॥ ਹਰਿ ਹਰਿ ਨਾਮੁ ਸਮ੍ਾਰੇ ॥੧॥ ਅਪਨੇ ਦਾਸ ਕਾ ਸਦਾ ਰਖਵਾਲਾ ॥ ਕਰਿ ਕਿਰਪਾ ਅਪੁਨੇ ਕਰਿ ਰਾਖੇ ਮਾਤ ਪਿਤਾ ਜਿਉ ਪਾਲਾ ॥੧॥ ਰਹਾਉ ॥ ਵਡਭਾਗੀ ਸਤਿਗੁਰੁ ਪਾਇਆ ॥ ਜਿਨਿ ਜਮ ਕਾ ਪੰਥੁ ਮਿਟਾਇਆ ॥ ਹਰਿ ਭਗਤਿ ਭਾਇ ਚਿਤੁ ਲਾਗਾ ॥ ਜਪਿ ਜੀਵਹਿ ਸੇ ਵਡਭਾਗਾ ॥੨॥ ਹਰਿ ਅੰਮ੍ਰਿਤ ਬਾਣੀ ਗਾਵੈ ॥ ਸਾਧਾ ਕੀ ਧੂਰੀ ਨਾਵੈ ॥ ਅਪੁਨਾ ਨਾਮੁ ਆਪੇ ਦੀਆ ॥ ਪ੍ਰਭ ਕਰਣਹਾਰ ਰਖਿ ਲੀਆ ॥੩॥ ਹਰਿ ਦਰਸਨ ਪ੍ਰਾਨ ਅਧਾਰਾ ॥ ਇਹੁ ਪੂਰਨ ਬਿਮਲ ਬੀਚਾਰਾ ॥ ਕਰਿ ਕਿਰਪਾ ਅੰਤਰਜਾਮੀ ॥ ਦਾਸ ਨਾਨਕ ਸਰਣਿ ਸੁਆਮੀ ॥੪॥੮॥੫੮॥ ਸੋਰਠਿ ਮਹਲਾ ੫ ॥ ਗੁਰਿ ਪੂਰੈ ਚਰਨੀ ਲਾਇਆ ॥ ਹਰਿ ਸੰਗਿ ਸਹਾਈ ਪਾਇਆ ॥ ਜਹ ਜਾਈਐ ਤਹਾ ਸੁਹੇਲੇ ॥ ਕਰਿ ਕਿਰਪਾ ਪ੍ਰਭਿ ਮੇਲੇ ॥੧॥ ਹਰਿ ਗੁਣ ਗਾਵਹੁ ਸਦਾ ਸੁਭਾਈ ॥ ਮਨ ਚਿੰਦੇ ਸਗਲੇ ਫਲ ਪਾਵਹੁ ਜੀਅ ਕੈ ਸੰਗਿ ਸਹਾਈ ॥੧॥ ਰਹਾਉ ॥ ਨਾਰਾਇਣ ਪ੍ਰਾਣ ਅਧਾਰਾ ॥ ਹਮ ਸੰਤ ਜਨਾਂ ਰੇਨਾਰਾ ॥ ਪਤਿਤ ਪੁਨੀਤ ਕਰਿ ਲੀਨੇ ॥ ਕਰਿ ਕਿਰਪਾ ਹਰਿ ਜਸੁ ਦੀਨੇ ॥੨॥ ਪਾਰਬ੍ਰਹਮੁ ਕਰੇ ਪ੍ਰਤਿਪਾਲਾ ॥ ਸਦ ਜੀਅ ਸੰਗਿ ਰਖਵਾਲਾ ॥ ਹਰਿ ਦਿਨੁ ਰੈਨਿ ਕੀਰਤਨੁ ਗਾਈਐ ॥ ਬਹੁੜਿ ਨ ਜੋਨੀ ਪਾਈਐ ॥੩॥ ਜਿਸੁ ਦੇਵੈ ਪੁਰਖੁ ਬਿਧਾਤਾ ॥ ਹਰਿ ਰਸੁ ਤਿਨ ਹੀ ਜਾਤਾ ॥ ਜਮਕੰਕਰੁ ਨੇੜਿ ਨ ਆਇਆ ॥ ਸੁਖੁ ਨਾਨਕ

ਸਰਣੀ ਪਾਇਆ ॥੪॥੯॥੫੯॥ ਸੋਰਠਿ ਮਹਲਾ ੫ ॥ ਗੁਰਿ ਪੂਰੈ ਕੀਤੀ ਪੂਰੀ ॥ ਪ੍ਰਭੁ ਰਵਿ ਰਹਿਆ ਭਰਪੂਰੀ ॥ ਖੇਮ ਕੁਸਲ ਭਇਆ ਇਸਨਾਨਾ ॥ ਪਾਰਬ੍ਰਹਮ ਵਿਟਹੁ ਕੁਰਬਾਨਾ ॥੧॥ ਗੁਰ ਕੇ ਚਰਨ ਕਵਲ ਰਿਦ ਧਾਰੇ ॥ ਬਿਘਨੁ ਨ ਲਾਗੈ ਤਿਲ ਕਾ ਕੋਈ ਕਾਰਜ ਸਗਲ ਸਵਾਰੇ ॥੧॥ ਰਹਾਉ ॥ ਮਿਲਿ ਸਾਧੂ ਦੁਰਮਤਿ ਖੋਏ ॥ ਪਤਿਤ ਪੁਨੀਤ ਸਭ ਹੋਏ ॥ ਰਾਮਦਾਸਿ ਸਰੋਵਰ ਨਾਤੇ ॥ ਸਭ ਲਾਥੇ ਪਾਪ ਕਮਾਤੇ ॥੨॥ ਗੁਨ ਗੋਬਿੰਦ ਨਿਤ ਗਾਈਐ ॥ ਸਾਧਸੰਗਿ ਮਿਲਿ ਧਿਆਈਐ ॥ ਮਨ ਬਾਂਛਤ ਫਲ ਪਾਏ ॥ ਗੁਰੁ ਪੂਰਾ ਰਿਦੈ ਧਿਆਏ ॥੩॥ ਗੁਰ ਗੋਪਾਲ ਆਨੰਦਾ ॥ ਜਪਿ ਜਪਿ ਜੀਵੈ ਪਰਮਾਨੰਦਾ ॥ ਜਨ ਨਾਨਕ ਨਾਮੁ ਧਿਆਇਆ ॥ ਪ੍ਰਭ ਅਪਨਾ ਬਿਰਦੁ ਰਖਾਇਆ ॥੪॥੧੦॥੬੦॥ ਰਾਗੁ ਸੋਰਠਿ ਮਹਲਾ ੫ ॥ ਦਹ ਦਿਸ ਛਤ੍ਰ ਮੇਘ ਘਟਾ ਘਟ ਦਾਮਨਿ ਚਮਕਿ ਡਰਾਇਓ ॥ ਸੇਜ ਇਕੇਲੀ ਨੀਦ ਨਹੁ ਨੈਨਹ ਪਿਰੁ ਪਰਦੇਸਿ ਸਿਧਾਇਓ ॥੧॥ ਹੁਣਿ ਨਹੀ ਸੰਦੇਸਰੋ ਮਾਇਓ ॥ ਏਕ ਕੋਸਰੋ ਸਿਧਿ ਕਰਤ ਲਾਲੁ ਤਬ ਚਤੁਰ ਪਾਤਰੋ ਆਇਓ ॥ ਰਹਾਉ ॥ ਕਿਉ ਬਿਸਰੈ ਇਹੁ ਲਾਲੁ ਪਿਆਰੋ ਸਰਬ ਗੁਣਾ ਸੁਖਦਾਇਓ ॥ ਮੰਦਰਿ ਚਰਿ ਕੈ ਪੰਥੁ ਨਿਹਾਰਉ ਨੈਨ ਨੀਰਿ ਭਰਿ ਆਇਓ ॥੨॥ ਹਉ ਹਉ ਭੀਤਿ ਭਇਓ ਹੈ ਬੀਚੋ ਸੁਨਤ ਦੇਸਿ ਨਿਕਟਾਇਓ ॥ ਭਾਂਭੀਰੀ ਕੇ ਪਾਤ ਪਰਦੋ ਬਿਨੁ ਪੇਖੇ ਦੂਰਾਇਓ ॥੩॥ ਭਇਓ ਕਿਰਪਾਲੁ ਸਰਬ ਕੋ ਠਾਕੁਰੁ ਸਗਰੋ ਦੂਖੁ ਮਿਟਾਇਓ ॥ ਕਹੁ ਨਾਨਕ ਹਉਮੈ ਭੀਤਿ ਗੁਰਿ ਖੋਈ ਤਉ ਦਇਆਰੁ ਬੀਠਲੋ ਪਾਇਓ ॥੪॥ ਸਭੁ ਰਹਿਓ ਅੰਦੇਸਰੋ ਮਾਇਓ ॥ ਜੋ ਚਾਹਤ ਸੋ ਗੁਰੂ ਮਿਲਾਇਓ ॥ ਸਰਬ ਗੁਨਾ ਨਿਧਿ ਰਾਇਓ ॥ ਰਹਾਉ ਦੂਜਾ ॥੧੧॥੬੧॥ ਸੋਰਠਿ ਮਹਲਾ ੫ ॥ ਗਈ ਬਹੋੜੁ ਬੰਦੀ ਛੋੜੁ ਨਿਰੰਕਾਰੁ ਦੁਖਦਾਰੀ ॥ ਕਰਮੁ ਨ ਜਾਣਾ ਧਰਮੁ ਨ ਜਾਣਾ ਲੋਭੀ ਮਾਇਆਧਾਰੀ ॥ ਨਾਮੁ ਪਰਿਓ ਭਗਤੁ ਗੋਵਿੰਦ ਕਾ ਇਹ ਰਾਖਹੁ ਪੈਜ ਤੁਮਾਰੀ ॥੧॥ ਹਰਿ ਜੀਉ ਨਿਮਾਣਿਆ ਤੂ ਮਾਣੁ ॥ ਨਿਚੀਜਿਆ ਚੀਜ ਕਰੇ ਮੇਰਾ ਗੋਵਿੰਦੁ ਤੇਰੀ ਕੁਦਰਤਿ ਕਉ ਕੁਰਬਾਣੁ ॥ ਰਹਾਉ ॥ ਜੈਸਾ ਬਾਲਕੁ ਭਾਇ ਸੁਭਾਈ ਲਖ ਅਪਰਾਧ ਕਮਾਵੈ ॥ ਕਰਿ ਉਪਦੇਸੁ ਝਿੜਕੇ ਬਹੁ ਭਾਤੀ ਬਹੁੜਿ ਪਿਤਾ ਗਲਿ ਲਾਵੈ ॥ ਪਿਛਲੇ ਅਉਗੁਣ ਬਖਸਿ ਲਏ ਪ੍ਰਭੁ ਆਗੈ ਮਾਰਗਿ ਪਾਵੈ ॥੨॥ ਹਰਿ ਅੰਤਰਜਾਮੀ ਸਭ ਬਿਧਿ ਜਾਣੈ ਤਾ ਕਿਸੁ ਪਹਿ ਆਖਿ ਸੁਣਾਈਐ ॥ ਕਹਣੈ ਕਥਨਿ ਨ ਭੀਜੈ ਗੋਬਿੰਦੁ ਹਰਿ ਭਾਵੈ ਪੈਜ ਰਖਾਈਐ ॥ ਅਵਰ ਓਟ ਮੈ ਸਗਲੀ ਦੇਖੀ

ਇਕ ਤੇਰੀ ਓਟ ਰਹਾਈਐ ॥੩॥ ਹੋਇ ਦਇਆਲੁ ਕਿਰਪਾਲੁ ਪ੍ਰਭੁ ਠਾਕੁਰੁ ਆਪੇ ਸੁਣੈ ਬੇਨੰਤੀ ॥ ਪੂਰਾ ਸਤਗੁਰੁ ਮੇਲਿ ਮਿਲਾਵੈ ਸਭ ਚੂਕੈ ਮਨ ਕੀ ਚਿੰਤੀ ॥ ਹਰਿ ਹਰਿ ਨਾਮੁ ਅਵਖਦੁ ਮੁਖਿ ਪਾਇਆ ਜਨ ਨਾਨਕ ਸੁਖਿ ਵਸੰਤੀ ॥੪॥੧੨॥੬੨॥ ਸੋਰਠਿ ਮਹਲਾ ੫ ॥ ਸਿਮਰਿ ਸਿਮਰਿ ਪ੍ਰਭ ਭਏ ਅਨੰਦਾ ਦੁਖ ਕਲੇਸ ਸਭਿ ਨਾਠੇ ॥ ਗੁਨ ਗਾਵਤ ਧਿਆਵਤ ਪ੍ਰਭੁ ਅਪਨਾ ਕਾਰਜ ਸਗਲੇ ਸਾਂਠੇ ॥੧॥ ਜਗਜੀਵਨ ਨਾਮੁ ਤੁਮਾਰਾ ॥ ਗੁਰ ਪੂਰੇ ਦੀਓ ਉਪਦੇਸਾ ਜਪਿ ਭਉਜਲੁ ਪਾਰਿ ਉਤਾਰਾ ॥ ਰਹਾਉ ॥ ਤੂਹੈ ਮੰਤ੍ਰੀ ਸੁਨਹਿ ਪ੍ਰਭ ਤੂਹੈ ਸਭੁ ਕਿਛੁ ਕਰਣੈਹਾਰਾ ॥ ਤੂ ਆਪੇ ਦਾਤਾ ਆਪੇ ਭੁਗਤਾ ਕਿਆ ਇਹੁ ਜੰਤੁ ਵਿਚਾਰਾ ॥੨॥ ਕਿਆ ਗੁਣ ਤੇਰੇ ਆਖਿ ਵਖਾਣੀ ਕੀਮਤਿ ਕਹਣੁ ਨ ਜਾਈ ॥ ਪੇਖਿ ਪੇਖਿ ਜੀਵੈ ਪ੍ਰਭੁ ਅਪਨਾ ਅਚਰਜੁ ਤੁਮਹਿ ਵਡਾਈ ॥੩॥ ਧਾਰਿ ਅਨੁਗ੍ਰਹੁ ਆਪਿ ਪ੍ਰਭ ਸ੍ਵਾਮੀ ਪਤਿ ਮਤਿ ਕੀਨੀ ਪੂਰੀ ॥ ਸਦਾ ਸਦਾ ਨਾਨਕ ਬਲਿਹਾਰੀ ਬਾਛਉ ਸੰਤਾ ਧੂਰੀ ॥੪॥੧੩॥੬੩॥ ਸੋਰਠਿ ਮਃ ੫ ॥ ਗੁਰੁ ਪੂਰਾ ਨਮਸਕਾਰੇ ॥ ਪ੍ਰਭਿ ਸਭੇ ਕਾਜ ਸਵਾਰੇ ॥ ਹਰਿ ਅਪਣੀ ਕਿਰਪਾ ਧਾਰੀ ॥ ਪ੍ਰਭ ਪੂਰਨ ਪੈਜ ਸਵਾਰੀ ॥੧॥ ਅਪਨੇ ਦਾਸ ਕੋ ਭਇਓ ਸਹਾਈ ॥ ਸਗਲ ਮਨੋਰਥ ਕੀਨੇ ਕਰਤੈ ਊਣੀ ਬਾਤ ਨ ਕਾਈ ॥ ਰਹਾਉ ॥ ਕਰਤੈ ਪੁਰਖਿ ਤਾਲੁ ਦਿਵਾਇਆ ॥ ਪਿਛੈ ਲਗਿ ਚਲੀ ਮਾਇਆ ॥ ਤੋਟਿ ਨ ਕਤਹੂ ਆਵੈ ॥ ਮੇਰੇ ਪੂਰੇ ਸਤਗੁਰ ਭਾਵੈ ॥੨॥ ਸਿਮਰਿ ਸਿਮਰਿ ਦਇਆਲਾ ॥ ਸਭਿ ਜੀਅ ਭਏ ਕਿਰਪਾਲਾ ॥ ਜੈ ਜੈ ਕਾਰੁ ਗੁਸਾਈ ॥ ਜਿਨਿ ਪੂਰੀ ਬਣਤ ਬਣਾਈ ॥੩॥ ਤੂ ਭਾਰੋ ਸੁਆਮੀ ਮੋਰਾ ॥ ਇਹੁ ਪੁੰਨੁ ਪਦਾਰਥੁ ਤੇਰਾ ॥ ਜਨ ਨਾਨਕ ਏਕੁ ਧਿਆਇਆ ॥ ਸਰਬ ਫਲਾ ਪੁੰਨੁ ਪਾਇਆ ॥੪॥੧੪॥੬੪॥

ਸੋਰਠਿ ਮਹਲਾ ੫ ਘਰੁ ੩ ਦੁਪਦੇ ੴ ਸਤਿਗੁਰ ਪ੍ਰਸਾਦਿ ॥

ਰਾਮਦਾਸ ਸਰੋਵਰਿ ਨਾਤੇ ॥ ਸਭਿ ਉਤਰੇ ਪਾਪ ਕਮਾਤੇ ॥ ਨਿਰਮਲ ਹੋਏ ਕਰਿ ਇਸਨਾਨਾ ॥ ਗੁਰਿ ਪੂਰੈ ਕੀਨੇ ਦਾਨਾ ॥੧॥ ਸਭਿ ਕੁਸਲ ਖੇਮ ਪ੍ਰਭਿ ਧਾਰੇ ॥ ਸਹੀ ਸਲਾਮਤਿ ਸਭਿ ਥੋਕ ਉਬਾਰੇ ਗੁਰ ਕਾ ਸਬਦੁ ਵੀਚਾਰੇ ॥ ਰਹਾਉ ॥ ਸਾਧਸੰਗਿ ਮਲੁ ਲਾਥੀ ॥ ਪਾਰਬ੍ਰਹਮੁ ਭਇਓ ਸਾਥੀ ॥ ਨਾਨਕ ਨਾਮੁ ਧਿਆਇਆ ॥ ਆਦਿ ਪੁਰਖ ਪ੍ਰਭੁ ਪਾਇਆ ॥੨॥੧॥੬੫॥ ਸੋਰਠਿ ਮਹਲਾ ੫ ॥ ਜਿਤੁ ਪਾਰਬ੍ਰਹਮੁ ਚਿਤਿ ਆਇਆ ॥ ਸੋ ਘਰੁ ਦਯਿ ਵਸਾਇਆ ॥

ਸੁਖ ਸਾਗਰੁ ਗੁਰੁ ਪਾਇਆ ॥ ਤਾ ਸਹਸਾ ਸਗਲ ਮਿਟਾਇਆ ॥੧॥ ਹਰਿ ਕੇ ਨਾਮ ਕੀ ਵਡਿਆਈ ॥ ਆਠ ਪਹਰ ਗੁਣ ਗਾਈ ॥ ਗੁਰ ਪੂਰੇ ਤੇ ਪਾਈ ॥ ਰਹਾਉ ॥ ਪ੍ਰਭ ਕੀ ਅਕਥ ਕਹਾਣੀ ॥ ਜਨ ਬੋਲਹਿ ਅੰਮ੍ਰਿਤ ਬਾਣੀ ॥ ਨਾਨਕ ਦਾਸ ਵਖਾਣੀ ॥ ਗੁਰ ਪੂਰੇ ਤੇ ਜਾਣੀ ॥੨॥੨॥੬੬॥ ਸੋਰਠਿ ਮਹਲਾ ੫ ॥ ਆਗੈ ਸੁਖੁ ਗੁਰਿ ਦੀਆ ॥ ਪਾਛੈ ਕੁਸਲ ਖੇਮ ਗੁਰਿ ਕੀਆ ॥ ਸਰਬ ਨਿਧਾਨ ਸੁਖ ਪਾਇਆ ॥ ਗੁਰੁ ਅਪੁਨਾ ਰਿਦੈ ਧਿਆਇਆ ॥੧॥ ਅਪਨੇ ਸਤਿਗੁਰ ਕੀ ਵਡਿਆਈ ॥ ਮਨ ਇਛੇ ਫਲ ਪਾਈ ॥ ਸੰਤਹੁ ਦਿਨੁ ਦਿਨੁ ਚੜੈ ਸਵਾਈ ॥ ਰਹਾਉ ॥ ਜੀਅ ਜੰਤ ਸਭਿ ਭਏ ਦਇਆਲਾ ਪ੍ਰਭਿ ਅਪਨੇ ਕਰਿ ਦੀਨੇ ॥ ਸਹਜ ਸੁਭਾਇ ਮਿਲੇ ਗੋਪਾਲਾ ਨਾਨਕ ਸਾਚਿ ਪਤੀਨੇ ॥੨॥੩॥੬੭॥ ਸੋਰਠਿ ਮਹਲਾ ੫ ॥ ਗੁਰ ਕਾ ਸਬਦੁ ਰਖਵਾਰੇ ॥ ਚਉਕੀ ਚਉਗਿਰਦ ਹਮਾਰੇ ॥ ਰਾਮ ਨਾਮਿ ਮਨੁ ਲਾਗਾ ॥ ਜਮੁ ਲਜਾਇ ਕਰਿ ਭਾਗਾ ॥੧॥ ਪ੍ਰਭ ਜੀ ਤੂ ਮੇਰੋ ਸੁਖਦਾਤਾ ॥ ਬੰਧਨ ਕਾਟਿ ਕਰੇ ਮਨੁ ਨਿਰਮਲੁ ਪੂਰਨ ਪੁਰਖੁ ਬਿਧਾਤਾ ॥ ਰਹਾਉ ॥ ਨਾਨਕ ਪ੍ਰਭੁ ਅਬਿਨਾਸੀ ॥ ਤਾ ਕੀ ਸੇਵ ਨ ਬਿਰਥੀ ਜਾਸੀ ॥ ਅਨਦ ਕਰਹਿ ਤੇਰੇ ਦਾਸਾ ॥ ਜਪਿ ਪੂਰਨ ਹੋਈ ਆਸਾ ॥੨॥੪॥੬੮॥ ਸੋਰਠਿ ਮਹਲਾ ੫ ॥ ਗੁਰ ਅਪੁਨੇ ਬਲਿਹਾਰੀ ॥ ਜਿਨਿ ਪੂਰਨ ਪੈਜ ਸਵਾਰੀ ॥ ਮਨ ਚਿੰਦਿਆ ਫਲੁ ਪਾਇਆ ॥ ਪ੍ਰਭੁ ਅਪੁਨਾ ਸਦਾ ਧਿਆਇਆ ॥੧॥ ਸੰਤਹੁ ਤਿਸੁ ਬਿਨੁ ਅਵਰੁ ਨ ਕੋਈ ॥ ਕਰਣ ਕਾਰਣ ਪ੍ਰਭੁ ਸੋਈ ॥ ਰਹਾਉ ॥ ਪ੍ਰਭਿ ਅਪਨੈ ਵਰ ਦੀਨੇ ॥ ਸਗਲ ਜੀਅ ਵਸਿ ਕੀਨੇ ॥ ਜਨ ਨਾਨਕ ਨਾਮੁ ਧਿਆਇਆ ॥ ਤਾ ਸਗਲੇ ਦੂਖ ਮਿਟਾਇਆ ॥੨॥੫॥੬੯॥ ਸੋਰਠਿ ਮਹਲਾ ੫ ॥ ਤਾਪੁ ਗਵਾਇਆ ਗੁਰਿ ਪੂਰੇ ॥ ਵਾਜੇ ਅਨਹਦ ਤੂਰੇ ॥ ਸਰਬ ਕਲਿਆਣ ਪ੍ਰਭਿ ਕੀਨੇ ॥ ਕਰਿ ਕਿਰਪਾ ਆਪਿ ਦੀਨੇ ॥੧॥ ਬੇਦਨ ਸਤਿਗੁਰਿ ਆਪਿ ਗਵਾਈ ॥ ਸਿਖ ਸੰਤ ਸਭਿ ਸਰਸੇ ਹੋਏ ਹਰਿ ਹਰਿ ਨਾਮੁ ਧਿਆਈ ॥ ਰਹਾਉ ॥ ਜੋ ਮੰਗਹਿ ਸੋ ਲੇਵਹਿ ॥ ਪ੍ਰਭ ਅਪਣਿਆ ਸੰਤਾ ਦੇਵਹਿ ॥ ਹਰਿ ਗੋਵਿਦੁ ਪ੍ਰਭਿ ਰਾਖਿਆ ॥ ਜਨ ਨਾਨਕ ਸਾਚੁ ਸੁਭਾਖਿਆ ॥੨॥੬॥੭੦॥ ਸੋਰਠਿ ਮਹਲਾ ੫ ॥ ਸੋਈ ਕਰਾਇ ਜੋ ਤੁਧੁ ਭਾਵੈ ॥ ਮੋਹਿ ਸਿਆਣਪ ਕਛੂ ਨ ਆਵੈ ॥ ਹਮ ਬਾਰਿਕ ਤਉ ਸਰਣਾਈ ॥ ਪ੍ਰਭਿ ਆਪੇ ਪੈਜ ਰਖਾਈ ॥੧॥ ਮੇਰਾ ਮਾਤ ਪਿਤਾ ਹਰਿ ਰਾਇਆ ॥ ਕਰਿ ਕਿਰਪਾ ਪ੍ਰਤਿਪਾਲਣ ਲਾਗਾ ਕਰਂੀ ਤੇਰਾ ਕਰਾਇਆ ॥ ਰਹਾਉ ॥ ਜੀਅ ਜੰਤ ਤੇਰੇ ਧਾਰੇ ॥ ਪ੍ਰਭ ਡੋਰੀ ਹਾਥਿ ਤੁਮਾਰੇ ॥

ਜਿ ਕਰਾਵੈ ਸੋ ਕਰਣਾ ॥ ਨਾਨਕ ਦਾਸ ਤੇਰੀ ਸਰਣਾ ॥੨॥੭॥੭੧॥ ਸੋਰਠਿ ਮਹਲਾ ੫ ॥ ਹਰਿ ਨਾਮੁ ਰਿਦੈ ਪਰੋਇਆ ॥ ਸਭੁ ਕਾਜੁ ਹਮਾਰਾ ਹੋਇਆ ॥ ਪ੍ਰਭ ਚਰਣੀ ਮਨੁ ਲਾਗਾ ॥ ਪੂਰਨ ਜਾ ਕੇ ਭਾਗਾ ॥੧॥ ਮਿਲਿ ਸਾਧਸੰਗਿ ਹਰਿ ਧਿਆਇਆ ॥ ਆਠ ਪਹਰ ਅਰਾਧਿਓ ਹਰਿ ਹਰਿ ਮਨ ਚਿੰਦਿਆ ਫਲੁ ਪਾਇਆ ॥ ਰਹਾਉ ॥ ਪਰਾ ਪੂਰਬਲਾ ਅੰਕੁਰੁ ਜਾਗਿਆ ॥ ਰਾਮ ਨਾਮਿ ਮਨੁ ਲਾਗਿਆ ॥ ਮਨਿ ਤਨਿ ਹਰਿ ਦਰਸਿ ਸਮਾਵੈ ॥ ਨਾਨਕ ਦਾਸ ਸਚੇ ਗੁਣ ਗਾਵੈ ॥੨॥੮॥੭੨॥ ਸੋਰਠਿ ਮਹਲਾ ੫ ॥ ਗੁਰ ਮਿਲਿ ਪ੍ਰਭੂ ਚਿਤਾਰਿਆ ॥ ਕਾਰਜ ਸਭਿ ਸਵਾਰਿਆ ॥ ਮੰਦਾ ਕੋ ਨ ਅਲਾਏ ॥ ਸਭ ਜੈ ਜੈ ਕਾਰੁ ਸੁਣਾਏ ॥੧॥ ਸੰਤਹੁ ਸਾਚੀ ਸਰਣਿ ਸੁਆਮੀ ॥ ਜੀਅ ਜੰਤ ਸਭਿ ਹਾਥਿ ਤਿਸੈ ਕੈ ਸੋ ਪ੍ਰਭੁ ਅੰਤਰਜਾਮੀ ॥ ਰਹਾਉ ॥ ਕਰਤਬ ਸਭਿ ਸਵਾਰੇ ॥ ਪ੍ਰਭਿ ਅਪੁਨਾ ਬਿਰਦੁ ਸਮਾਰੇ ॥ ਪਤਿਤ ਪਾਵਨ ਪ੍ਰਭ ਨਾਮਾ ॥ ਜਨ ਨਾਨਕ ਸਦ ਕੁਰਬਾਨਾ ॥੨॥੯॥੭੩॥ ਸੋਰਠਿ ਮਹਲਾ ੫ ॥ ਪਾਰਬ੍ਰਹਮਿ ਸਾਜਿ ਸਵਾਰਿਆ ॥ ਇਹੁ ਲਹੁੜਾ ਗੁਰੂ ਉਬਾਰਿਆ ॥ ਅਨਦ ਕਰਹੁ ਪਿਤ ਮਾਤਾ ॥ ਪਰਮੇਸਰੁ ਜੀਅ ਕਾ ਦਾਤਾ ॥੧॥ ਸੁਭ ਚਿਤਵਨਿ ਦਾਸ ਤੁਮਾਰੇ ॥ ਰਾਖਹਿ ਪੈਜ ਦਾਸ ਅਪੁਨੇ ਕੀ ਕਾਰਜ ਆਪਿ ਸਵਾਰੇ ॥ ਰਹਾਉ ॥ ਮੇਰਾ ਪ੍ਰਭੁ ਪਰਉਪਕਾਰੀ ॥ ਪੂਰਨ ਕਲ ਜਿਨਿ ਧਾਰੀ ॥ ਨਾਨਕ ਸਰਣੀ ਆਇਆ ॥ ਮਨ ਚਿੰਦਿਆ ਫਲੁ ਪਾਇਆ ॥੨॥੧੦॥੭੪॥ ਸੋਰਠਿ ਮਹਲਾ ੫ ॥ ਸਦਾ ਸਦਾ ਹਰਿ ਜਾਪੇ ॥ ਪ੍ਰਭ ਬਾਲਕ ਰਾਖੇ ਆਪੇ ॥ ਸੀਤਲਾ ਠਾਕਿ ਰਹਾਈ ॥ ਬਿਘਨ ਗਏ ਹਰਿ ਨਾਈ ॥੧॥ ਮੇਰਾ ਪ੍ਰਭੁ ਹੋਆ ਸਦਾ ਦਇਆਲਾ ॥ ਅਰਦਾਸਿ ਸੁਣੀ ਭਗਤ ਅਪੁਨੇ ਕੀ ਸਭ ਜੀਅ ਭਇਆ ਕਿਰਪਾਲਾ ॥ ਰਹਾਉ ॥ ਪ੍ਰਭ ਕਰਣ ਕਾਰਣ ਸਮਰਾਥਾ ॥ ਹਰਿ ਸਿਮਰਤ ਸਭੁ ਦੁਖੁ ਲਾਥਾ ॥ ਅਪਣੇ ਦਾਸ ਕੀ ਸੁਣੀ ਬੇਨੰਤੀ ॥ ਸਭ ਨਾਨਕ ਸੁਖਿ ਸਵੰਤੀ ॥੨॥੧੧॥੭੫॥ ਸੋਰਠਿ ਮਹਲਾ ੫ ॥ ਅਪਨਾ ਗੁਰੂ ਧਿਆਏ ॥ ਮਿਲਿ ਕੁਸਲ ਸੇਤੀ ਘਰਿ ਆਏ ॥ ਨਾਮੈ ਕੀ ਵਡਿਆਈ ॥ ਤਿਸੁ ਕੀਮਤਿ ਕਹਣੁ ਨ ਜਾਈ ॥੧॥ ਸੰਤਹੁ ਹਰਿ ਹਰਿ ਹਰਿ ਆਰਾਧਹੁ ॥ ਹਰਿ ਆਰਾਧਿ ਸਭੋ ਕਿਛੁ ਪਾਈਐ ਕਾਰਜ ਸਗਲੇ ਸਾਧਹੁ ॥ ਰਹਾਉ ॥ ਪ੍ਰੇਮ ਭਗਤਿ ਪ੍ਰਭ ਲਾਗੀ ॥ ਸੋ ਪਾਏ ਜਿਸੁ ਵਡਭਾਗੀ ॥ ਜਨ ਨਾਨਕ ਨਾਮੁ ਧਿਆਇਆ ॥ ਤਿਨਿ ਸਰਬ ਸੁਖਾ ਫਲ ਪਾਇਆ ॥੨॥੧੨॥੭੬॥ ਸੋਰਠਿ ਮਹਲਾ ੫ ॥ ਪਰਮੇਸਰਿ ਦਿਤਾ ਬੰਨਾ ॥ ਦੁਖ ਰੋਗ ਕਾ ਡੇਰਾ ਭੰਨਾ ॥ ਅਨਦ ਕਰਹਿ ਨਰ ਨਾਰੀ ॥ ਹਰਿ

ਹਰਿ ਪ੍ਰਭਿ ਕਿਰਪਾ ਧਾਰੀ ॥੧॥ ਸੰਤਹੁ ਸੁਖੁ ਹੋਆ ਸਭ ਥਾਈ ॥ ਪਾਰਬ੍ਰਹਮੁ ਪੂਰਨ ਪਰਮੇਸਰੁ ਰਵਿ ਰਹਿਆ ਸਭਨੀ ਜਾਈ ॥ ਰਹਾਉ ॥ ਧੁਰ ਕੀ ਬਾਣੀ ਆਈ ॥ ਤਿਨਿ ਸਗਲੀ ਚਿੰਤ ਮਿਟਾਈ ॥ ਦਇਆਲ ਪੁਰਖ ਮਿਹਰਵਾਨਾ ॥ ਹਰਿ ਨਾਨਕ ਸਾਚੁ ਵਖਾਨਾ ॥੨॥੧੩॥੭੭॥ ਸੋਰਠਿ ਮਹਲਾ ੫ ॥ ਐਥੈ ਓਥੈ ਰਖਵਾਲਾ ॥ ਪ੍ਰਭ ਸਤਿਗੁਰ ਦੀਨ ਦਇਆਲਾ ॥ ਦਾਸ ਅਪਨੇ ਆਪਿ ਰਾਖੇ ॥ ਘਟਿ ਘਟਿ ਸਬਦੁ ਸੁਭਾਖੇ ॥੧॥ ਗੁਰ ਕੇ ਚਰਣ ਊਪਰਿ ਬਲਿ ਜਾਈ ॥ ਦਿਨਸੁ ਰੈਨਿ ਸਾਸਿ ਸਾਸਿ ਸਮਾਲੀ ਪੂਰਨੁ ਸਭਨੀ ਥਾਈ ॥ ਰਹਾਉ ॥ ਆਪਿ ਸਹਾਈ ਹੋਆ ॥ ਸਚੇ ਦਾ ਸਚਾ ਢੋਆ ॥ ਤੇਰੀ ਭਗਤਿ ਵਡਿਆਈ ॥ ਪਾਈ ਨਾਨਕ ਪ੍ਰਭ ਸਰਣਾਈ ॥੨॥੧੪॥੭੮॥ ਸੋਰਠਿ ਮਹਲਾ ੫ ॥ ਸਤਿਗੁਰ ਪੂਰੇ ਭਾਣਾ ॥ ਤਾ ਜਪਿਆ ਨਾਮੁ ਰਮਾਣਾ ॥ ਗੋਬਿੰਦ ਕਿਰਪਾ ਧਾਰੀ ॥ ਪ੍ਰਭਿ ਰਾਖੀ ਪੈਜ ਹਮਾਰੀ ॥੧॥ ਹਰਿ ਕੇ ਚਰਨ ਸਦਾ ਸੁਖਦਾਈ ॥ ਜੋ ਇਛਹਿ ਸੋਈ ਫਲੁ ਪਾਵਹਿ ਬਿਰਥੀ ਆਸ ਨ ਜਾਈ ॥੧॥ ਰਹਾਉ ॥ ਕ੍ਰਿਪਾ ਕਰੇ ਜਿਸੁ ਪ੍ਰਾਨਪਤਿ ਦਾਤਾ ਸੋਈ ਸੰਤੁ ਗੁਣ ਗਾਵੈ ॥ ਪ੍ਰੇਮ ਭਗਤਿ ਤਾ ਕਾ ਮਨੁ ਲੀਣਾ ਪਾਰਬ੍ਰਹਮ ਮਨਿ ਭਾਵੈ ॥੨॥ ਆਠ ਪਹਰ ਹਰਿ ਕਾ ਜਸੁ ਰਵਣਾ ਬਿਖੈ ਠਗਉਰੀ ਲਾਥੀ ॥ ਸੰਗਿ ਮਿਲਾਇ ਲੀਆ ਮੇਰੈ ਕਰਤੈ ਸੰਤ ਸਾਧ ਭਏ ਸਾਥੀ ॥੩॥ ਕਰੁ ਗਹਿ ਲੀਨੇ ਸਰਬਸੁ ਦੀਨੇ ਆਪਹਿ ਆਪੁ ਮਿਲਾਇਆ ॥ ਕਹੁ ਨਾਨਕ ਸਰਬ ਥੋਕ ਪੂਰਨ ਪੂਰਾ ਸਤਿਗੁਰੁ ਪਾਇਆ ॥੪॥੧੫॥੭੯॥ ਸੋਰਠਿ ਮਹਲਾ ੫ ॥ ਗਰੀਬੀ ਗਦਾ ਹਮਾਰੀ ॥ ਖੰਨਾ ਸਗਲ ਰੇਨੁ ਛਾਰੀ ॥ ਇਸੁ ਆਗੈ ਕੋ ਨ ਟਿਕੈ ਵੇਕਾਰੀ ॥ ਗੁਰ ਪੂਰੇ ਏਹ ਗਲ ਸਾਰੀ ॥੧॥ ਹਰਿ ਹਰਿ ਨਾਮੁ ਸੰਤਨ ਕੀ ਓਟਾ ॥ ਜੋ ਸਿਮਰੈ ਤਿਸ ਕੀ ਗਤਿ ਹੋਵੈ ਉਧਰਹਿ ਸਗਲੇ ਕੋਟਾ ॥੧॥ ਰਹਾਉ ॥ ਸੰਤ ਸੰਗਿ ਜਸੁ ਗਾਇਆ ॥ ਇਹੁ ਪੂਰਨ ਹਰਿ ਧਨੁ ਪਾਇਆ ॥ ਕਹੁ ਨਾਨਕ ਆਪੁ ਮਿਟਾਇਆ ॥ ਸਭੁ ਪਾਰਬ੍ਰਹਮੁ ਨਦਰੀ ਆਇਆ ॥੨॥੧੬॥੮੦॥ ਸੋਰਠਿ ਮਹਲਾ ੫ ॥ ਗੁਰਿ ਪੂਰੈ ਪੂਰੀ ਕੀਨੀ ॥ ਬਖਸ ਅਪੁਨੀ ਕਰਿ ਦੀਨੀ ॥ ਨਿਤ ਅਨੰਦ ਸੁਖ ਪਾਇਆ ॥ ਥਾਵ ਸਗਲੇ ਸੁਖੀ ਵਸਾਇਆ ॥੧॥ ਹਰਿ ਕੀ ਭਗਤਿ ਫਲ ਦਾਤੀ ॥ ਗੁਰਿ ਪੂਰੈ ਕਿਰਪਾ ਕਰਿ ਦੀਨੀ ਵਿਰਲੈ ਕਿਨ ਹੀ ਜਾਤੀ ॥ ਰਹਾਉ ॥ ਗੁਰਬਾਣੀ ਗਾਵਹ ਭਾਈ ॥ ਓਹ ਸਫਲ ਸਦਾ ਸੁਖਦਾਈ ॥ ਨਾਨਕ ਨਾਮੁ ਧਿਆਇਆ ॥ ਪੂਰਬਿ ਲਿਖਿਆ ਪਾਇਆ ॥੨॥੧੭॥੮੧॥ ਸੋਰਠਿ ਮਹਲਾ ੫ ॥

ਗੁਰੁ ਪੂਰਾ ਆਰਾਧੇ ॥ ਕਾਰਜ ਸਗਲੇ ਸਾਧੇ ॥ ਸਗਲ ਮਨੋਰਥ ਪੂਰੇ ॥ ਬਾਜੇ ਅਨਹਦ ਤੂਰੇ ॥੧॥ ਸੰਤਹੁ ਰਾਮੁ ਜਪਤ ਸੁਖੁ ਪਾਇਆ ॥ ਸੰਤ ਅਸਥਾਨਿ ਬਸੇ ਸੁਖ ਸਹਜੇ ਸਗਲੇ ਦੂਖ ਮਿਟਾਇਆ ॥੧॥ ਰਹਾਉ ॥ ਗੁਰ ਪੂਰੇ ਕੀ ਬਾਣੀ ॥ ਪਾਰਬ੍ਰਹਮ ਮਨਿ ਭਾਣੀ ॥ ਨਾਨਕ ਦਾਸਿ ਵਖਾਣੀ ॥ ਨਿਰਮਲ ਅਕਥ ਕਹਾਣੀ ॥੨॥੧੮॥੮੨॥ ਸੋਰਠਿ ਮਹਲਾ ੫ ॥ ਭੂਖੇ ਖਾਵਤ ਲਾਜ ਨ ਆਵੈ ॥ ਤਿਉ ਹਰਿ ਜਨੁ ਹਰਿ ਗੁਣ ਗਾਵੈ ॥੧॥ ਅਪਨੇ ਕਾਜ ਕਉ ਕਿਉ ਅਲਕਾਈਐ ॥ ਜਿਤੁ ਸਿਮਰਨਿ ਦਰਗਹ ਮੁਖੁ ਊਜਲ ਸਦਾ ਸਦਾ ਸੁਖੁ ਪਾਈਐ ॥੧॥ ਰਹਾਉ ॥ ਜਿਉ ਕਾਮੀ ਕਾਮਿ ਲੁਭਾਵੈ ॥ ਤਿਉ ਹਰਿ ਦਾਸ ਹਰਿ ਜਸੁ ਭਾਵੈ ॥੨॥ ਜਿਉ ਮਾਤਾ ਬਾਲਿ ਲਪਟਾਵੈ ॥ ਤਿਉ ਗਿਆਨੀ ਨਾਮੁ ਕਮਾਵੈ ॥੩॥ ਗੁਰ ਪੂਰੇ ਤੇ ਪਾਵੈ ॥ ਜਨ ਨਾਨਕ ਨਾਮੁ ਧਿਆਵੈ ॥੪॥੧੯॥੮੩॥ ਸੋਰਠਿ ਮਹਲਾ ੫ ॥ ਸੁਖ ਸਾਂਦਿ ਘਰਿ ਆਇਆ ॥ ਨਿੰਦਕ ਕੈ ਮੁਖਿ ਛਾਇਆ ॥ ਪੂਰੈ ਗੁਰਿ ਪਹਿਰਾਇਆ ॥ ਬਿਨਸੇ ਦੁਖ ਸਬਾਇਆ ॥੧॥ ਸੰਤਹੁ ਸਾਚੇ ਕੀ ਵਡਿਆਈ ॥ ਜਿਨਿ ਅਚਰਜ ਸੋਭ ਬਣਾਈ ॥੧॥ ਰਹਾਉ ॥ ਬੋਲੇ ਸਾਹਿਬ ਕੈ ਭਾਣੈ ॥ ਦਾਸੁ ਬਾਣੀ ਬ੍ਰਹਮੁ ਵਖਾਣੈ ॥ ਨਾਨਕ ਪ੍ਰਭ ਸੁਖਦਾਈ ॥ ਜਿਨਿ ਪੂਰੀ ਬਣਤ ਬਣਾਈ ॥੨॥੨੦॥੮੪॥ ਸੋਰਠਿ ਮਹਲਾ ੫ ॥ ਪ੍ਰਭੁ ਅਪੁਨਾ ਰਿਦੈ ਧਿਆਏ ॥ ਘਰਿ ਸਹੀ ਸਲਾਮਤਿ ਆਏ ॥ ਸੰਤੋਖੁ ਭਇਆ ਸੰਸਾਰੇ ॥ ਗੁਰਿ ਪੂਰੈ ਲੈ ਤਾਰੇ ॥੧॥ ਸੰਤਹੁ ਪ੍ਰਭੁ ਮੇਰਾ ਸਦਾ ਦਇਆਲਾ ॥ ਅਪਨੇ ਭਗਤ ਕੀ ਗਣਤ ਨ ਗਣਈ ਰਾਖੈ ਬਾਲ ਗੁਪਾਲਾ ॥੧॥ ਰਹਾਉ ॥ ਹਰਿ ਨਾਮੁ ਰਿਦੈ ਉਰਿ ਧਾਰੇ ॥ ਤਿਨਿ ਸਭੇ ਥੋਕ ਸਵਾਰੇ ॥ ਗੁਰਿ ਪੂਰੈ ਤੁਸਿ ਦੀਆ ॥ ਫਿਰਿ ਨਾਨਕ ਦੂਖੁ ਨ ਥੀਆ ॥੨॥੨੧॥੮੫॥ ਸੋਰਠਿ ਮਹਲਾ ੫ ॥ ਹਰਿ ਮਨਿ ਤਨਿ ਵਸਿਆ ਸੋਈ ॥ ਜੈ ਜੈ ਕਾਰੁ ਕਰੇ ਸਭੁ ਕੋਈ ॥ ਗੁਰ ਪੂਰੇ ਕੀ ਵਡਿਆਈ ॥ ਤਾ ਕੀ ਕੀਮਤਿ ਕਹੀ ਨ ਜਾਈ ॥੧॥ ਹਉ ਕੁਰਬਾਨੁ ਜਾਈ ਤੇਰੇ ਨਾਵੈ ॥ ਜਿਸ ਨੋ ਬਖਸਿ ਲੈਹਿ ਮੇਰੇ ਪਿਆਰੇ ਸੋ ਜਸੁ ਤੇਰਾ ਗਾਵੈ ॥੧॥ ਰਹਾਉ ॥ ਤੂੰ ਭਾਰੋ ਸੁਆਮੀ ਮੇਰਾ ॥ ਸੰਤਾਂ ਭਰਵਾਸਾ ਤੇਰਾ ॥ ਨਾਨਕ ਪ੍ਰਭ ਸਰਣਾਈ ॥ ਮੁਖਿ ਨਿੰਦਕ ਕੈ ਛਾਈ ॥੨॥੨੨॥੮੬॥ ਸੋਰਠਿ ਮਹਲਾ ੫ ॥ ਆਗੈ ਸੁਖੁ ਮੇਰੇ ਮੀਤਾ ॥ ਪਾਛੇ ਆਨਦੁ ਪ੍ਰਭਿ ਕੀਤਾ ॥ ਪਰਮੇਸੁਰਿ ਬਣਤ ਬਣਾਈ ॥ ਫਿਰਿ ਡੋਲਤ ਕਤਹੂ ਨਾਹੀ ॥੧॥ ਸਾਚੇ ਸਾਹਿਬ ਸਿਉ ਮਨੁ ਮਾਨਿਆ ॥ ਹਰਿ ਸਰਬ ਨਿਰੰਤਰਿ ਜਾਨਿਆ ॥੧॥ ਰਹਾਉ ॥

ਸਭ ਜੀਅ ਤੇਰੇ ਦਇਆਲਾ ॥ ਅਪਨੇ ਭਗਤ ਕਰਹਿ ਪ੍ਰਤਿਪਾਲਾ ॥ ਅਚਰਜੁ ਤੇਰੀ ਵਡਿਆਈ ॥ ਨਿਤ ਨਾਨਕ ਨਾਮੁ ਧਿਆਈ ॥੨॥੨੩॥੮੭॥ ਸੋਰਠਿ ਮਹਲਾ ੫ ॥ ਨਾਲਿ ਨਰਾਇਣੁ ਮੇਰੈ ॥ ਜਮਦੂਤੁ ਨ ਆਵੈ ਨੇਰੈ ॥ ਕੰਠਿ ਲਾਇ ਪ੍ਰਭ ਰਾਖੈ ॥ ਸਤਿਗੁਰ ਕੀ ਸਚੁ ਸਾਖੈ ॥੧॥ ਗੁਰਿ ਪੂਰੈ ਪੂਰੀ ਕੀਤੀ ॥ ਦੁਸਮਨ ਮਾਰਿ ਵਿਡਾਰੇ ਸਗਲੇ ਦਾਸ ਕਉ ਸੁਮਤਿ ਦੀਤੀ ॥੧॥ ਰਹਾਉ ॥ ਪ੍ਰਭਿ ਸਗਲੇ ਥਾਨ ਵਸਾਏ ॥ ਸੁਖਿ ਸਾਂਦਿ ਫਿਰਿ ਆਏ ॥ ਨਾਨਕ ਪ੍ਰਭ ਸਰਣਾਏ ॥ ਜਿਨਿ ਸਗਲੇ ਰੋਗ ਮਿਟਾਏ ॥੨॥੨੪॥੮੮॥ ਸੋਰਠਿ ਮਹਲਾ ੫ ॥ ਸਰਬ ਸੁਖਾ ਕਾ ਦਾਤਾ ਸਤਿਗੁਰੁ ਤਾ ਕੀ ਸਰਨੀ ਪਾਈਐ ॥ ਦਰਸਨੁ ਭੇਟਤ ਹੋਤ ਅਨੰਦਾ ਦੂਖੁ ਗਇਆ ਹਰਿ ਗਾਈਐ ॥੧॥ ਹਰਿ ਰਸੁ ਪੀਵਹੁ ਭਾਈ ॥ ਨਾਮੁ ਜਪਹੁ ਨਾਮੋ ਆਰਾਧਹੁ ਗੁਰ ਪੂਰੇ ਕੀ ਸਰਨਾਈ ॥ ਰਹਾਉ ॥ ਤਿਸਹਿ ਪਰਾਪਤਿ ਜਿਸੁ ਧੁਰਿ ਲਿਖਿਆ ਸੋਈ ਪੂਰਨੁ ਭਾਈ ॥ ਨਾਨਕ ਕੀ ਬੇਨੰਤੀ ਪ੍ਰਭ ਜੀ ਨਾਮਿ ਰਹਾ ਲਿਵ ਲਾਈ ॥੨॥੨੫॥੮੯॥ ਸੋਰਠਿ ਮਹਲਾ ੫ ॥ ਕਰਨ ਕਰਾਵਨ ਹਰਿ ਅੰਤਰਜਾਮੀ ਜਨ ਅਪੁਨੇ ਕੀ ਰਾਖੈ ॥ ਜੈ ਜੈ ਕਾਰੁ ਹੋਤੁ ਜਗ ਭੀਤਰਿ ਸਬਦੁ ਗੁਰੂ ਰਸੁ ਚਾਖੈ ॥੧॥ ਪ੍ਰਭ ਜੀ ਤੇਰੀ ਓਟ ਗੁਸਾਈ ॥ ਤੂ ਸਮਰਥੁ ਸਰਨਿ ਕਾ ਦਾਤਾ ਆਠ ਪਹਰ ਤੁਮ੍ ਧਿਆਈ ॥ ਰਹਾਉ ॥ ਜੋ ਜਨੁ ਭਜਨੁ ਕਰੇ ਪ੍ਰਭ ਤੇਰਾ ਤਿਸੈ ਅੰਦੇਸਾ ਨਾਹੀ ॥ ਸਤਿਗੁਰ ਚਰਨ ਲਗੇ ਭਉ ਮਿਟਿਆ ਹਰਿ ਗੁਨ ਗਾਏ ਮਨ ਮਾਹੀ ॥੨॥ ਸੂਖ ਸਹਜ ਆਨੰਦ ਘਨੇਰੇ ਸਤਿਗੁਰ ਦੀਆ ਦਿਲਾਸਾ ॥ ਜਿਣਿ ਘਰਿ ਆਏ ਸੋਭਾ ਸੇਤੀ ਪੂਰਨ ਹੋਈ ਆਸਾ ॥੩॥ ਪੂਰਾ ਗੁਰੁ ਪੂਰੀ ਮਤਿ ਜਾ ਕੀ ਪੂਰਨ ਪ੍ਰਭ ਕੇ ਕਾਮਾ ॥ ਗੁਰ ਚਰਨੀ ਲਾਗਿ ਤਰਿਓ ਭਵ ਸਾਗਰੁ ਜਪਿ ਨਾਨਕ ਹਰਿ ਹਰਿ ਨਾਮਾ ॥੪॥੨੬॥੯੦॥ ਸੋਰਠਿ ਮਹਲਾ ੫ ॥ ਭਇਓ ਕਿਰਪਾਲੁ ਦੀਨ ਦੁਖ ਭੰਜਨੁ ਆਪੇ ਸਭ ਬਿਧਿ ਥਾਟੀ ॥ ਖਿਨ ਮਹਿ ਰਾਖਿ ਲੀਓ ਜਨੁ ਅਪੁਨਾ ਗੁਰ ਪੂਰੈ ਬੇੜੀ ਕਾਟੀ ॥੧॥ ਮੇਰੇ ਮਨ ਗੁਰ ਗੋਵਿੰਦੁ ਸਦ ਧਿਆਈਐ ॥ ਸਗਲ ਕਲੇਸ ਮਿਟਹਿ ਇਸੁ ਤਨ ਤੇ ਮਨ ਚਿੰਦਿਆ ਫਲੁ ਪਾਈਐ ॥ ਰਹਾਉ ॥ ਜੀਅ ਜੰਤ ਜਾ ਕੇ ਸਭਿ ਕੀਨੇ ਪ੍ਰਭੁ ਊਚਾ ਅਗਮ ਅਪਾਰਾ ॥ ਸਾਧਸੰਗਿ ਨਾਨਕ ਨਾਮੁ ਧਿਆਇਆ ਮੁਖ ਊਜਲ ਭਏ ਦਰਬਾਰਾ ॥੨॥੨੭॥੯੧॥ ਸੋਰਠਿ ਮਹਲਾ ੫ ॥ ਸਿਮਰਉ ਅਪੁਨਾ ਸਾਂਈ ॥ ਦਿਨਸੁ ਰੈਨਿ ਸਦ ਧਿਆਈ ॥ ਹਾਥ ਦੇਇ ਜਿਨਿ ਰਾਖੇ ॥ ਹਰਿ ਨਾਮ ਮਹਾ ਰਸ ਚਾਖੇ ॥੧॥

ਅਪਨੇ ਗੁਰ ਊਪਰਿ ਕੁਰਬਾਨੁ ॥ ਭਏ ਕਿਰਪਾਲ ਪੂਰਨ ਪ੍ਰਭ ਦਾਤੇ ਜੀਅ ਹੋਏ ਮਿਹਰਵਾਨ ॥ ਰਹਾਉ ॥ ਨਾਨਕ ਜਨ ਸਰਨਾਈ ॥ ਜਿਨਿ ਪੂਰਨ ਪੈਜ ਰਖਾਈ ॥ ਸਗਲੇ ਦੂਖ ਮਿਟਾਈ ॥ ਸੁਖੁ ਭੁੰਚਹੁ ਮੇਰੇ ਭਾਈ ॥੨॥੨੮॥੯੨॥ ਸੋਰਠਿ ਮਹਲਾ ੫ ॥ ਸੁਨਹੁ ਬਿਨੰਤੀ ਠਾਕੁਰ ਮੇਰੇ ਜੀਅ ਜੰਤ ਤੇਰੇ ਧਾਰੇ ॥ ਰਾਖੁ ਪੈਜ ਨਾਮ ਅਪੁਨੇ ਕੀ ਕਰਨ ਕਰਾਵਨਹਾਰੇ ॥੧॥ ਪ੍ਰਭ ਜੀਉ ਖਸਮਾਨਾ ਕਰਿ ਪਿਆਰੇ ॥ ਬੁਰੇ ਭਲੇ ਹਮ ਥਾਰੇ ॥ ਰਹਾਉ ॥ ਸੁਣੀ ਪੁਕਾਰ ਸਮਰਥ ਸੁਆਮੀ ਬੰਧਨ ਕਾਟਿ ਸਵਾਰੇ ॥ ਪਹਿਰਿ ਸਿਰਪਾਉ ਸੇਵਕ ਜਨ ਮੇਲੇ ਨਾਨਕ ਪ੍ਰਗਟ ਪਹਾਰੇ ॥ ੨॥੨੯॥੯੩॥ ਸੋਰਠਿ ਮਹਲਾ ੫ ॥ ਜੀਅ ਜੰਤ ਸਭਿ ਵਸਿ ਕਰਿ ਦੀਨੇ ਸੇਵਕ ਸਭਿ ਦਰਬਾਰੇ ॥ ਅੰਗੀਕਾਰੁ ਕੀਓ ਪ੍ਰਭ ਅਪੁਨੇ ਭਵ ਨਿਧਿ ਪਾਰਿ ਉਤਾਰੇ ॥੧॥ ਸੰਤਨ ਕੇ ਕਾਰਜ ਸਗਲ ਸਵਾਰੇ ॥ ਦੀਨ ਦਇਆਲ ਕ੍ਰਿਪਾਲ ਕ੍ਰਿਪਾ ਨਿਧਿ ਪੂਰਨ ਖਸਮ ਹਮਾਰੇ ॥ ਰਹਾਉ ॥ ਆਉ ਬੈਠੁ ਆਦਰੁ ਸਭ ਥਾਈ ਊਨ ਨ ਕਤਹੂੰ ਬਾਤਾ ॥ ਭਗਤਿ ਸਿਰਪਾਉ ਦੀਓ ਜਨ ਅਪੁਨੇ ਪ੍ਰਤਾਪੁ ਨਾਨਕ ਪ੍ਰਭ ਜਾਤਾ ॥੨॥੩੦॥੯੪॥

ਸੋਰਠਿ ਮਹਲਾ ੯ ੴ ਸਤਿਗੁਰ ਪ੍ਰਸਾਦਿ ॥

ਰੇ ਮਨ ਰਾਮ ਸਿਉ ਕਰਿ ਪ੍ਰੀਤਿ ॥ ਸ੍ਰਵਨ ਗੋਬਿੰਦ ਗੁਨੁ ਸੁਨਉ ਅਰੁ ਗਾਉ ਰਸਨਾ ਗੀਤਿ ॥੧॥ ਰਹਾਉ ॥ ਕਰਿ ਸਾਧਸੰਗਤਿ ਸਿਮਰੁ ਮਾਧੋ ਹੋਹਿ ਪਤਿਤ ਪੁਨੀਤ ॥ ਕਾਲੁ ਬਿਆਲੁ ਜਿਉ ਪਰਿਓ ਡੋਲੈ ਮੁਖੁ ਪਸਾਰੇ ਮੀਤ ॥੧॥ ਆਜੁ ਕਾਲਿ ਫੁਨਿ ਤੋਹਿ ਗ੍ਰਸਿ ਹੈ ਸਮਝਿ ਰਾਖਉ ਚੀਤਿ ॥ ਕਹੈ ਨਾਨਕੁ ਰਾਮੁ ਭਜਿ ਲੈ ਜਾਤੁ ਅਉਸਰੁ ਬੀਤ ॥੨॥੧॥ ਸੋਰਠਿ ਮਹਲਾ ੯ ॥ ਮਨ ਕੀ ਮਨ ਹੀ ਮਾਹਿ ਰਹੀ ॥ ਨਾ ਹਰਿ ਭਜੇ ਨ ਤੀਰਥ ਸੇਵੇ ਚੋਟੀ ਕਾਲਿ ਗਹੀ ॥੧॥ ਰਹਾਉ ॥ ਦਾਰਾ ਮੀਤ ਪੂਤ ਰਥ ਸੰਪਤਿ ਧਨ ਪੂਰਨ ਸਭ ਮਹੀ ॥ ਅਵਰ ਸਗਲ ਮਿਥਿਆ ਏ ਜਾਨਉ ਭਜਨੁ ਰਾਮੁ ਕੋ ਸਹੀ ॥੧॥ ਫਿਰਤ ਫਿਰਤ ਬਹੁਤੇ ਜੁਗ ਹਾਰਿਓ ਮਾਨਸ ਦੇਹ ਲਹੀ ॥ ਨਾਨਕ ਕਹਤ ਮਿਲਨ ਕੀ ਬਰੀਆ ਸਿਮਰਤ ਕਹਾ ਨਹੀ ॥੨॥੨॥ ਸੋਰਠਿ ਮਹਲਾ ੯ ॥ ਮਨ ਰੇ ਕਉਨੁ ਕੁਮਤਿ ਤੈ ਲੀਨੀ ॥ ਪਰ ਦਾਰਾ ਨਿੰਦਿਆ ਰਸ ਰਚਿਓ ਰਾਮ ਭਗਤਿ ਨਹਿ ਕੀਨੀ ॥੧॥ ਰਹਾਉ ॥ ਮੁਕਤਿ ਪੰਥੁ ਜਾਨਿਓ ਤੈ ਨਾਹਨਿ ਧਨ ਜੋਰਨ

ਕਉ ਧਾਇਆ ॥ ਅੰਤਿ ਸੰਗ ਕਾਹੂ ਨਹੀ ਦੀਨਾ ਬਿਰਥਾ ਆਪੁ ਬੰਧਾਇਆ ॥੧॥ ਨਾ ਹਰਿ ਭਜਿਓ ਨ ਗੁਰ ਜਨੁ ਸੇਵਿਓ ਨਹ ਉਪਜਿਓ ਕਛੁ ਗਿਆਨਾ ॥ ਘਟ ਹੀ ਮਾਹਿ ਨਿਰੰਜਨੁ ਤੇਰੈ ਤੈ ਖੋਜਤ ਉਦਿਆਨਾ ॥੨॥ ਬਹੁਤੁ ਜਨਮ ਭਰਮਤ ਤੈ ਹਾਰਿਓ ਅਸਥਿਰ ਮਤਿ ਨਹੀ ਪਾਈ ॥ ਮਾਨਸ ਦੇਹ ਪਾਇ ਪਦ ਹਰਿ ਭਜੁ ਨਾਨਕ ਬਾਤ ਬਤਾਈ ॥੩॥੩॥ ਸੋਰਠਿ ਮਹਲਾ ੯ ॥ ਮਨ ਰੇ ਪ੍ਰਭ ਕੀ ਸਰਨਿ ਬਿਚਾਰੋ ॥ ਜਿਹ ਸਿਮਰਤ ਗਨਕਾ ਸੀ ਉਧਰੀ ਤਾ ਕੋ ਜਸੁ ਉਰ ਧਾਰੋ ॥੧॥ ਰਹਾਉ ॥ ਅਟਲ ਭਇਓ ਧ੍ਰੂਅ ਜਾ ਕੈ ਸਿਮਰਨਿ ਅਰੁ ਨਿਰਭੈ ਪਦੁ ਪਾਇਆ ॥ ਦੁਖ ਹਰਤਾ ਇਹ ਬਿਧਿ ਕੋ ਸੁਆਮੀ ਤੈ ਕਾਹੇ ਬਿਸਰਾਇਆ ॥੧॥ ਜਬ ਹੀ ਸਰਨਿ ਗਹੀ ਕਿਰਪਾ ਨਿਧਿ ਗਜ ਗਰਾਹ ਤੇ ਛੂਟਾ ॥ ਮਹਮਾ ਨਾਮ ਕਹਾ ਲਉ ਬਰਨਉ ਰਾਮ ਕਹਤ ਬੰਧਨ ਤਿਹ ਤੂਟਾ ॥੨॥ ਅਜਾਮਲੁ ਪਾਪੀ ਜਗੁ ਜਾਨੇ ਨਿਮਖ ਮਾਹਿ ਨਿਸਤਾਰਾ ॥ ਨਾਨਕ ਕਹਤ ਚੇਤ ਚਿੰਤਾਮਨਿ ਤੈ ਭੀ ਉਤਰਹਿ ਪਾਰਾ ॥੩॥੪॥ ਸੋਰਠਿ ਮਹਲਾ ੯ ॥ ਪ੍ਰਾਨੀ ਕਉਨੁ ਉਪਾਉ ਕਰੈ ॥ ਜਾ ਤੇ ਭਗਤਿ ਰਾਮ ਕੀ ਪਾਵੈ ਜਮ ਕੋ ਤ੍ਰਾਸੁ ਹਰੈ ॥੧॥ ਰਹਾਉ ॥ ਕਉਨੁ ਕਰਮ ਬਿਦਿਆ ਕਹੁ ਕੈਸੀ ਧਰਮੁ ਕਉਨੁ ਫੁਨਿ ਕਰਈ ॥ ਕਉਨੁ ਨਾਮੁ ਗੁਰ ਜਾ ਕੈ ਸਿਮਰੈ ਭਵ ਸਾਗਰ ਕਉ ਤਰਈ ॥੧॥ ਕਲ ਮੈ ਏਕੁ ਨਾਮੁ ਕਿਰਪਾ ਨਿਧਿ ਜਾਹਿ ਜਪੈ ਗਤਿ ਪਾਵੈ ॥ ਅਉਰ ਧਰਮ ਤਾ ਕੈ ਸਮ ਨਾਹਨਿ ਇਹ ਬਿਧਿ ਬੇਦੁ ਬਤਾਵੈ ॥੨॥ ਸੁਖੁ ਦੁਖੁ ਰਹਤ ਸਦਾ ਨਿਰਲੇਪੀ ਜਾ ਕਉ ਕਹਤ ਗੁਸਾਈ ॥ ਸੋ ਤੁਮ ਹੀ ਮਹਿ ਬਸੈ ਨਿਰੰਤਰਿ ਨਾਨਕ ਦਰਪਨਿ ਨਿਆਈ ॥੩॥੫॥ ਸੋਰਠਿ ਮਹਲਾ ੯ ॥ ਮਾਈ ਮੈ ਕਿਹਿ ਬਿਧਿ ਲਖਉ ਗੁਸਾਈ ॥ ਮਹਾ ਮੋਹ ਅਗਿਆਨਿ ਤਿਮਰਿ ਮੋ ਮਨੁ ਰਹਿਓ ਉਰਝਾਈ ॥੧॥ ਰਹਾਉ ॥ ਸਗਲ ਜਨਮ ਭਰਮ ਹੀ ਭਰਮ ਖੋਇਓ ਨਹ ਅਸਥਿਰੁ ਮਤਿ ਪਾਈ ॥ ਬਿਖਿਆਸਕਤ ਰਹਿਓ ਨਿਸ ਬਾਸੁਰ ਨਹ ਛੂਟੀ ਅਧਮਾਈ ॥੧॥ ਸਾਧਸੰਗੁ ਕਬਹੂ ਨਹੀ ਕੀਨਾ ਨਹ ਕੀਰਤਿ ਪ੍ਰਭ ਗਾਈ ॥ ਜਨ ਨਾਨਕ ਮੈ ਨਾਹਿ ਕੋਊ ਗੁਨੁ ਰਾਖਿ ਲੇਹੁ ਸਰਨਾਈ ॥੨॥੬॥ ਸੋਰਠਿ ਮਹਲਾ ੯ ॥ ਮਾਈ ਮਨੁ ਮੇਰੋ ਬਸਿ ਨਾਹਿ ॥ ਨਿਸ ਬਾਸੁਰ ਬਿਖਿਅਨ ਕਉ ਧਾਵਤ ਕਿਹਿ ਬਿਧਿ ਰੋਕਉ ਤਾਹਿ ॥੧॥ ਰਹਾਉ ॥ ਬੇਦ ਪੁਰਾਨ ਸਿਮ੍ਰਿਤਿ ਕੇ ਮਤ ਸੁਨਿ ਨਿਮਖ ਨ ਹੀਏ ਬਸਾਵੈ ॥ ਪਰ ਧਨ ਪਰ ਦਾਰਾ ਸਿਉ ਰਚਿਓ ਬਿਰਥਾ ਜਨਮੁ ਸਿਰਾਵੈ ॥੧॥ ਮਦਿ ਮਾਇਆ ਕੈ ਭਇਓ ਬਾਵਰੋ ਸੂਝਤ ਨਹ ਕਛੁ ਗਿਆਨਾ ॥ ਘਟ ਹੀ

ਭੀਤਰਿ ਬਸਤ ਨਿਰੰਜਨੁ ਤਾ ਕੋ ਮਰਮੁ ਨ ਜਾਨਾ ॥੨॥ ਜਬ ਹੀ ਸਰਨਿ ਸਾਧ ਕੀ ਆਇਓ ਦੁਰਮਤਿ ਸਗਲ ਬਿਨਾਸੀ ॥ ਤਬ ਨਾਨਕ ਚੇਤਿਓ ਚਿੰਤਾਮਨਿ ਕਾਟੀ ਜਮ ਕੀ ਫਾਸੀ ॥੩॥੭॥ ਸੋਰਠਿ ਮਹਲਾ ੯ ॥ ਰੇ ਨਰ ਇਹ ਸਾਚੀ ਜੀਅ ਧਾਰਿ ॥ ਸਗਲ ਜਗਤੁ ਹੈ ਜੈਸੇ ਸੁਪਨਾ ਬਿਨਸਤ ਲਗਤ ਨ ਬਾਰ ॥੧॥ ਰਹਾਉ ॥ ਬਾਰੂ ਭੀਤਿ ਬਨਾਈ ਰਚਿ ਪਚਿ ਰਹਤ ਨਹੀ ਦਿਨ ਚਾਰਿ ॥ ਤੈਸੇ ਹੀ ਇਹ ਸੁਖ ਮਾਇਆ ਕੇ ਉਰਝਿਓ ਕਹਾ ਗਵਾਰ ॥੧॥ ਅਜਹੂ ਸਮਝਿ ਕਛੁ ਬਿਗਰਿਓ ਨਾਹਿਨਿ ਭਜਿ ਲੇ ਨਾਮੁ ਮੁਰਾਰਿ ॥ ਕਹੁ ਨਾਨਕ ਨਿਜ ਮਤੁ ਸਾਧਨ ਕਉ ਭਾਖਿਓ ਤੋਹਿ ਪੁਕਾਰਿ ॥੨॥੮॥ ਸੋਰਠਿ ਮਹਲਾ ੯ ॥ ਇਹ ਜਗਿ ਮੀਤੁ ਨ ਦੇਖਿਓ ਕੋਈ ॥ ਸਗਲ ਜਗਤੁ ਅਪਨੈ ਸੁਖਿ ਲਾਗਿਓ ਦੁਖ ਮੈ ਸੰਗਿ ਨ ਹੋਈ ॥੧॥ ਰਹਾਉ ॥ ਦਾਰਾ ਮੀਤ ਪੂਤ ਸਨਬੰਧੀ ਸਗਰੇ ਧਨ ਸਿਉ ਲਾਗੇ ॥ ਜਬ ਹੀ ਨਿਰਧਨ ਦੇਖਿਓ ਨਰ ਕਉ ਸੰਗੁ ਛਾਡਿ ਸਭ ਭਾਗੇ ॥੧॥ ਕਹਂਉ ਕਹਾ ਯਿਆ ਮਨ ਬਉਰੇ ਕਉ ਇਨ ਸਿਉ ਨੇਹੁ ਲਗਾਇਓ ॥ ਦੀਨਾ ਨਾਥ ਸਕਲ ਭੈ ਭੰਜਨ ਜਸੁ ਤਾ ਕੋ ਬਿਸਰਾਇਓ ॥੨॥ ਸੁਆਨ ਪੂਛ ਜਿਉ ਭਇਓ ਨ ਸੂਧਉ ਬਹੁਤੁ ਜਤਨੁ ਮੈ ਕੀਨਉ ॥ ਨਾਨਕ ਲਾਜ ਬਿਰਦ ਕੀ ਰਾਖਹੁ ਨਾਮੁ ਤੁਹਾਰਉ ਲੀਨਉ ॥੩॥੯॥ ਸੋਰਠਿ ਮਹਲਾ ੯ ॥ ਮਨ ਰੇ ਗਹਿਓ ਨ ਗੁਰ ਉਪਦੇਸੁ ॥ ਕਹਾ ਭਇਓ ਜਉ ਮੂਡੁ ਮੁਡਾਇਓ ਭਗਵਉ ਕੀਨੋ ਭੇਸੁ ॥੧॥ ਰਹਾਉ ॥ ਸਾਚ ਛਾਡਿ ਕੈ ਝੂਠਹ ਲਾਗਿਓ ਜਨਮੁ ਅਕਾਰਥੁ ਖੋਇਓ ॥ ਕਰਿ ਪਰਪੰਚ ਉਦਰ ਨਿਜ ਪੋਖਿਓ ਪਸੁ ਕੀ ਨਿਆਈ ਸੋਇਓ ॥੧॥ ਰਾਮ ਭਜਨ ਕੀ ਗਤਿ ਨਹੀ ਜਾਨੀ ਮਾਇਆ ਹਾਥਿ ਬਿਕਾਨਾ ॥ ਉਰਝਿ ਰਹਿਓ ਬਿਖਿਅਨ ਸੰਗਿ ਬਉਰਾ ਨਾਮੁ ਰਤਨੁ ਬਿਸਰਾਨਾ ॥੨॥ ਰਹਿਓ ਅਚੇਤੁ ਨ ਚੇਤਿਓ ਗੋਬਿੰਦ ਬਿਰਥਾ ਅਉਧ ਸਿਰਾਨੀ ॥ ਕਹੁ ਨਾਨਕ ਹਰਿ ਬਿਰਦੁ ਪਛਾਨਉ ਭੂਲੇ ਸਦਾ ਪਰਾਨੀ ॥੩॥੧੦॥ ਸੋਰਠਿ ਮਹਲਾ ੯ ॥ ਜੋ ਨਰੁ ਦੁਖ ਮੈ ਦੁਖੁ ਨਹੀ ਮਾਨੈ ॥ ਸੁਖ ਸਨੇਹੁ ਅਰੁ ਭੈ ਨਹੀ ਜਾ ਕੈ ਕੰਚਨ ਮਾਟੀ ਮਾਨੈ ॥੧॥ ਰਹਾਉ ॥ ਨਹ ਨਿੰਦਿਆ ਨਹ ਉਸਤਤਿ ਜਾ ਕੈ ਲੋਭੁ ਮੋਹੁ ਅਭਿਮਾਨਾ ॥ ਹਰਖ ਸੋਗ ਤੇ ਰਹੈ ਨਿਆਰਉ ਨਾਹਿ ਮਾਨ ਅਪਮਾਨਾ ॥੧॥ ਆਸਾ ਮਨਸਾ ਸਗਲ ਤਿਆਗੈ ਜਗ ਤੇ ਰਹੈ ਨਿਰਾਸਾ ॥ ਕਾਮੁ ਕ੍ਰੋਧੁ ਜਿਹ ਪਰਸੈ ਨਾਹਨਿ ਤਿਹ ਘਟਿ ਬ੍ਰਹਮੁ ਨਿਵਾਸਾ ॥੨॥ ਗੁਰ ਕਿਰਪਾ ਜਿਹ ਨਰ ਕਉ ਕੀਨੀ ਤਿਹ ਇਹ ਜੁਗਤਿ ਪਛਾਨੀ ॥ ਨਾਨਕ ਲੀਨ ਭਇਓ ਗੋਬਿੰਦ ਸਿਉ

ਜਿਉ ਪਾਨੀ ਸੰਗਿ ਪਾਨੀ ॥੩॥੧੧॥ ਸੋਰਠਿ ਮਹਲਾ ੯ ॥ ਪ੍ਰੀਤਮ ਜਾਨਿ ਲੇਹੁ ਮਨ ਮਾਹੀ ॥ ਅਪਨੇ ਸੁਖ ਸਿਉ ਹੀ ਜਗੁ ਫਾਂਧਿਓ ਕੋ ਕਾਹੂ ਕੋ ਨਾਹੀ ॥੧॥ ਰਹਾਉ ॥ ਸੁਖ ਮੈ ਆਨਿ ਬਹੁਤੁ ਮਿਲਿ ਬੈਠਤ ਰਹਤ ਚਹੂ ਦਿਸਿ ਘੇਰੈ ॥ ਬਿਪਤਿ ਪਰੀ ਸਭ ਹੀ ਸੰਗੁ ਛਾਡਿਤ ਕੋਊ ਨ ਆਵਤ ਨੇਰੈ ॥੧॥ ਘਰ ਕੀ ਨਾਰਿ ਬਹੁਤੁ ਹਿਤੁ ਜਾ ਸਿਉ ਸਦਾ ਰਹਤ ਸੰਗ ਲਾਗੀ ॥ ਜਬ ਹੀ ਹੰਸ ਤਜੀ ਇਹ ਕਾਂਇਆ ਪ੍ਰੇਤ ਪ੍ਰੇਤ ਕਰਿ ਭਾਗੀ ॥੨॥ ਇਹ ਬਿਧਿ ਕੋ ਬਿਉਹਾਰੁ ਬਨਿਓ ਹੈ ਜਾ ਸਿਉ ਨੇਹੁ ਲਗਾਇਓ ॥ ਅੰਤ ਬਾਰ ਨਾਨਕ ਬਿਨੁ ਹਰਿ ਜੀ ਕੋਊ ਕਾਮਿ ਨ ਆਇਓ ॥੩॥੧੨॥੧੩੯॥

ਸੋਰਠਿ ਮਹਲਾ ੧ ਘਰੁ ੧ ਅਸਟਪਦੀਆ ਚਉਤੁਕੀ ੴ ਸਤਿਗੁਰ ਪ੍ਰਸਾਦਿ ॥

ਦੁਬਿਧਾ ਨ ਪੜਉ ਹਰਿ ਬਿਨੁ ਹੋਰੁ ਨ ਪੂਜਉ ਮੜੈ ਮਸਾਣਿ ਨ ਜਾਈ ॥ ਤ੍ਰਿਸਨਾ ਰਾਚਿ ਨ ਪਰ ਘਰਿ ਜਾਵਾ ਤ੍ਰਿਸਨਾ ਨਾਮਿ ਬੁਝਾਈ ॥ ਘਰ ਭੀਤਰਿ ਘਰੁ ਗੁਰੂ ਦਿਖਾਇਆ ਸਹਜਿ ਰਤੇ ਮਨ ਭਾਈ ॥ ਤੂ ਆਪੇ ਦਾਨਾ ਆਪੇ ਬੀਨਾ ਤੂ ਦੇਵਹਿ ਮਤਿ ਸਾਈ ॥੧॥ ਮਨੁ ਬੈਰਾਗਿ ਰਤਉ ਬੈਰਾਗੀ ਸਬਦਿ ਮਨੁ ਬੇਧਿਆ ਮੇਰੀ ਮਾਈ ॥ ਅੰਤਰਿ ਜੋਤਿ ਨਿਰੰਤਰਿ ਬਾਣੀ ਸਾਚੇ ਸਾਹਿਬ ਸਿਉ ਲਿਵ ਲਾਈ ॥ ਰਹਾਉ ॥ ਅਸੰਖ ਬੈਰਾਗੀ ਕਹਹਿ ਬੈਰਾਗ ਸੋ ਬੈਰਾਗੀ ਜਿ ਖਸਮੈ ਭਾਵੈ ॥ ਹਿਰਦੈ ਸਬਦਿ ਸਦਾ ਭੈ ਰਚਿਆ ਗੁਰ ਕੀ ਕਾਰ ਕਮਾਵੈ ॥ ਏਕੋ ਚੇਤੈ ਮਨੂਆ ਨ ਡੋਲੈ ਧਾਵਤੁ ਵਰਜਿ ਰਹਾਵੈ ॥ ਸਹਜੇ ਮਾਤਾ ਸਦਾ ਰੰਗਿ ਰਾਤਾ ਸਾਚੇ ਕੇ ਗੁਣ ਗਾਵੈ ॥੨॥ ਮਨੂਆ ਪਉਣੁ ਬਿੰਦੁ ਸੁਖਵਾਸੀ ਨਾਮਿ ਵਸੈ ਸੁਖ ਭਾਈ ॥ ਜਿਹਬਾ ਨੇਤ੍ਰ ਸੋਤ੍ਰ ਸਚਿ ਰਾਤੇ ਜਲਿ ਬੂਝੀ ਤੁਝਹਿ ਬੁਝਾਈ ॥ ਆਸ ਨਿਰਾਸ ਰਹੈ ਬੈਰਾਗੀ ਨਿਜ ਘਰਿ ਤਾੜੀ ਲਾਈ ॥ ਭਿਖਿਆ ਨਾਮਿ ਰਜੇ ਸੰਤੋਖੀ ਅੰਮ੍ਰਿਤੁ ਸਹਜਿ ਪੀਆਈ ॥੩॥ ਦੁਬਿਧਾ ਵਿਚਿ ਬੈਰਾਗੁ ਨ ਹੋਵੀ ਜਬ ਲਗੁ ਦੂਜੀ ਰਾਈ ॥ ਸਭੁ ਜਗੁ ਤੇਰਾ ਤੂ ਏਕੋ ਦਾਤਾ ਅਵਰੁ ਨ ਦੂਜਾ ਭਾਈ ॥ ਮਨਮੁਖਿ ਜੰਤ ਦੁਖਿ ਸਦਾ ਨਿਵਾਸੀ ਗੁਰਮੁਖਿ ਦੇ ਵਡਿਆਈ ॥ ਅਪਰ ਅਪਾਰ ਅਗੰਮ ਅਗੋਚਰ ਕਹਣੈ ਕੀਮ ਨ ਪਾਈ ॥੪॥ ਸੁੰਨ ਸਮਾਧਿ ਮਹਾ ਪਰਮਾਰਥੁ ਤੀਨਿ ਭਵਣ ਪਤਿ ਨਾਮੰ ॥ ਮਸਤਕਿ ਲੇਖੁ ਜੀਆ ਜਗਿ ਜੋਨੀ ਸਿਰਿ ਸਿਰਿ ਲੇਖੁ ਸਹਾਮੰ ॥ ਕਰਮ ਸੁਕਰਮ ਕਰਾਏ ਆਪੇ ਆਪੇ ਭਗਤਿ ਦ੍ਰਿੜਾਮੰ ॥ ਮਨਿ ਮੁਖਿ ਜੂਠਿ ਲਹੈ ਭੈ ਮਾਨੰ ਆਪੇ ਗਿਆਨੁ ਅਗਾਮੰ ॥੫॥

ਜਿਨ ਚਾਖਿਆ ਸੇਈ ਸਾਦੁ ਜਾਣਨਿ ਜਿਉ ਗੁੰਗੇ ਮਿਠਿਆਈ ॥ ਅਕਥੈ ਕਾ ਕਿਆ ਕਥੀਐ ਭਾਈ ਚਾਲਉ ਸਦਾ ਰਜਾਈ ॥ ਗੁਰੁ ਦਾਤਾ ਮੇਲੇ ਤਾ ਮਤਿ ਹੋਵੈ ਨਿਗੁਰੇ ਮਤਿ ਨ ਕਾਈ ॥ ਜਿਉ ਚਲਾਏ ਤਿਉ ਚਾਲਹ ਭਾਈ ਹੋਰ ਕਿਆ ਕੋ ਕਰੇ ਚਤੁਰਾਈ ॥੬॥ ਇਕਿ ਭਰਮਿ ਭੁਲਾਏ ਇਕਿ ਭਗਤੀ ਰਾਤੇ ਤੇਰਾ ਖੇਲੁ ਅਪਾਰਾ ॥ ਜਿਤੁ ਤੁਧੁ ਲਾਏ ਤੇਹਾ ਫਲੁ ਪਾਇਆ ਤੂ ਹੁਕਮਿ ਚਲਾਵਣਹਾਰਾ ॥ ਸੇਵਾ ਕਰੀ ਜੇ ਕਿਛੁ ਹੋਵੈ ਅਪਣਾ ਜੀਉ ਪਿੰਡੁ ਤੁਮਾਰਾ ॥ ਸਤਿਗੁਰਿ ਮਿਲਿਐ ਕਿਰਪਾ ਕੀਨੀ ਅੰਮ੍ਰਿਤ ਨਾਮੁ ਅਧਾਰਾ ॥੭॥ ਗਗਨੰਤਰਿ ਵਾਸਿਆ ਗੁਣ ਪਰਗਾਸਿਆ ਗੁਣ ਮਹਿ ਗਿਆਨ ਧਿਆਨੰ ॥ ਨਾਮੁ ਮਨਿ ਭਾਵੈ ਕਹੈ ਕਹਾਵੈ ਤਤੋ ਤਤੁ ਵਖਾਨੰ ॥ ਸਬਦੁ ਗੁਰ ਪੀਰਾ ਗਹਿਰ ਗੰਭੀਰਾ ਬਿਨੁ ਸਬਦੈ ਜਗੁ ਬਉਰਾਨੰ ॥ ਪੂਰਾ ਬੈਰਾਗੀ ਸਹਜਿ ਸੁਭਾਗੀ ਸਚੁ ਨਾਨਕ ਮਨੁ ਮਾਨੰ ॥੮॥੧॥ ਸੋਰਠਿ ਮਹਲਾ ੧ ਤਿਤੁਕੀ ॥ ਆਸਾ ਮਨਸਾ ਬੰਧਨੀ ਭਾਈ ਕਰਮ ਧਰਮ ਬੰਧਕਾਰੀ ॥ ਪਾਪਿ ਪੁੰਨਿ ਜਗੁ ਜਾਇਆ ਭਾਈ ਬਿਨਸੈ ਨਾਮੁ ਵਿਸਾਰੀ ॥ ਇਹ ਮਾਇਆ ਜਗਿ ਮੋਹਣੀ ਭਾਈ ਕਰਮ ਸਭੇ ਵੇਕਾਰੀ ॥੧॥ ਸੁਣਿ ਪੰਡਿਤ ਕਰਮਾ ਕਾਰੀ ॥ ਜਿਤੁ ਕਰਮਿ ਸੁਖੁ ਊਪਜੈ ਭਾਈ ਸੁ ਆਤਮ ਤਤੁ ਬੀਚਾਰੀ ॥ ਰਹਾਉ ॥ ਸਾਸਤੁ ਬੇਦੁ ਬਕੈ ਖੜੋ ਭਾਈ ਕਰਮ ਕਰਹੁ ਸੰਸਾਰੀ ॥ ਪਾਖੰਡਿ ਮੈਲੁ ਨ ਚੂਕਈ ਭਾਈ ਅੰਤਰਿ ਮੈਲੁ ਵਿਕਾਰੀ ॥ ਇਨ ਬਿਧਿ ਡੂਬੀ ਮਾਕੁਰੀ ਭਾਈ ਊਂਡੀ ਸਿਰ ਕੈ ਭਾਰੀ ॥੨॥ ਦੁਰਮਤਿ ਘਣੀ ਵਿਗੂਤੀ ਭਾਈ ਦੂਜੈ ਭਾਇ ਖੁਆਈ ॥ ਬਿਨੁ ਸਤਿਗੁਰ ਨਾਮੁ ਨ ਪਾਈਐ ਭਾਈ ਬਿਨੁ ਨਾਮੈ ਭਰਮੁ ਨ ਜਾਈ ॥ ਸਤਿਗੁਰੁ ਸੇਵੇ ਤਾ ਸੁਖੁ ਪਾਏ ਭਾਈ ਆਵਣੁ ਜਾਣੁ ਰਹਾਈ ॥੩॥ ਸਾਚੁ ਸਹਜੁ ਗੁਰ ਤੇ ਊਪਜੈ ਭਾਈ ਮਨੁ ਨਿਰਮਲੁ ਸਾਚਿ ਸਮਾਈ ॥ ਗੁਰੁ ਸੇਵੇ ਸੋ ਬੂਝੈ ਭਾਈ ਗੁਰ ਬਿਨੁ ਮਗੁ ਨ ਪਾਈ ॥ ਜਿਸੁ ਅੰਤਰਿ ਲੋਭੁ ਕਿ ਕਰਮ ਕਮਾਵੈ ਭਾਈ ਕੂੜੁ ਬੋਲਿ ਬਿਖੁ ਖਾਈ ॥੪॥ ਪੰਡਿਤ ਦਹੀ ਵਿਲੋਈਐ ਭਾਈ ਵਿਚਹੁ ਨਿਕਲੈ ਤਥੁ ॥ ਜਲੁ ਮਥੀਐ ਜਲੁ ਦੇਖੀਐ ਭਾਈ ਇਹੁ ਜਗੁ ਏਹਾ ਵਥੁ ॥ ਗੁਰ ਬਿਨੁ ਭਰਮਿ ਵਿਗੂਚੀਐ ਭਾਈ ਘਟਿ ਘਟਿ ਦੇਉ ਅਲਖੁ ॥੫॥ ਇਹੁ ਜਗੁ ਤਾਗੋ ਸੂਤ ਕੋ ਭਾਈ ਦਹ ਦਿਸ ਬਾਧੋ ਮਾਇ ॥ ਬਿਨੁ ਗੁਰ ਗਾਠਿ ਨ ਛੂਟਈ ਭਾਈ ਥਾਕੇ ਕਰਮ ਕਮਾਇ ॥ ਇਹੁ ਜਗੁ ਭਰਮਿ ਭੁਲਾਇਆ ਭਾਈ ਕਹਣਾ ਕਿਛੂ ਨ ਜਾਇ ॥੬॥ ਗੁਰ ਮਿਲਿਐ ਭਉ ਮਨਿ ਵਸੈ ਭਾਈ ਭੈ ਮਰਣਾ ਸਚੁ ਲੇਖੁ ॥ ਮਜਨੁ ਦਾਨੁ ਚੰਗਿਆਈਆ ਭਾਈ ਦਰਗਹ ਨਾਮੁ ਵਿਸੇਖੁ ॥

ਗੁਰੁ ਅੰਕਸੁ ਜਿਨਿ ਨਾਮੁ ਦ੍ਰਿੜਾਇਆ ਭਾਈ ਮਨਿ ਵਸਿਆ ਚੂਕਾ ਭੇਖੁ ॥੭॥ ਇਹੁ ਤਨੁ ਹਾਟੁ ਸਰਾਫ ਕੋ ਭਾਈ ਵਖਰੁ ਨਾਮੁ ਅਪਾਰੁ ॥ ਇਹੁ ਵਖਰੁ ਵਾਪਾਰੀ ਸੋ ਦ੍ਰਿੜੈ ਭਾਈ ਗੁਰ ਸਬਦਿ ਕਰੇ ਵੀਚਾਰੁ ॥ ਧਨੁ ਵਾਪਾਰੀ ਨਾਨਕਾ ਭਾਈ ਮੇਲਿ ਕਰੇ ਵਾਪਾਰੁ ॥੮॥੨॥ ਸੋਰਠਿ ਮਹਲਾ ੧ ॥ ਜਿਨ੍ਹੀ ਸਤਿਗੁਰੁ ਸੇਵਿਆ ਪਿਆਰੇ ਤਿਨ੍ਹ ਕੇ ਸਾਥ ਤਰੇ ॥ ਤਿਨ੍ਹਾ ਠਾਕ ਨ ਪਾਈਐ ਪਿਆਰੇ ਅੰਮ੍ਰਿਤ ਰਸਨ ਹਰੇ ॥ ਬੂਡੇ ਭਾਰੇ ਭੈ ਬਿਨਾ ਪਿਆਰੇ ਤਾਰੇ ਨਦਰਿ ਕਰੇ ॥੧॥ ਭੀ ਤੂਹੈ ਸਾਲਾਹਣਾ ਪਿਆਰੇ ਭੀ ਤੇਰੀ ਸਾਲਾਹ ॥ ਵਿਣੁ ਬੋਹਿਥ ਭੈ ਡੁਬੀਐ ਪਿਆਰੇ ਕੰਧੀ ਪਾਇ ਕਹਾਹ ॥੧॥ ਰਹਾਉ ॥ ਸਾਲਾਹੀ ਸਾਲਾਹਣਾ ਪਿਆਰੇ ਦੂਜਾ ਅਵਰੁ ਨ ਕੋਇ ॥ ਮੇਰੇ ਪ੍ਰਭ ਸਾਲਾਹਨਿ ਸੇ ਭਲੇ ਪਿਆਰੇ ਸਬਦਿ ਰਤੇ ਰੰਗੁ ਹੋਇ ॥ ਤਿਸ ਕੀ ਸੰਗਤਿ ਜੇ ਮਿਲੈ ਪਿਆਰੇ ਰਸੁ ਲੈ ਤਤੁ ਵਿਲੋਇ ॥੨॥ ਪਤਿ ਪਰਵਾਨਾ ਸਾਚ ਕਾ ਪਿਆਰੇ ਨਾਮੁ ਸਚਾ ਨੀਸਾਣੁ ॥ ਆਇਆ ਲਿਖਿ ਲੈ ਜਾਵਣਾ ਪਿਆਰੇ ਹੁਕਮੀ ਹੁਕਮੁ ਪਛਾਣੁ ॥ ਗੁਰ ਬਿਨੁ ਹੁਕਮੁ ਨ ਬੂਝੀਐ ਪਿਆਰੇ ਸਾਚੇ ਸਾਚਾ ਤਾਣੁ ॥੩॥ ਹੁਕਮੈ ਅੰਦਰਿ ਨਿੰਮਿਆ ਪਿਆਰੇ ਹੁਕਮੈ ਉਦਰ ਮਝਾਰਿ ॥ ਹੁਕਮੈ ਅੰਦਰਿ ਜੰਮਿਆ ਪਿਆਰੇ ਊਧਉ ਸਿਰ ਕੈ ਭਾਰਿ ॥ ਗੁਰਮੁਖਿ ਦਰਗਹ ਜਾਣੀਐ ਪਿਆਰੇ ਚਲੈ ਕਾਰਜ ਸਾਰਿ ॥੪॥ ਹੁਕਮੈ ਅੰਦਰਿ ਆਇਆ ਪਿਆਰੇ ਹੁਕਮੇ ਜਾਦੋ ਜਾਇ ॥ ਹੁਕਮੇ ਬੰਨ੍ਹਿ ਚਲਾਈਐ ਪਿਆਰੇ ਮਨਮੁਖਿ ਲਹੈ ਸਜਾਇ ॥ ਹੁਕਮੇ ਸਬਦਿ ਪਛਾਣੀਐ ਪਿਆਰੇ ਦਰਗਹ ਪੈਧਾ ਜਾਇ ॥੫॥ ਹੁਕਮੇ ਗਣਤ ਗਣਾਈਐ ਪਿਆਰੇ ਹੁਕਮੇ ਹਉਮੈ ਦੋਇ ॥ ਹੁਕਮੇ ਭਵੈ ਭਵਾਈਐ ਪਿਆਰੇ ਅਵਗਣਿ ਮੁਠੀ ਰੋਇ ॥ ਹੁਕਮੁ ਸਿਵਾਪੈ ਸਾਹ ਕਾ ਪਿਆਰੇ ਸਚੁ ਮਿਲੈ ਵਡਿਆਈ ਹੋਇ ॥੬॥ ਆਖਣਿ ਅਉਖਾ ਆਖੀਐ ਪਿਆਰੇ ਕਿਉ ਸੁਣੀਐ ਸਚੁ ਨਾਉ ॥ ਜਿਨ੍ਹੀ ਸੋ ਸਾਲਾਹਿਆ ਪਿਆਰੇ ਹਉ ਤਿਨ੍ਹ ਬਲਿਹਾਰੈ ਜਾਉ ॥ ਨਾਉ ਮਿਲੈ ਸੰਤੋਖੀਆਂ ਪਿਆਰੇ ਨਦਰੀ ਮੇਲਿ ਮਿਲਾਉ ॥੭॥ ਕਾਇਆ ਕਾਗਦੁ ਜੇ ਥੀਐ ਪਿਆਰੇ ਮਨੁ ਮਸਵਾਣੀ ਧਾਰਿ ॥ ਲਲਤਾ ਲੇਖਣਿ ਸਚ ਕੀ ਪਿਆਰੇ ਹਰਿ ਗੁਣ ਲਿਖਹੁ ਵੀਚਾਰਿ ॥ ਧਨੁ ਲੇਖਾਰੀ ਨਾਨਕਾ ਪਿਆਰੇ ਸਾਚੁ ਲਿਖੈ ਉਰਿ ਧਾਰਿ ॥੮॥੩॥ ਸੋਰਠਿ ਮਹਲਾ ੧ ਪਹਿਲਾ ਦੁਤੁਕੀ ॥ ਤੂ ਗੁਣਦਾਤੌ ਨਿਰਮਲੋ ਭਾਈ ਨਿਰਮਲੁ ਨਾ ਮਨੁ ਹੋਇ ॥ ਹਮ ਅਪਰਾਧੀ ਨਿਰਗੁਣੇ ਭਾਈ ਤੁਝ ਹੀ ਤੇ ਗੁਣੁ ਸੋਇ ॥੧॥ ਮੇਰੇ ਪ੍ਰੀਤਮਾ ਤੂ ਕਰਤਾ ਕਰਿ ਵੇਖੁ ॥ ਹਉ ਪਾਪੀ ਪਾਖੰਡੀਆ ਭਾਈ ਮਨਿ ਤਨਿ ਨਾਮ

ਵਿਸੇਖੁ ॥ ਰਹਾਉ ॥ ਬਿਖੁ ਮਾਇਆ ਚਿਤੁ ਮੋਹਿਆ ਭਾਈ ਚਤੁਰਾਈ ਪਤਿ ਖੋਇ ॥ ਚਿਤ ਮਹਿ ਠਾਕੁਰੁ ਸਚਿ ਵਸੈ ਭਾਈ ਜੇ ਗੁਰ ਗਿਆਨੁ ਸਮੋਇ ॥੨॥ ਰੂੜੌ ਰੂੜੌ ਆਖੀਐ ਭਾਈ ਰੂੜੌ ਲਾਲ ਚਲੂਲੁ ॥ ਜੇ ਮਨੁ ਹਰਿ ਸਿਉ ਬੈਰਾਗੀਐ ਭਾਈ ਦਰਿ ਘਰਿ ਸਾਚੁ ਅਭੂਲੁ ॥੩॥ ਪਾਤਾਲੀ ਆਕਾਸਿ ਤੂ ਭਾਈ ਘਰਿ ਘਰਿ ਤੂ ਗੁਣ ਗਿਆਨੁ ॥ ਗੁਰ ਮਿਲਿਐ ਸੁਖੁ ਪਾਇਆ ਭਾਈ ਚੂਕਾ ਮਨਹੁ ਗੁਮਾਨੁ ॥੪॥ ਜਲਿ ਮਲਿ ਕਾਇਆ ਮਾਜੀਐ ਭਾਈ ਭੀ ਮੈਲਾ ਤਨੁ ਹੋਇ ॥ ਗਿਆਨਿ ਮਹਾ ਰਸਿ ਨਾਈਐ ਭਾਈ ਮਨੁ ਤਨੁ ਨਿਰਮਲੁ ਹੋਇ ॥੫॥ ਦੇਵੀ ਦੇਵਾ ਪੂਜੀਐ ਭਾਈ ਕਿਆ ਮਾਗਉ ਕਿਆ ਦੇਹਿ ॥ ਪਾਹਣੁ ਨੀਰਿ ਪਖਾਲੀਐ ਭਾਈ ਜਲ ਮਹਿ ਬੂਡਹਿ ਤੇਹਿ ॥੬॥ ਗੁਰ ਬਿਨੁ ਅਲਖੁ ਨ ਲਖੀਐ ਭਾਈ ਜਗੁ ਬੂਡੈ ਪਤਿ ਖੋਇ ॥ ਮੇਰੇ ਠਾਕੁਰ ਹਾਥਿ ਵਡਾਈਆ ਭਾਈ ਜੈ ਭਾਵੈ ਤੈ ਦੇਇ ॥੭॥ ਬਈਅਰਿ ਬੋਲੈ ਮੀਠੁਲੀ ਭਾਈ ਸਾਚੁ ਕਹੈ ਪਿਰ ਭਾਇ ॥ ਬਿਰਹੈ ਬੇਧੀ ਸਚਿ ਵਸੀ ਭਾਈ ਅਧਿਕ ਰਹੀ ਹਰਿ ਨਾਇ ॥੮॥ ਸਭੁ ਕੋ ਆਖੈ ਆਪਣਾ ਭਾਈ ਗੁਰ ਤੇ ਬੁਝੈ ਸੁਜਾਨੁ ॥ ਜੋ ਬੀਧੇ ਸੇ ਊਬਰੇ ਭਾਈ ਸਬਦੁ ਸਚਾ ਨੀਸਾਨੁ ॥੯॥ ਈਧਨੁ ਅਧਿਕ ਸਕੇਲੀਐ ਭਾਈ ਪਾਵਕੁ ਰੰਚਕ ਪਾਇ ॥ ਖਿਨੁ ਪਲੁ ਨਾਮੁ ਰਿਦੈ ਵਸੈ ਭਾਈ ਨਾਨਕ ਮਿਲਣੁ ਸੁਭਾਇ ॥੧੦॥੪॥

ਸੋਰਠਿ ਮਹਲਾ ੩ ਘਰੁ ੧ ਤਿਤੁਕੀ ੴ ਸਤਿਗੁਰ ਪ੍ਰਸਾਦਿ ॥

ਭਗਤਾ ਦੀ ਸਦਾ ਤੂ ਰਖਦਾ ਹਰਿ ਜੀਉ ਧੁਰਿ ਤੂ ਰਖਦਾ ਆਇਆ ॥ ਪ੍ਰਹਿਲਾਦ ਜਨ ਤੁਧੁ ਰਾਖਿ ਲਏ ਹਰਿ ਜੀਉ ਹਰਣਾਖਸੁ ਮਾਰਿ ਪਚਾਇਆ ॥ ਗੁਰਮੁਖਾ ਨੋ ਪਰਤੀਤਿ ਹੈ ਹਰਿ ਜੀਉ ਮਨਮੁਖ ਭਰਮਿ ਭੁਲਾਇਆ ॥੧॥ ਹਰਿ ਜੀ ਏਹ ਤੇਰੀ ਵਡਿਆਈ ॥ ਭਗਤਾ ਕੀ ਪੈਜ ਰਖੁ ਤੂ ਸੁਆਮੀ ਭਗਤ ਤੇਰੀ ਸਰਣਾਈ ॥ ਰਹਾਉ ॥ ਭਗਤਾ ਨੋ ਜਮੁ ਜੋਹਿ ਨ ਸਾਕੈ ਕਾਲੁ ਨ ਨੇੜੈ ਜਾਈ ॥ ਕੇਵਲ ਰਾਮ ਨਾਮੁ ਮਨਿ ਵਸਿਆ ਨਾਮੇ ਹੀ ਮੁਕਤਿ ਪਾਈ ॥ ਰਿਧਿ ਸਿਧਿ ਸਭ ਭਗਤਾ ਚਰਣੀ ਲਾਗੀ ਗੁਰ ਕੈ ਸਹਜਿ ਸੁਭਾਈ ॥੨॥ ਮਨਮੁਖਾ ਨੋ ਪਰਤੀਤਿ ਨ ਆਵੀ ਅੰਤਰਿ ਲੋਭ ਸੁਆਉ ॥ ਗੁਰਮੁਖਿ ਹਿਰਦੈ ਸਬਦੁ ਨ ਭੇਦਿਓ ਹਰਿ ਨਾਮਿ ਨ ਲਾਗਾ ਭਾਉ ॥ ਕੂੜ ਕਪਟ ਪਾਜੁ ਲਹਿ ਜਾਸੀ ਮਨਮੁਖ ਫੀਕਾ ਅਲਾਉ ॥੩॥ ਭਗਤਾ ਵਿਚਿ ਆਪਿ ਵਰਤਦਾ ਪ੍ਰਭ ਜੀ ਭਗਤੀ ਹੂ ਤੂ ਜਾਤਾ ॥ ਮਾਇਆ ਮੋਹ ਸਭ

ਲੋਕ ਹੈ ਤੇਰੀ ਤੂ ਏਕੋ ਪੁਰਖੁ ਬਿਧਾਤਾ ॥ ਹਉਮੈ ਮਾਰਿ ਮਨਸਾ ਮਨਹਿ ਸਮਾਣੀ ਗੁਰ ਕੈ ਸਬਦਿ ਪਛਾਤਾ ॥੪॥
ਅਚਿੰਤ ਕੰਮ ਕਰਹਿ ਪ੍ਰਭ ਤਿਨ ਕੇ ਜਿਨ ਹਰਿ ਕਾ ਨਾਮੁ ਪਿਆਰਾ ॥ ਗੁਰ ਪਰਸਾਦਿ ਸਦਾ ਮਨਿ ਵਸਿਆ ਸਭਿ ਕਾਜ
ਸਵਾਰਣਹਾਰਾ ॥ ਓਨਾ ਕੀ ਰੀਸ ਕਰੇ ਸੁ ਵਿਗੁਚੈ ਜਿਨ ਹਰਿ ਪ੍ਰਭੁ ਹੈ ਰਖਵਾਰਾ ॥੫॥ ਬਿਨੁ ਸਤਿਗੁਰ ਸੇਵੇ ਕਿਨੈ
ਨ ਪਾਇਆ ਮਨਮੁਖਿ ਭਉਕਿ ਮੁਏ ਬਿਲਲਾਈ ॥ ਆਵਹਿ ਜਾਵਹਿ ਠਉਰ ਨ ਪਾਵਹਿ ਦੁਖ ਮਹਿ ਦੁਖਿ ਸਮਾਈ ॥
ਗੁਰਮੁਖਿ ਹੋਵੈ ਸੁ ਅੰਮ੍ਰਿਤੁ ਪੀਵੈ ਸਹਜੇ ਸਾਚਿ ਸਮਾਈ ॥੬॥ ਬਿਨੁ ਸਤਿਗੁਰ ਸੇਵੇ ਜਨਮੁ ਨ ਛੋਡੈ ਜੇ ਅਨੇਕ ਕਰਮ
ਕਰੈ ਅਧਿਕਾਈ ॥ ਵੇਦ ਪੜਹਿ ਤੈ ਵਾਦ ਵਖਾਣਹਿ ਬਿਨੁ ਹਰਿ ਪਤਿ ਗਵਾਈ ॥ ਸਚਾ ਸਤਿਗੁਰੁ ਸਾਚੀ ਜਿਸੁ
ਬਾਣੀ ਭਜਿ ਛੂਟਹਿ ਗੁਰ ਸਰਣਾਈ ॥੭॥ ਜਿਨ ਹਰਿ ਮਨਿ ਵਸਿਆ ਸੇ ਦਰਿ ਸਾਚੇ ਦਰਿ ਸਾਚੈ ਸਚਿਆਰਾ ॥
ਓਨਾ ਦੀ ਸੋਭਾ ਜੁਗਿ ਜੁਗਿ ਹੋਈ ਕੋਇ ਨ ਮੇਟਣਹਾਰਾ ॥ ਨਾਨਕ ਤਿਨ ਕੈ ਸਦ ਬਲਿਹਾਰੈ ਜਿਨ ਹਰਿ ਰਾਖਿਆ
ਉਰਿ ਧਾਰਾ ॥੮॥੧॥ ਸੋਰਠਿ ਮਹਲਾ ੩ ਦੁਤੁਕੀ ॥ ਨਿਗੁਣਿਆ ਨੋ ਆਪੇ ਬਖਸਿ ਲਏ ਭਾਈ ਸਤਿਗੁਰ ਕੀ ਸੇਵਾ
ਲਾਇ ॥ ਸਤਿਗੁਰ ਕੀ ਸੇਵਾ ਊਤਮ ਹੈ ਭਾਈ ਰਾਮ ਨਾਮਿ ਚਿਤੁ ਲਾਇ ॥੧॥ ਹਰਿ ਜੀਉ ਆਪੇ ਬਖਸਿ ਮਿਲਾਇ ॥
ਗੁਣਹੀਣ ਹਮ ਅਪਰਾਧੀ ਭਾਈ ਪੂਰੈ ਸਤਿਗੁਰਿ ਲਏ ਰਲਾਇ ॥ ਰਹਾਉ ॥ ਕਉਣ ਕਉਣ ਅਪਰਾਧੀ
ਬਖਸਿਅਨੁ ਪਿਆਰੇ ਸਾਚੈ ਸਬਦਿ ਵੀਚਾਰਿ ॥ ਭਉਜਲੁ ਪਾਰਿ ਉਤਾਰਿਅਨੁ ਭਾਈ ਸਤਿਗੁਰ ਬੇੜੈ ਚਾੜਿ ॥੨॥
ਮਨੂਰੈ ਤੇ ਕੰਚਨ ਭਏ ਭਾਈ ਗੁਰੁ ਪਾਰਸੁ ਮੇਲਿ ਮਿਲਾਇ ॥ ਆਪੁ ਛੋਡਿ ਨਾਉ ਮਨਿ ਵਸਿਆ ਭਾਈ ਜੋਤੀ ਜੋਤਿ
ਮਿਲਾਇ ॥੩॥ ਹਉ ਵਾਰੀ ਹਉ ਵਾਰਣੈ ਭਾਈ ਸਤਿਗੁਰ ਕਉ ਸਦ ਬਲਿਹਾਰੈ ਜਾਉ ॥ ਨਾਮੁ ਨਿਧਾਨੁ ਜਿਨਿ
ਦਿਤਾ ਭਾਈ ਗੁਰਮਤਿ ਸਹਜਿ ਸਮਾਉ ॥੪॥ ਗੁਰ ਬਿਨੁ ਸਹਜੁ ਨ ਊਪਜੈ ਭਾਈ ਪੂਛਹੁ ਗਿਆਨੀਆ ਜਾਇ ॥
ਸਤਿਗੁਰ ਕੀ ਸੇਵਾ ਸਦਾ ਕਰਿ ਭਾਈ ਵਿਚਹੁ ਆਪੁ ਗਵਾਇ ॥੫॥ ਗੁਰਮਤੀ ਭਉ ਊਪਜੈ ਭਾਈ ਭਉ ਕਰਣੀ
ਸਚੁ ਸਾਰੁ ॥ ਪ੍ਰੇਮ ਪਦਾਰਥੁ ਪਾਈਐ ਭਾਈ ਸਚੁ ਨਾਮੁ ਆਧਾਰੁ ॥੬॥ ਜੋ ਸਤਿਗੁਰੁ ਸੇਵਹਿ ਆਪਣਾ ਭਾਈ
ਤਿਨ ਕੈ ਹਉ ਲਾਗਉ ਪਾਇ ॥ ਜਨਮੁ ਸਵਾਰੀ ਆਪਣਾ ਭਾਈ ਕੁਲੁ ਭੀ ਲਈ ਬਖਸਾਇ ॥੭॥ ਸਚੁ ਬਾਣੀ
ਸਚੁ ਸਬਦੁ ਹੈ ਭਾਈ ਗੁਰ ਕਿਰਪਾ ਤੇ ਹੋਇ ॥ ਨਾਨਕ ਨਾਮੁ ਹਰਿ ਮਨਿ ਵਸੈ ਭਾਈ ਤਿਸੁ ਬਿਘਨੁ ਨ ਲਾਗੈ

ਕੋਇ ॥੮॥੨॥ ਸੋਰਠਿ ਮਹਲਾ ੩ ॥ ਹਰਿ ਜੀਉ ਸਬਦੇ ਜਾਪਦਾ ਭਾਈ ਪੂਰੈ ਭਾਗਿ ਮਿਲਾਇ ॥ ਸਦਾ ਸੁਖੁ ਸੋਹਾਗਣੀ ਭਾਈ ਅਨਦਿਨੁ ਰਤੀਆ ਰੰਗੁ ਲਾਇ ॥੧॥ ਹਰਿ ਜੀ ਤੂ ਆਪੇ ਰੰਗੁ ਚੜਾਇ ॥ ਗਾਵਹੁ ਗਾਵਹੁ ਰੰਗਿ ਰਾਤਿਹੋ ਭਾਈ ਹਰਿ ਸੇਤੀ ਰੰਗੁ ਲਾਇ ॥ ਰਹਾਉ ॥ ਗੁਰ ਕੀ ਕਾਰ ਕਮਾਵਣੀ ਭਾਈ ਆਪੁ ਛੋਡਿ ਚਿਤੁ ਲਾਇ ॥ ਸਦਾ ਸਹਜੁ ਫਿਰਿ ਦੁਖੁ ਨ ਲਗਈ ਭਾਈ ਹਰਿ ਆਪਿ ਵਸੈ ਮਨਿ ਆਇ ॥੨॥ ਪਿਰ ਕਾ ਹੁਕਮੁ ਨ ਜਾਣਈ ਭਾਈ ਸਾ ਕੁਲਖਣੀ ਕੁਨਾਰਿ ॥ ਮਨਹਠਿ ਕਾਰ ਕਮਾਵਣੀ ਭਾਈ ਵਿਣੁ ਨਾਵੈ ਕੂੜਿਆਰਿ ॥੩॥ ਸੇ ਗਾਵਹਿ ਜਿਨ ਮਸਤਕਿ ਭਾਗੁ ਹੈ ਭਾਈ ਭਾਇ ਸਚੈ ਬੈਰਾਗੁ ॥ ਅਨਦਿਨੁ ਰਾਤੇ ਗੁਣ ਰਵਹਿ ਭਾਈ ਨਿਰਭਉ ਗੁਰ ਲਿਵ ਲਾਗੁ ॥੪॥ ਸਭਨਾ ਮਾਰਿ ਜੀਵਾਲਦਾ ਭਾਈ ਸੋ ਸੇਵਹੁ ਦਿਨੁ ਰਾਤਿ ॥ ਸੋ ਕਿਉ ਮਨਹੁ ਵਿਸਾਰੀਐ ਭਾਈ ਜਿਸ ਦੀ ਵਡੀ ਹੈ ਦਾਤਿ ॥੫॥ ਮਨਮੁਖਿ ਮੈਲੀ ਡੂੰਮਣੀ ਭਾਈ ਦਰਗਹ ਨਾਹੀ ਥਾਉ ॥ ਗੁਰਮੁਖਿ ਹੋਵੈ ਤ ਗੁਣ ਰਵੈ ਭਾਈ ਮਿਲਿ ਪ੍ਰੀਤਮ ਸਾਚਿ ਸਮਾਉ ॥੬॥ ਏਤੁ ਜਨਮਿ ਹਰਿ ਨ ਚੇਤਿਓ ਭਾਈ ਕਿਆ ਮੁਹੁ ਦੇਸੀ ਜਾਇ ॥ ਕਿੜੀ ਪਵੰਦੀ ਮੁਹਾਇਓਨੁ ਭਾਈ ਬਿਖਿਆ ਨੋ ਲੋਭਾਇ ॥੭॥ ਨਾਮੁ ਸਮਾਲਹਿ ਸੁਖਿ ਵਸਹਿ ਭਾਈ ਸਦਾ ਸੁਖੁ ਸਾਂਤਿ ਸਰੀਰ ॥ ਨਾਨਕ ਨਾਮੁ ਸਮਾਲਿ ਤੂ ਭਾਈ ਅਪਰੰਪਰ ਗੁਣੀ ਗਹੀਰ ॥੮॥੩॥

ਸੋਰਠਿ ਮਹਲਾ ੫ ਘਰੁ ੧ ਅਸਟਪਦੀਆ ੴ ਸਤਿਗੁਰ ਪ੍ਰਸਾਦਿ ॥

ਸਭੁ ਜਗੁ ਜਿਨਹਿ ਉਪਾਇਆ ਭਾਈ ਕਰਣ ਕਾਰਣ ਸਮਰਥੁ ॥ ਜੀਉ ਪਿੰਡੁ ਜਿਨਿ ਸਾਜਿਆ ਭਾਈ ਦੇ ਕਰਿ ਅਪਣੀ ਵਥੁ ॥ ਕਿਨਿ ਕਹੀਐ ਕਿਉ ਦੇਖੀਐ ਭਾਈ ਕਰਤਾ ਏਕੁ ਅਕਥੁ ॥ ਗੁਰੁ ਗੋਵਿੰਦੁ ਸਲਾਹੀਐ ਭਾਈ ਜਿਸ ਤੇ ਜਾਪੈ ਤਥੁ ॥੧॥ ਮੇਰੇ ਮਨ ਜਪੀਐ ਹਰਿ ਭਗਵੰਤਾ ॥ ਨਾਮ ਦਾਨੁ ਦੇਇ ਜਨ ਅਪਨੇ ਦੂਖ ਦਰਦ ਕਾ ਹੰਤਾ ॥ ਰਹਾਉ ॥ ਜਾ ਕੈ ਘਰਿ ਸਭੁ ਕਿਛੁ ਹੈ ਭਾਈ ਨਉ ਨਿਧਿ ਭਰੇ ਭੰਡਾਰ ॥ ਤਿਸ ਕੀ ਕੀਮਤਿ ਨਾ ਪਵੈ ਭਾਈ ਊਚਾ ਅਗਮ ਅਪਾਰ ॥ ਜੀਅ ਜੰਤ ਪ੍ਰਤਿਪਾਲਦਾ ਭਾਈ ਨਿਤ ਨਿਤ ਕਰਦਾ ਸਾਰ ॥ ਸਤਿਗੁਰੁ ਪੂਰਾ ਭੇਟੀਐ ਭਾਈ ਸਬਦਿ ਮਿਲਾਵਣਹਾਰ ॥੨॥ ਸਚੇ ਚਰਣ ਸਰੇਵੀਅਹਿ ਭਾਈ ਭ੍ਰਮੁ ਭਉ ਹੋਵੈ ਨਾਸੁ ॥ ਮਿਲਿ ਸੰਤ ਸਭਾ ਮਨੁ ਮਾਂਜੀਐ ਭਾਈ ਹਰਿ ਕੈ ਨਾਮਿ ਨਿਵਾਸੁ ॥ ਮਿਟੈ ਅੰਧੇਰਾ ਅਗਿਆਨਤਾ ਭਾਈ ਕਮਲ ਹੋਵੈ ਪਰਗਾਸੁ ॥ ਗੁਰ ਬਚਨੀ

ਸੁਖੁ ਊਪਜੈ ਭਾਈ ਸਭਿ ਫਲ ਸਤਿਗੁਰ ਪਾਸਿ ॥੩॥ ਮੇਰਾ ਤੇਰਾ ਛੋਡੀਐ ਭਾਈ ਹੋਈਐ ਸਭ ਕੀ ਧੂਰਿ ॥ ਘਟਿ ਘਟਿ ਬ੍ਰਹਮੁ ਪਸਾਰਿਆ ਭਾਈ ਪੇਖੈ ਸੁਣੈ ਹਜੂਰਿ ॥ ਜਿਤੁ ਦਿਨਿ ਵਿਸਰੈ ਪਾਰਬ੍ਰਹਮੁ ਭਾਈ ਤਿਤੁ ਦਿਨਿ ਮਰੀਐ ਝੂਰਿ ॥ ਕਰਨ ਕਰਾਵਨ ਸਮਰਥੋ ਭਾਈ ਸਰਬ ਕਲਾ ਭਰਪੂਰਿ ॥੪॥ ਪ੍ਰੇਮ ਪਦਾਰਥੁ ਨਾਮੁ ਹੈ ਭਾਈ ਮਾਇਆ ਮੋਹ ਬਿਨਾਸੁ ॥ ਤਿਸੁ ਭਾਵੈ ਤਾ ਮੇਲਿ ਲਏ ਭਾਈ ਹਿਰਦੈ ਨਾਮ ਨਿਵਾਸੁ ॥ ਗੁਰਮੁਖਿ ਕਮਲੁ ਪ੍ਰਗਾਸੀਐ ਭਾਈ ਰਿਦੈ ਹੋਵੈ ਪਰਗਾਸੁ ॥ ਪ੍ਰਗਟੁ ਭਇਆ ਪਰਤਾਪੁ ਪ੍ਰਭ ਭਾਈ ਮਉਲਿਆ ਧਰਤਿ ਅਕਾਸੁ ॥੫॥ ਗੁਰਿ ਪੂਰੈ ਸੰਤੋਖਿਆ ਭਾਈ ਅਹਿਨਿਸਿ ਲਾਗਾ ਭਾਉ ॥ ਰਸਨਾ ਰਾਮੁ ਰਵੈ ਸਦਾ ਭਾਈ ਸਾਚਾ ਸਾਦੁ ਸੁਆਉ ॥ ਕਰਨੀ ਸੁਣਿ ਸੁਣਿ ਜੀਵਿਆ ਭਾਈ ਨਿਹਚਲੁ ਪਾਇਆ ਥਾਉ ॥ ਜਿਸੁ ਪਰਤੀਤਿ ਨ ਆਵਈ ਭਾਈ ਸੋ ਜੀਅੜਾ ਜਲਿ ਜਾਉ ॥੬॥ ਬਹੁ ਗੁਣ ਮੇਰੇ ਸਾਹਿਬੈ ਭਾਈ ਹਉ ਤਿਸ ਕੈ ਬਲਿ ਜਾਉ ॥ ਓਹੁ ਨਿਰਗੁਣੀਆਰੇ ਪਾਲਦਾ ਭਾਈ ਦੇਇ ਨਿਥਾਵੇ ਥਾਉ ॥ ਰਿਜਕੁ ਸੰਬਾਹੇ ਸਾਸਿ ਸਾਸਿ ਭਾਈ ਗੂੜਾ ਜਾ ਕਾ ਨਾਉ ॥ ਜਿਸੁ ਗੁਰੁ ਸਾਚਾ ਭੇਟੀਐ ਭਾਈ ਪੂਰਾ ਤਿਸੁ ਕਰਮਾਉ ॥੭॥ ਤਿਸੁ ਬਿਨੁ ਘੜੀ ਨ ਜੀਵੀਐ ਭਾਈ ਸਰਬ ਕਲਾ ਭਰਪੂਰਿ ॥ ਸਾਸਿ ਗਿਰਾਸਿ ਨ ਵਿਸਰੈ ਭਾਈ ਪੇਖਉ ਸਦਾ ਹਜੂਰਿ ॥ ਸਾਧੂ ਸੰਗਿ ਮਿਲਾਇਆ ਭਾਈ ਸਰਬ ਰਹਿਆ ਭਰਪੂਰਿ ॥ ਜਿਨਾ ਪ੍ਰੀਤਿ ਨ ਲਗੀਆ ਭਾਈ ਸੇ ਨਿਤ ਨਿਤ ਮਰਦੇ ਝੂਰਿ ॥੮॥ ਅੰਚਲਿ ਲਾਇ ਤਰਾਇਆ ਭਾਈ ਭਉਜਲੁ ਦੁਖੁ ਸੰਸਾਰੁ ॥ ਕਰਿ ਕਿਰਪਾ ਨਦਰਿ ਨਿਹਾਲਿਆ ਭਾਈ ਕੀਤੋਨੁ ਅੰਗੁ ਅਪਾਰੁ ॥ ਮਨੁ ਤਨੁ ਸੀਤਲੁ ਹੋਇਆ ਭਾਈ ਭੋਜਨੁ ਨਾਮ ਅਧਾਰੁ ॥ ਨਾਨਕ ਤਿਸੁ ਸਰਣਾਗਤੀ ਭਾਈ ਜਿ ਕਿਲਬਿਖ ਕਾਟਣਹਾਰੁ ॥੯॥੧॥ ਸੋਰਠਿ ਮਹਲਾ ੫ ॥ ਮਾਤ ਗਰਭ ਦੁਖ ਸਾਗਰੋ ਪਿਆਰੇ ਤਹ ਅਪਣਾ ਨਾਮੁ ਜਪਾਇਆ ॥ ਬਾਹਰਿ ਕਾਢਿ ਬਿਖੁ ਪਸਰੀਆ ਪਿਆਰੇ ਮਾਇਆ ਮੋਹੁ ਵਧਾਇਆ ॥ ਜਿਸ ਨੋ ਕੀਤੋ ਕਰਮੁ ਆਪਿ ਪਿਆਰੇ ਤਿਸੁ ਪੂਰਾ ਗੁਰੂ ਮਿਲਾਇਆ ॥ ਸੋ ਆਰਾਧੇ ਸਾਸਿ ਸਾਸਿ ਪਿਆਰੇ ਰਾਮ ਨਾਮ ਲਿਵ ਲਾਇਆ ॥੧॥ ਮਨਿ ਤਨਿ ਤੇਰੀ ਟੇਕ ਹੈ ਪਿਆਰੇ ਮਨਿ ਤਨਿ ਤੇਰੀ ਟੇਕ ॥ ਤੁਧੁ ਬਿਨੁ ਅਵਰੁ ਨ ਕਰਨਹਾਰੁ ਪਿਆਰੇ ਅੰਤਰਜਾਮੀ ਏਕ ॥ ਰਹਾਉ ॥ ਕੋਟਿ ਜਨਮ ਭ੍ਰਮਿ ਆਇਆ ਪਿਆਰੇ ਅਨਿਕ ਜੋਨਿ ਦੁਖੁ ਪਾਇ ॥ ਸਾਚਾ ਸਾਹਿਬੁ ਵਿਸਰਿਆ ਪਿਆਰੇ ਬਹੁਤੀ ਮਿਲੈ ਸਜਾਇ ॥ ਜਿਨ ਭੇਟੈ ਪੂਰਾ ਸਤਿਗੁਰੂ ਪਿਆਰੇ ਸੇ ਲਾਗੇ

ਸਾਚੈ ਨਾਇ ॥ ਤਿਨਾ ਪਿਛੈ ਛੁਟੀਐ ਪਿਆਰੇ ਜੋ ਸਾਚੀ ਸਰਣਾਇ ॥੨॥ ਮਿਠਾ ਕਰਿ ਕੈ ਖਾਇਆ ਪਿਆਰੇ ਤਿਨਿ ਤਨਿ ਕੀਤਾ ਰੋਗੁ ॥ ਕਉੜਾ ਹੋਇ ਪਤਿਸਟਿਆ ਪਿਆਰੇ ਤਿਸ ਤੇ ਉਪਜਿਆ ਸੋਗੁ ॥ ਭੋਗ ਭੁੰਚਾਇ ਭੁਲਾਇਅਨੁ ਪਿਆਰੇ ਉਤਰੈ ਨਹੀ ਵਿਜੋਗੁ ॥ ਜੋ ਗੁਰ ਮੇਲਿ ਉਧਾਰਿਆ ਪਿਆਰੇ ਤਿਨ ਧੁਰੇ ਪਇਆ ਸੰਜੋਗੁ ॥੩॥ ਮਾਇਆ ਲਾਲਚਿ ਅਟਿਆ ਪਿਆਰੇ ਚਿਤਿ ਨ ਆਵਹਿ ਮੂਲਿ ॥ ਜਿਨ ਤੂ ਵਿਸਰਹਿ ਪਾਰਬ੍ਰਹਮ ਸੁਆਮੀ ਸੇ ਤਨ ਹੋਏ ਧੂੜਿ ॥ ਬਿਲਲਾਟ ਕਰਹਿ ਬਹੁਤੇਰਿਆ ਪਿਆਰੇ ਉਤਰੈ ਨਾਹੀ ਸੂਲੁ ॥ ਜੋ ਗੁਰ ਮੇਲਿ ਸਵਾਰਿਆ ਪਿਆਰੇ ਤਿਨ ਕਾ ਰਹਿਆ ਮੂਲੁ ॥੪॥ ਸਾਕਤ ਸੰਗੁ ਨ ਕੀਜਈ ਪਿਆਰੇ ਜੇ ਕਾ ਪਾਰਿ ਵਸਾਇ ॥ ਜਿਸੁ ਮਿਲਿਐ ਹਰਿ ਵਿਸਰੈ ਪਿਆਰੇ ਸੁੋ ਮੁਹਿ ਕਾਲੈ ਉਠਿ ਜਾਇ ॥ ਮਨਮੁਖਿ ਢੋਈ ਨਹ ਮਿਲੈ ਪਿਆਰੇ ਦਰਗਹ ਮਿਲੈ ਸਜਾਇ ॥ ਜੋ ਗੁਰ ਮੇਲਿ ਸਵਾਰਿਆ ਪਿਆਰੇ ਤਿਨਾ ਪੂਰੀ ਪਾਇ ॥੫॥ ਸੰਜਮ ਸਹਸ ਸਿਆਣਪਾ ਪਿਆਰੇ ਇਕ ਨ ਚਲੀ ਨਾਲਿ ॥ ਜੋ ਬੇਮੁਖ ਗੋਬਿੰਦ ਤੇ ਪਿਆਰੇ ਤਿਨ ਕੁਲਿ ਲਾਗੈ ਗਾਲਿ ॥ ਹੋਦੀ ਵਸਤੁ ਨ ਜਾਤੀਆ ਪਿਆਰੇ ਕੂੜੁ ਨ ਚਲੀ ਨਾਲਿ ॥ ਸਤਿਗੁਰੁ ਜਿਨਾ ਮਿਲਾਇਓਨੁ ਪਿਆਰੇ ਸਾਚਾ ਨਾਮੁ ਸਮਾਲਿ ॥੬॥ ਸਤੁ ਸੰਤੋਖੁ ਗਿਆਨੁ ਧਿਆਨੁ ਪਿਆਰੇ ਜਿਸ ਨੋ ਨਦਰਿ ਕਰੇ ॥ ਅਨਦਿਨੁ ਕੀਰਤਨੁ ਗੁਣ ਰਵੈ ਪਿਆਰੇ ਅੰਮ੍ਰਿਤਿ ਪੂਰ ਭਰੇ ॥ ਦੁਖ ਸਾਗਰੁ ਤਿਨ ਲੰਘਿਆ ਪਿਆਰੇ ਭਵਜਲੁ ਪਾਰਿ ਪਰੇ ॥ ਜਿਸੁ ਭਾਵੈ ਤਿਸੁ ਮੇਲਿ ਲੈਹਿ ਪਿਆਰੇ ਸੇਈ ਸਦਾ ਖਰੇ ॥੭॥ ਸੰਮ੍ਰਥ ਪੁਰਖੁ ਦਇਆਲ ਦੇਉ ਪਿਆਰੇ ਭਗਤਾ ਤਿਸ ਕਾ ਤਾਣੁ ॥ ਤਿਸੁ ਸਰਣਾਈ ਢਹਿ ਪਏ ਪਿਆਰੇ ਜਿ ਅੰਤਰਜਾਮੀ ਜਾਣੁ ॥ ਹਲਤੁ ਪਲਤੁ ਸਵਾਰਿਆ ਪਿਆਰੇ ਮਸਤਕਿ ਸਚੁ ਨੀਸਾਣੁ ॥ ਸੋ ਪ੍ਰਭੁ ਕਦੇ ਨ ਵੀਸਰੈ ਪਿਆਰੇ ਨਾਨਕ ਸਦ ਕੁਰਬਾਣੁ ॥੮॥੨॥

ਸੋਰਠਿ ਮਹਲਾ ੫ ਘਰੁ ੨ ਅਸਟਪਦੀਆ ੴ ਸਤਿਗੁਰ ਪ੍ਰਸਾਦਿ ॥

ਪਾਠੁ ਪੜਿਓ ਅਰੁ ਬੇਦੁ ਬੀਚਾਰਿਓ ਨਿਵਲਿ ਭੁਅੰਗਮ ਸਾਧੇ ॥ ਪੰਚ ਜਨਾ ਸਿਉ ਸੰਗੁ ਨ ਛੁਟਕਿਓ ਅਧਿਕ ਅਹੰਬੁਧਿ ਬਾਧੇ ॥੧॥ ਪਿਆਰੇ ਇਨ ਬਿਧਿ ਮਿਲਣੁ ਨ ਜਾਈ ਮੈ ਕੀਏ ਕਰਮ ਅਨੇਕਾ ॥ ਹਾਰਿ ਪਰਿਓ ਸੁਆਮੀ ਕੈ ਦੁਆਰੈ ਦੀਜੈ ਬੁਧਿ ਬਿਬੇਕਾ ॥ ਰਹਾਉ ॥ ਮੋਨਿ ਭਇਓ ਕਰਪਾਤੀ ਰਹਿਓ ਨਗਨ ਫਿਰਿਓ ਬਨ ਮਾਹੀ ॥ ਤਟ

ਤੀਰਥ ਸਭ ਧਰਤੀ ਭ੍ਰਮਿਓ ਦੁਬਿਧਾ ਛੁਟਕੈ ਨਾਹੀ ॥੨॥ ਮਨ ਕਾਮਨਾ ਤੀਰਥ ਜਾਇ ਬਸਿਓ ਸਿਰਿ ਕਰਵਤ ਧਰਾਏ ॥ ਮਨ ਕੀ ਮੈਲੁ ਨ ਉਤਰੈ ਇਹ ਬਿਧਿ ਜੇ ਲਖ ਜਤਨ ਕਰਾਏ ॥੩॥ ਕਨਿਕ ਕਾਮਿਨੀ ਹੈਵਰ ਗੈਵਰ ਬਹੁ ਬਿਧਿ ਦਾਨੁ ਦਾਤਾਰਾ ॥ ਅੰਨ ਬਸਤ੍ਰ ਭੂਮਿ ਬਹੁ ਅਰਪੇ ਨਹ ਮਿਲੀਐ ਹਰਿ ਦੁਆਰਾ ॥੪॥ ਪੂਜਾ ਅਰਚਾ ਬੰਦਨ ਡੰਡਉਤ ਖਟੁ ਕਰਮਾ ਰਤੁ ਰਹਤਾ ॥ ਹਉ ਹਉ ਕਰਤ ਬੰਧਨ ਮਹਿ ਪਰਿਆ ਨਹ ਮਿਲੀਐ ਇਹ ਜੁਗਤਾ ॥੫॥ ਜੋਗ ਸਿਧ ਆਸਣ ਚਉਰਾਸੀਹ ਏ ਭੀ ਕਰਿ ਕਰਿ ਰਹਿਆ ॥ ਵਡੀ ਆਰਜਾ ਫਿਰਿ ਫਿਰਿ ਜਨਮੈ ਹਰਿ ਸਿਉ ਸੰਗੁ ਨ ਗਹਿਆ ॥੬॥ ਰਾਜ ਲੀਲਾ ਰਾਜਨ ਕੀ ਰਚਨਾ ਕਰਿਆ ਹੁਕਮੁ ਅਫਾਰਾ ॥ ਸੇਜ ਸੋਹਨੀ ਚੰਦਨੁ ਚੋਆ ਨਰਕ ਘੋਰ ਕਾ ਦੁਆਰਾ ॥੭॥ ਹਰਿ ਕੀਰਤਿ ਸਾਧਸੰਗਤਿ ਹੈ ਸਿਰਿ ਕਰਮਨ ਕੈ ਕਰਮਾ ॥ ਕਹੁ ਨਾਨਕ ਤਿਸੁ ਭਇਓ ਪਰਾਪਤਿ ਜਿਸੁ ਪੁਰਬ ਲਿਖੇ ਕਾ ਲਹਨਾ ॥੮॥ ਤੇਰੋ ਸੇਵਕੁ ਇਹ ਰੰਗਿ ਮਾਤਾ ॥ ਭਇਓ ਕ੍ਰਿਪਾਲੁ ਦੀਨ ਦੁਖ ਭੰਜਨੁ ਹਰਿ ਹਰਿ ਕੀਰਤਨਿ ਇਹੁ ਮਨੁ ਰਾਤਾ ॥ ਰਹਾਉ ਦੂਜਾ ॥੧॥੩॥

ਰਾਗੁ ਸੋਰਠਿ ਵਾਰ ਮਹਲੇ ੪ ਕੀ ੴ ਸਤਿਗੁਰ ਪ੍ਰਸਾਦਿ ॥

ਸਲੋਕੁ ਮਃ ੧ ॥ ਸੋਰਠਿ ਸਦਾ ਸੁਹਾਵਣੀ ਜੇ ਸਚਾ ਮਨਿ ਹੋਇ ॥ ਦੰਦੀ ਮੈਲੁ ਨ ਕਤੁ ਮਨਿ ਜੀਭੈ ਸਚਾ ਸੋਇ ॥ ਸਸੁਰੈ ਪੇਈਐ ਭੈ ਵਸੀ ਸਤਿਗੁਰੁ ਸੇਵਿ ਨਿਸੰਗ ॥ ਪਰਹਰਿ ਕਪੜੁ ਜੇ ਪਿਰ ਮਿਲੈ ਖੁਸੀ ਰਾਵੈ ਪਿਰੁ ਸੰਗਿ ॥ ਸਦਾ ਸੀਗਾਰੀ ਨਾਉ ਮਨਿ ਕਦੇ ਨ ਮੈਲੁ ਪਤੰਗੁ ॥ ਦੇਵਰ ਜੇਠ ਮੁਏ ਦੁਖਿ ਸਸੂ ਕਾ ਡਰੁ ਕਿਸੁ ॥ ਜੇ ਪਿਰ ਭਾਵੈ ਨਾਨਕਾ ਕਰਮ ਮਣੀ ਸਭੁ ਸਚੁ ॥੧॥ ਮਃ ੪ ॥ ਸੋਰਠਿ ਤਾਮਿ ਸੁਹਾਵਣੀ ਜਾ ਹਰਿ ਨਾਮੁ ਢੰਢੋਲੇ ॥ ਗੁਰ ਪੁਰਖੁ ਮਨਾਵੈ ਆਪਣਾ ਗੁਰਮਤੀ ਹਰਿ ਹਰਿ ਬੋਲੇ ॥ ਹਰਿ ਪ੍ਰੇਮਿ ਕਸਾਈ ਦਿਨਸੁ ਰਾਤਿ ਹਰਿ ਰਤੀ ਹਰਿ ਰੰਗਿ ਚੋਲੇ ॥ ਹਰਿ ਜੈਸਾ ਪੁਰਖੁ ਨ ਲਭਈ ਸਭੁ ਦੇਖਿਆ ਜਗਤੁ ਮੈ ਟੋਲੇ ॥ ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਮਨੁ ਅਨਤ ਨ ਕਾਹੂ ਡੋਲੇ ॥ ਜਨੁ ਨਾਨਕੁ ਹਰਿ ਕਾ ਦਾਸੁ ਹੈ ਗੁਰ ਸਤਿਗੁਰ ਕੇ ਗੋਲ ਗੋਲੇ ॥੨॥ ਪਉੜੀ ॥ ਤੂ ਆਪੇ ਸਿਸਟਿ ਕਰਤਾ ਸਿਰਜਣਹਾਰਿਆ॥ ਤੁਧੁ ਆਪੇ ਖੇਲੁ ਰਚਾਇ ਤੁਧੁ ਆਪਿ ਸਵਾਰਿਆ ॥ ਦਾਤਾ ਕਰਤਾ ਆਪਿ ਆਪਿ ਭੋਗਣਹਾਰਿਆ ॥ ਸਭੁ ਤੇਰਾ ਸਬਦੁ ਵਰਤੈ ਉਪਾਵਣਹਾਰਿਆ ॥ ਹਉ ਗੁਰਮੁਖਿ ਸਦਾ ਸਲਾਹੀ ਗੁਰ ਕਉ ਵਾਰਿਆ ॥੧॥

ਸਲੋਕੁ ਮਃ ੩ ॥ ਹਉਮੈ ਜਲਤੇ ਜਲਿ ਮੁਏ ਭ੍ਰਮਿ ਆਏ ਦੂਜੈ ਭਾਇ ॥ ਪੂਰੈ ਸਤਿਗੁਰਿ ਰਾਖਿ ਲੀਏ ਆਪਣੈ ਪੰਨੈ ਪਾਇ ॥ ਇਹੁ ਜਗੁ ਜਲਤਾ ਨਦਰੀ ਆਇਆ ਗੁਰ ਕੈ ਸਬਦਿ ਸੁਭਾਇ ॥ ਸਬਦਿ ਰਤੇ ਸੇ ਸੀਤਲ ਭਏ ਨਾਨਕ ਸਚੁ ਕਮਾਇ ॥੧॥ ਮਃ ੩ ॥ ਸਫਲਿਓ ਸਤਿਗੁਰੁ ਸੇਵਿਆ ਧੰਨੁ ਜਨਮੁ ਪਰਵਾਣੁ ॥ ਜਿਨਾ ਸਤਿਗੁਰੁ ਜੀਵਦਿਆ ਮੁਇਆ ਨ ਵਿਸਰੈ ਸੇਈ ਪੁਰਖ ਸੁਜਾਣ ॥ ਕੁਲੁ ਉਧਾਰੇ ਆਪਣਾ ਸੋ ਜਨੁ ਹੋਵੈ ਪਰਵਾਣੁ ॥ ਗੁਰਮੁਖਿ ਮੁਏ ਜੀਵਦੇ ਪਰਵਾਣੁ ਹਹਿ ਮਨਮੁਖ ਜਨਮਿ ਮਰਾਹਿ ॥ ਨਾਨਕ ਮੁਏ ਨ ਆਖੀਅਹਿ ਜਿ ਗੁਰ ਕੈ ਸਬਦਿ ਸਮਾਹਿ ॥੨॥ ਪਉੜੀ ॥ ਹਰਿ ਪੁਰਖੁ ਨਿਰੰਜਨੁ ਸੇਵਿ ਹਰਿ ਨਾਮੁ ਧਿਆਈਐ ॥ ਸਤਸੰਗਤਿ ਸਾਧੂ ਲਗਿ ਹਰਿ ਨਾਮਿ ਸਮਾਈਐ ॥ ਹਰਿ ਤੇਰੀ ਵਡੀ ਕਾਰ ਮੈ ਮੂਰਖ ਲਾਈਐ ॥ ਹਉ ਗੋਲਾ ਲਾਲਾ ਤੁਧੁ ਮੈ ਹੁਕਮੁ ਫੁਰਮਾਈਐ ॥ ਹਉ ਗੁਰਮੁਖਿ ਕਾਰ ਕਮਾਵਾ ਜਿ ਗੁਰਿ ਸਮਝਾਈਐ ॥੨॥ ਸਲੋਕੁ ਮਃ ੩ ॥ ਪੂਰਬਿ ਲਿਖਿਆ ਕਮਾਵਣਾ ਜਿ ਕਰਤੈ ਆਪਿ ਲਿਖਿਆਸੁ ॥ ਮੋਹ ਠਗਉਲੀ ਪਾਈਅਨੁ ਵਿਸਰਿਆ ਗੁਣਤਾਸੁ ॥ ਮਤੁ ਜਾਣਹੁ ਜਗੁ ਜੀਵਦਾ ਦੂਜੈ ਭਾਇ ਮੁਇਆਸੁ ॥ ਜਿਨੀ ਗੁਰਮੁਖਿ ਨਾਮੁ ਨ ਚੇਤਿਓ ਸੇ ਬਹਣਿ ਨ ਮਿਲਨੀ ਪਾਸਿ ॥ ਦੁਖੁ ਲਾਗਾ ਬਹੁ ਅਤਿ ਘਣਾ ਪੁਤੁ ਕਲਤੁ ਨ ਸਾਥਿ ਕੋਈ ਜਾਸਿ ॥ ਲੋਕਾ ਵਿਚਿ ਮੁਹੁ ਕਾਲਾ ਹੋਆ ਅੰਦਰਿ ਉਭੇ ਸਾਸ ॥ ਮਨਮੁਖਾ ਨੋ ਕੋ ਨ ਵਿਸਹੀ ਚੁਕਿ ਗਇਆ ਵੇਸਾਸੁ ॥ ਨਾਨਕ ਗੁਰਮੁਖਾ ਨੋ ਸੁਖੁ ਅਗਲਾ ਜਿਨਾ ਅੰਤਰਿ ਨਾਮ ਨਿਵਾਸੁ ॥੧॥ ਮਃ ੩ ॥ ਸੇ ਸੈਣ ਸੇ ਸਜਣਾ ਜਿ ਗੁਰਮੁਖਿ ਮਿਲਹਿ ਸੁਭਾਇ ॥ ਸਤਿਗੁਰ ਕਾ ਭਾਣਾ ਅਨਦਿਨੁ ਕਰਹਿ ਸੇ ਸਚਿ ਰਹੇ ਸਮਾਇ ॥ ਦੂਜੈ ਭਾਇ ਲਗੇ ਸਜਣ ਨ ਆਖੀਅਹਿ ਜਿ ਅਭਿਮਾਨੁ ਕਰਹਿ ਵੇਕਾਰ ॥ ਮਨਮੁਖ ਆਪ ਸੁਆਰਥੀ ਕਾਰਜੁ ਨ ਸਕਹਿ ਸਵਾਰਿ ॥ ਨਾਨਕ ਪੂਰਬਿ ਲਿਖਿਆ ਕਮਾਵਣਾ ਕੋਇ ਨ ਮੇਟਣਹਾਰੁ ॥੨॥ ਪਉੜੀ ॥ ਤੁਧੁ ਆਪੇ ਜਗਤੁ ਉਪਾਇ ਕੈ ਆਪਿ ਖੇਲੁ ਰਚਾਇਆ ॥ ਤ੍ਰੈ ਗੁਣ ਆਪਿ ਸਿਰਜਿਆ ਮਾਇਆ ਮੋਹੁ ਵਧਾਇਆ ॥ ਵਿਚਿ ਹਉਮੈ ਲੇਖਾ ਮੰਗੀਐ ਫਿਰਿ ਆਵੈ ਜਾਇਆ ॥ ਜਿਨਾ ਹਰਿ ਆਪਿ ਕ੍ਰਿਪਾ ਕਰੇ ਸੇ ਗੁਰਿ ਸਮਝਾਇਆ ॥ ਬਲਿਹਾਰੀ ਗੁਰ ਆਪਣੇ ਸਦਾ ਸਦਾ ਘੁਮਾਇਆ ॥੩॥ ਸਲੋਕੁ ਮਃ ੩ ॥ ਮਾਇਆ ਮਮਤਾ ਮੋਹਣੀ ਜਿਨਿ ਵਿਣੁ ਦੰਤਾ ਜਗੁ ਖਾਇਆ ॥ ਮਨਮੁਖ ਖਾਧੇ ਗੁਰਮੁਖਿ ਉਬਰੇ ਜਿਨੀ ਸਚਿ ਨਾਮਿ ਚਿਤੁ ਲਾਇਆ ॥ ਬਿਨੁ ਨਾਵੈ ਜਗੁ ਕਮਲਾ ਫਿਰੈ ਗੁਰਮੁਖਿ ਨਦਰੀ

ਆਇਆ ॥ ਧੰਧਾ ਕਰਤਿਆ ਨਿਹਫਲੁ ਜਨਮੁ ਗਵਾਇਆ ਸੁਖਦਾਤਾ ਮਨਿ ਨ ਵਸਾਇਆ ॥ ਨਾਨਕ ਨਾਮੁ ਤਿਨਾ ਕਉ ਮਿਲਿਆ ਜਿਨ ਕਉ ਧੁਰਿ ਲਿਖਿ ਪਾਇਆ ॥੧॥ ਮਃ ੩ ॥ ਘਰ ਹੀ ਮਹਿ ਅੰਮ੍ਰਿਤੁ ਭਰਪੂਰੁ ਹੈ ਮਨਮੁਖਾ ਸਾਦੁ ਨ ਪਾਇਆ ॥ ਜਿਉ ਕਸਤੂਰੀ ਮਿਰਗੁ ਨ ਜਾਣੈ ਭ੍ਰਮਦਾ ਭਰਮਿ ਭੁਲਾਇਆ ॥ ਅੰਮ੍ਰਿਤੁ ਤਜਿ ਬਿਖੁ ਸੰਗ੍ਰਹੈ ਕਰਤੈ ਆਪਿ ਖੁਆਇਆ ॥ ਗੁਰਮੁਖਿ ਵਿਰਲੇ ਸੋਝੀ ਪਈ ਤਿਨਾ ਅੰਦਰਿ ਬ੍ਰਹਮੁ ਦਿਖਾਇਆ ॥ ਤਨੁ ਮਨੁ ਸੀਤਲੁ ਹੋਇਆ ਰਸਨਾ ਹਰਿ ਸਾਦੁ ਆਇਆ ॥ ਸਬਦੇ ਹੀ ਨਾਉ ਊਪਜੈ ਸਬਦੇ ਮੇਲਿ ਮਿਲਾਇਆ ॥ ਬਿਨੁ ਸਬਦੈ ਸਭੁ ਜਗੁ ਬਉਰਾਨਾ ਬਿਰਥਾ ਜਨਮੁ ਗਵਾਇਆ ॥ ਅੰਮ੍ਰਿਤੁ ਏਕੋ ਸਬਦੁ ਹੈ ਨਾਨਕ ਗੁਰਮੁਖਿ ਪਾਇਆ ॥੨॥ ਪਉੜੀ ॥ ਸੋ ਹਰਿ ਪੁਰਖੁ ਅਗੰਮੁ ਹੈ ਕਹੁ ਕਿਤੁ ਬਿਧਿ ਪਾਈਐ ॥ ਤਿਸੁ ਰੂਪੁ ਨ ਰੇਖ ਅਦ੍ਰਿਸਟੁ ਕਹੁ ਜਨ ਕਿਉ ਧਿਆਈਐ ॥ ਨਿਰੰਕਾਰੁ ਨਿਰੰਜਨੁ ਹਰਿ ਅਗਮੁ ਕਿਆ ਕਹਿ ਗੁਣ ਗਾਈਐ ॥ ਜਿਸੁ ਆਪਿ ਬੁਝਾਏ ਆਪਿ ਸੁ ਹਰਿ ਮਾਰਗਿ ਪਾਈਐ ॥ ਗੁਰਿ ਪੂਰੈ ਵੇਖਾਲਿਆ ਗੁਰ ਸੇਵਾ ਪਾਈਐ ॥੪॥ ਸਲੋਕੁ ਮਃ ੩ ॥ ਜਿਉ ਤਨੁ ਕੋਲੂ ਪੀੜੀਐ ਰਤੁ ਨ ਭੋਰੀ ਡੇਹਿ ॥ ਜੀਉ ਵੰਞੈ ਚਉ ਖੰਨੀਐ ਸਚੇ ਸੰਦੜੈ ਨੇਹਿ ॥ ਨਾਨਕ ਮੇਲੁ ਨ ਚੁਕਈ ਰਾਤੀ ਅਤੈ ਡੇਹ ॥੧॥ ਮਃ ੩ ॥ ਸਜਣੁ ਮੈਡਾ ਰੰਗੁਲਾ ਰੰਗੁ ਲਾਏ ਮਨੁ ਲੇਇ ॥ ਜਿਉ ਮਾਜੀਠੈ ਕਪੜੇ ਰੰਗੇ ਭੀ ਪਾਹੇਹਿ ॥ ਨਾਨਕ ਰੰਗੁ ਨ ਉਤਰੈ ਬਿਆ ਨ ਲਗੈ ਕੇਹ ॥੨॥ ਪਉੜੀ ॥ ਹਰਿ ਆਪਿ ਵਰਤੈ ਆਪਿ ਹਰਿ ਆਪਿ ਬੁਲਾਇਦਾ ॥ ਹਰਿ ਆਪੇ ਸ੍ਰਿਸਟਿ ਸਵਾਰਿ ਸਿਰਿ ਧੰਧੈ ਲਾਇਦਾ ॥ ਇਕਨਾ ਭਗਤੀ ਲਾਇ ਇਕਿ ਆਪਿ ਖੁਆਇਦਾ ॥ ਇਕਨਾ ਮਾਰਗਿ ਪਾਇ ਇਕਿ ਉਝੜਿ ਪਾਇਦਾ ॥ ਜਨੁ ਨਾਨਕੁ ਨਾਮੁ ਧਿਆਏ ਗੁਰਮੁਖਿ ਗੁਣ ਗਾਇਦਾ ॥੫॥ ਸਲੋਕੁ ਮਃ ੩ ॥ ਸਤਿਗੁਰ ਕੀ ਸੇਵਾ ਸਫਲੁ ਹੈ ਜੇ ਕੋ ਕਰੇ ਚਿਤੁ ਲਾਇ ॥ ਮਨਿ ਚਿੰਦਿਆ ਫਲੁ ਪਾਵਣਾ ਹਉਮੈ ਵਿਚਹੁ ਜਾਇ ॥ ਬੰਧਨ ਤੋੜੈ ਮੁਕਤਿ ਹੋਇ ਸਚੇ ਰਹੈ ਸਮਾਇ ॥ ਇਸੁ ਜਗ ਮਹਿ ਨਾਮੁ ਅਲਭੁ ਹੈ ਗੁਰਮੁਖਿ ਵਸੈ ਮਨਿ ਆਇ ॥ ਨਾਨਕ ਜੋ ਗੁਰੁ ਸੇਵਹਿ ਆਪਣਾ ਹਉ ਤਿਨ ਬਲਿਹਾਰੈ ਜਾਉ ॥੧॥ ਮਃ ੩ ॥ ਮਨਮੁਖ ਮੰਨੁ ਅਜਿਤੁ ਹੈ ਦੂਜੈ ਲਗੈ ਜਾਇ ॥ ਤਿਸ ਨੋ ਸੁਖੁ ਸੁਪਨੈ ਨਹੀ ਦੁਖੇ ਦੁਖਿ ਵਿਹਾਇ ॥ ਘਰਿ ਘਰਿ ਪੜਿ ਪੜਿ ਪੰਡਿਤ ਥਕੇ ਸਿਧ ਸਮਾਧਿ ਲਗਾਇ ॥ ਇਹੁ ਮਨੁ ਵਸਿ ਨ ਆਵਈ ਥਕੇ ਕਰਮ ਕਮਾਇ ॥ ਭੇਖਧਾਰੀ ਭੇਖ ਕਰਿ ਥਕੇ ਅਠਿਸਠਿ ਤੀਰਥ ਨਾਇ ॥

ਮਨ ਕੀ ਸਾਰ ਨ ਜਾਣਨੀ ਹਉਮੈ ਭਰਮਿ ਭੁਲਾਇ ॥ ਗੁਰ ਪਰਸਾਦੀ ਭਉ ਪਇਆ ਵਡਭਾਗਿ ਵਸਿਆ ਮਨਿ ਆਇ ॥ ਭੈ ਪਇਐ ਮਨੁ ਵਸਿ ਹੋਆ ਹਉਮੈ ਸਬਦਿ ਜਲਾਇ ॥ ਸਚਿ ਰਤੇ ਸੇ ਨਿਰਮਲੇ ਜੋਤੀ ਜੋਤਿ ਮਿਲਾਇ ॥ ਸਤਿਗੁਰਿ ਮਿਲਿਐ ਨਾਉ ਪਾਇਆ ਨਾਨਕ ਸੁਖਿ ਸਮਾਇ ॥੨॥ ਪਉੜੀ ॥ ਏਹ ਭੂਪਤਿ ਰਾਣੇ ਰੰਗ ਦਿਨ ਚਾਰਿ ਸੁਹਾਵਣਾ ॥ ਏਹੁ ਮਾਇਆ ਰੰਗੁ ਕਸੁੰਭ ਖਿਨ ਮਹਿ ਲਹਿ ਜਾਵਣਾ ॥ ਚਲਦਿਆ ਨਾਲਿ ਨ ਚਲੈ ਸਿਰਿ ਪਾਪ ਲੈ ਜਾਵਣਾ ॥ ਜਾਂ ਪਕੜਿ ਚਲਾਇਆ ਕਾਲਿ ਤਾਂ ਖਰਾ ਡਰਾਵਣਾ ॥ ਓਹ ਵੇਲਾ ਹਥਿ ਨ ਆਵੈ ਫਿਰਿ ਪਛੁਤਾਵਣਾ ॥੬॥ ਸਲੋਕੁ ਮਃ ੩ ॥ ਸਤਿਗੁਰ ਤੇ ਜੋ ਮੁਹ ਫਿਰੇ ਸੇ ਬਧੇ ਦੁਖ ਸਹਾਹਿ ॥ ਫਿਰਿ ਫਿਰਿ ਮਿਲਣੁ ਨ ਪਾਇਨੀ ਜੰਮਹਿ ਤੈ ਮਰਿ ਜਾਹਿ ॥ ਸਹਸਾ ਰੋਗੁ ਨ ਛੋਡਈ ਦੁਖ ਹੀ ਮਹਿ ਦੁਖ ਪਾਹਿ ॥ ਨਾਨਕ ਨਦਰੀ ਬਖਸਿ ਲੇਹਿ ਸਬਦੇ ਮੇਲਿ ਮਿਲਾਹਿ ॥੧॥ ਮਃ ੩ ॥ ਜੋ ਸਤਿਗੁਰ ਤੇ ਮੁਹ ਫਿਰੇ ਤਿਨਾ ਠਉਰ ਨ ਠਾਉ ॥ ਜਿਉ ਛੁਟੜਿ ਘਰਿ ਘਰਿ ਫਿਰੈ ਦੁਹਚਾਰਣਿ ਬਦਨਾਉ ॥ ਨਾਨਕ ਗੁਰਮੁਖਿ ਬਖਸੀਅਹਿ ਸੇ ਸਤਿਗੁਰ ਮੇਲਿ ਮਿਲਾਉ ॥੨॥ ਪਉੜੀ ॥ ਜੋ ਸੇਵਹਿ ਸਤਿ ਮੁਰਾਰਿ ਸੇ ਭਵਜਲ ਤਰਿ ਗਇਆ ॥ ਜੋ ਬੋਲਹਿ ਹਰਿ ਹਰਿ ਨਾਉ ਤਿਨ ਜਮੁ ਛਡਿ ਗਇਆ ॥ ਸੇ ਦਰਗਹ ਪੈਧੇ ਜਾਹਿ ਜਿਨਾ ਹਰਿ ਜਪਿ ਲਇਆ ॥ ਹਰਿ ਸੇਵਹਿ ਸੇਈ ਪੁਰਖ ਜਿਨਾ ਹਰਿ ਤੁਧੁ ਮਇਆ ॥ ਗੁਣ ਗਾਵਾ ਪਿਆਰੇ ਨਿਤ ਗੁਰਮੁਖਿ ਭ੍ਰਮ ਭਉ ਗਇਆ ॥੭॥ ਸਲੋਕੁ ਮਃ ੩ ॥ ਥਾਲੈ ਵਿਚਿ ਤੈ ਵਸਤੂ ਪਈਓ ਹਰਿ ਭੋਜਨੁ ਅੰਮ੍ਰਿਤੁ ਸਾਰੁ ॥ ਜਿਤੁ ਖਾਧੈ ਮਨੁ ਤ੍ਰਿਪਤੀਐ ਪਾਈਐ ਮੋਖ ਦੁਆਰੁ ॥ ਇਹੁ ਭੋਜਨੁ ਅਲਭੁ ਹੈ ਸੰਤਹੁ ਲਭੈ ਗੁਰ ਵੀਚਾਰਿ ॥ ਏਹ ਮੁਦਾਵਣੀ ਕਿਉ ਵਿਚਹੁ ਕਢੀਐ ਸਦਾ ਰਖੀਐ ਉਰਿ ਧਾਰਿ ॥ ਏਹ ਮੁਦਾਵਣੀ ਸਤਿਗੁਰੂ ਪਾਈ ਗੁਰਸਿਖਾ ਲਧੀ ਭਾਲਿ ॥ ਨਾਨਕ ਜਿਸੁ ਬੁਝਾਏ ਸੁ ਬੁਝਸੀ ਹਰਿ ਪਾਇਆ ਗੁਰਮੁਖਿ ਘਾਲਿ ॥੧॥ ਮਃ ੩ ॥ ਜੋ ਧੁਰਿ ਮੇਲੇ ਸੇ ਮਿਲਿ ਰਹੇ ਸਤਿਗੁਰ ਸਿਉ ਚਿਤੁ ਲਾਇ ॥ ਆਪਿ ਵਿਛੋੜੇਨੁ ਸੇ ਵਿਛੁੜੇ ਦੂਜੈ ਭਾਇ ਖੁਆਇ ॥ ਨਾਨਕ ਵਿਣੁ ਕਰਮਾ ਕਿਆ ਪਾਈਐ ਪੂਰਬਿ ਲਿਖਿਆ ਕਮਾਇ ॥੨॥ ਪਉੜੀ ॥ ਬਹਿ ਸਖੀਆ ਜਸੁ ਗਾਵਹਿ ਗਾਵਣਹਾਰੀਆ ॥ ਹਰਿ ਨਾਮੁ ਸਲਾਹਿਹੁ ਨਿਤ ਹਰਿ ਕਉ ਬਲਿਹਾਰੀਆ ॥ ਜਿਨੀ ਸੁਣਿ ਮੰਨਿਆ ਹਰਿ ਨਾਉ ਤਿਨਾ ਹਉ ਵਾਰੀਆ ॥ ਗੁਰਮੁਖੀਆ ਹਰਿ ਮੇਲੁ ਮਿਲਾਵਣਹਾਰੀਆ ॥ ਹਉ ਬਲਿ ਜਾਵਾ ਦਿਨੁ ਰਾਤਿ ਗੁਰ ਦੇਖਣਹਾਰੀਆ ॥੮॥ ਸਲੋਕੁ

ਮਃ ੩ ॥ ਵਿਣੁ ਨਾਵੈ ਸਭਿ ਭਰਮਦੇ ਨਿਤ ਜਗਿ ਤੋਟਾ ਸੈਸਾਰਿ ॥ ਮਨਮੁਖਿ ਕਰਮ ਕਮਾਵਣੇ ਹਉਮੈ ਅੰਧੁ ਗੁਬਾਰੁ ॥
ਗੁਰਮੁਖਿ ਅੰਮ੍ਰਿਤੁ ਪੀਵਣਾ ਨਾਨਕ ਸਬਦੁ ਵੀਚਾਰਿ ॥੧॥ ਮਃ ੩ ॥ ਸਹਜੇ ਜਾਗੈ ਸਹਜੇ ਸੋਵੈ ॥ ਗੁਰਮੁਖਿ ਅਨਦਿਨੁ
ਉਸਤਤਿ ਹੋਵੈ ॥ ਮਨਮੁਖ ਭਰਮੈ ਸਹਸਾ ਹੋਵੈ ॥ ਅੰਤਰਿ ਚਿੰਤਾ ਨੀਦ ਨ ਸੋਵੈ ॥ ਗਿਆਨੀ ਜਾਗਹਿ ਸਵਹਿ ਸੁਭਾਇ ॥
ਨਾਨਕ ਨਾਮਿ ਰਤਿਆ ਬਲਿ ਜਾਉ ॥੨॥ ਪਉੜੀ ॥ ਸੇ ਹਰਿ ਨਾਮੁ ਧਿਆਵਹਿ ਜੋ ਹਰਿ ਰਤਿਆ ॥ ਹਰਿ ਇਕੁ
ਧਿਆਵਹਿ ਇਕੁ ਇਕੋ ਹਰਿ ਸਤਿਆ ॥ ਹਰਿ ਇਕੋ ਵਰਤੈ ਇਕੁ ਇਕੋ ਉਤਪਤਿਆ ॥ ਜੋ ਹਰਿ ਨਾਮੁ ਧਿਆਵਹਿ
ਤਿਨ ਡਰੁ ਸਟਿ ਘਤਿਆ ॥ ਗੁਰਮਤੀ ਦੇਵੈ ਆਪਿ ਗੁਰਮੁਖਿ ਹਰਿ ਜਪਿਆ ॥੯॥ ਸਲੋਕ ਮਃ ੩ ॥ ਅੰਤਰਿ
ਗਿਆਨੁ ਨ ਆਇਓ ਜਿਤੁ ਕਿਛੁ ਸੋਝੀ ਪਾਇ ॥ ਵਿਣੁ ਡਿਠਾ ਕਿਆ ਸਾਲਾਹੀਐ ਅੰਧਾ ਅੰਧੁ ਕਮਾਇ ॥ ਨਾਨਕ
ਸਬਦੁ ਪਛਾਣੀਐ ਨਾਮੁ ਵਸੈ ਮਨਿ ਆਇ ॥੧॥ ਮਃ ੩ ॥ ਇਕਾ ਬਾਣੀ ਇਕੁ ਗੁਰੁ ਇਕੋ ਸਬਦੁ ਵੀਚਾਰਿ ॥ ਸਚਾ
ਸਉਦਾ ਹਟੁ ਸਚੁ ਰਤਨੀ ਭਰੇ ਭੰਡਾਰ ॥ ਗੁਰ ਕਿਰਪਾ ਤੇ ਪਾਈਅਨਿ ਜੇ ਦੇਵੈ ਦੇਵਣਹਾਰੁ ॥ ਸਚਾ ਸਉਦਾ ਲਾਭੁ
ਸਦਾ ਖਟਿਆ ਨਾਮੁ ਅਪਾਰੁ ॥ ਵਿਖੁ ਵਿਚਿ ਅੰਮ੍ਰਿਤੁ ਪ੍ਰਗਟਿਆ ਕਰਮਿ ਪੀਆਵਣਹਾਰੁ ॥ ਨਾਨਕ ਸਚੁ ਸਲਾਹੀਐ
ਧੰਨੁ ਸਵਾਰਣਹਾਰੁ ॥੨॥ ਪਉੜੀ ॥ ਜਿਨਾ ਅੰਦਰਿ ਕੂੜੁ ਵਰਤੈ ਸਚੁ ਨ ਭਾਵਈ ॥ ਜੇ ਕੋ ਬੋਲੈ ਸਚੁ ਕੂੜਾ ਜਲਿ
ਜਾਵਈ ॥ ਕੂੜਿਆਰੀ ਰਜੈ ਕੂੜਿ ਜਿਉ ਵਿਸਟਾ ਕਾਗੁ ਖਾਵਈ ॥ ਜਿਸੁ ਹਰਿ ਹੋਇ ਕ੍ਰਿਪਾਲੁ ਸੋ ਨਾਮੁ ਧਿਆਵਈ ॥
ਹਰਿ ਗੁਰਮੁਖਿ ਨਾਮੁ ਅਰਾਧਿ ਕੂੜੁ ਪਾਪੁ ਲਹਿ ਜਾਵਈ ॥੧੦॥ ਸਲੋਕੁ ਮਃ ੩ ॥ ਸੇਖਾ ਚਉਚਕਿਆ ਚਉਵਾਇਆ
ਏਹੁ ਮਨੁ ਇਕਤੁ ਘਰਿ ਆਣਿ ॥ ਏਹੜ ਤੇਹੜ ਛਡਿ ਤੂ ਗੁਰ ਕਾ ਸਬਦੁ ਪਛਾਣੁ ॥ ਸਤਿਗੁਰ ਅਗੈ ਢਹਿ ਪਉ ਸਭੁ
ਕਿਛੁ ਜਾਣੈ ਜਾਣੁ ॥ ਆਸਾ ਮਨਸਾ ਜਲਾਇ ਤੂ ਹੋਇ ਰਹੁ ਮਿਹਮਾਣੁ ॥ ਸਤਿਗੁਰ ਕੈ ਭਾਣੈ ਭੀ ਚਲਹਿ ਤਾ ਦਰਗਹ
ਪਾਵਹਿ ਮਾਣੁ ॥ ਨਾਨਕ ਜਿ ਨਾਮੁ ਨ ਚੇਤਨੀ ਤਿਨ ਧਿਗੁ ਪੈਨਣੁ ਧਿਗੁ ਖਾਣੁ ॥੧॥ ਮਃ ੩ ॥ ਹਰਿ ਗੁਣ ਤੋਟਿ ਨ
ਆਵਈ ਕੀਮਤਿ ਕਹਣੁ ਨ ਜਾਇ ॥ ਨਾਨਕ ਗੁਰਮੁਖਿ ਹਰਿ ਗੁਣ ਰਵਹਿ ਗੁਣ ਮਹਿ ਰਹੈ ਸਮਾਇ ॥੨॥ ਪਉੜੀ ॥
ਹਰਿ ਚੋਲੀ ਦੇਹ ਸਵਾਰੀ ਕਢਿ ਪੈਧੀ ਭਗਤਿ ਕਰਿ ॥ ਹਰਿ ਪਾਟੁ ਲਗਾ ਅਧਿਕਾਈ ਬਹੁ ਬਹੁ ਬਿਧਿ ਭਾਤਿ ਕਰਿ ॥
ਕੋਈ ਬੂਝੈ ਬੂਝਣਹਾਰਾ ਅੰਤਰਿ ਬਿਬੇਕੁ ਕਰਿ ॥ ਸੋ ਬੂਝੈ ਏਹੁ ਬਿਬੇਕੁ ਜਿਸੁ ਬੁਝਾਏ ਆਪਿ ਹਰਿ ॥ ਜਨੁ ਨਾਨਕੁ ਕਹੈ

ਵਿਚਾਰਾ ਗੁਰਮੁਖਿ ਹਰਿ ਸਤਿ ਹਰਿ ॥੧੧॥ ਸਲੋਕੁ ਮਃ ੩ ॥ ਪਰਥਾਇ ਸਾਖੀ ਮਹਾ ਪੁਰਖ ਬੋਲਦੇ ਸਾਝੀ ਸਗਲ ਜਹਾਨੈ ॥ ਗੁਰਮੁਖਿ ਹੋਇ ਸੁ ਭਉ ਕਰੇ ਆਪਣਾ ਆਪੁ ਪਛਾਣੈ ॥ ਗੁਰ ਪਰਸਾਦੀ ਜੀਵਤੁ ਮਰੈ ਤਾ ਮਨ ਹੀ ਤੇ ਮਨੁ ਮਾਨੈ ॥ ਜਿਨ ਕਉ ਮਨ ਕੀ ਪਰਤੀਤਿ ਨਾਹੀ ਨਾਨਕ ਸੇ ਕਿਆ ਕਥਹਿ ਗਿਆਨੈ ॥੧॥ ਮਃ ੩ ॥ ਗੁਰਮੁਖਿ ਚਿਤੁ ਨ ਲਾਇਓ ਅੰਤਿ ਦੁਖੁ ਪਹੁਤਾ ਆਇ ॥ ਅੰਦਰਹੁ ਬਾਹਰਹੁ ਅੰਧਿਆਂ ਸੁਧਿ ਨ ਕਾਈ ਪਾਇ ॥ ਪੰਡਿਤ ਤਿਨ ਕੀ ਬਰਕਤੀ ਸਭੁ ਜਗਤੁ ਖਾਇ ਜੋ ਰਤੇ ਹਰਿ ਨਾਇ ॥ ਜਿਨ ਗੁਰ ਕੈ ਸਬਦਿ ਸਲਾਹਿਆ ਹਰਿ ਸਿਉ ਰਹੇ ਸਮਾਇ ॥ ਪੰਡਿਤ ਦੂਜੈ ਭਾਇ ਬਰਕਤਿ ਨ ਹੋਵਈ ਨਾ ਧਨੁ ਪਲੈ ਪਾਇ ॥ ਪੜਿ ਥਕੇ ਸੰਤੋਖੁ ਨ ਆਇਓ ਅਨਦਿਨੁ ਜਲਤ ਵਿਹਾਇ ॥ ਕੂਕ ਪੂਕਾਰ ਨ ਚੁਕਈ ਨਾ ਸੰਸਾ ਵਿਚਹੁ ਜਾਇ ॥ ਨਾਨਕ ਨਾਮ ਵਿਹੂਣਿਆ ਮੁਹਿ ਕਾਲੈ ਉਠਿ ਜਾਇ ॥੨॥ ਪਉੜੀ ॥ ਹਰਿ ਸਜਣ ਮੇਲਿ ਪਿਆਰੇ ਮਿਲਿ ਪੰਥੁ ਦਸਾਈ ॥ ਜੋ ਹਰਿ ਦਸੇ ਮਿਤੁ ਤਿਸੁ ਹਉ ਬਲਿ ਜਾਈ ॥ ਗੁਣ ਸਾਝੀ ਤਿਨ ਸਿਉ ਕਰੀ ਹਰਿ ਨਾਮੁ ਧਿਆਈ ॥ ਹਰਿ ਸੇਵੀ ਪਿਆਰਾ ਨਿਤ ਸੇਵਿ ਹਰਿ ਸੁਖੁ ਪਾਈ ॥ ਬਲਿਹਾਰੀ ਸਤਿਗੁਰ ਤਿਸੁ ਜਿਨਿ ਸੋਝੀ ਪਾਈ ॥੧੨॥ ਸਲੋਕੁ ਮਃ ੩ ॥ ਪੰਡਿਤ ਮੈਲੁ ਨ ਚੁਕਈ ਜੇ ਵੇਦ ਪੜੈ ਜੁਗ ਚਾਰਿ ॥ ਤ੍ਰੈ ਗੁਣ ਮਾਇਆ ਮੂਲੁ ਹੈ ਵਿਚਿ ਹਉਮੈ ਨਾਮੁ ਵਿਸਾਰਿ ॥ ਪੰਡਿਤ ਭੂਲੇ ਦੂਜੈ ਲਾਗੇ ਮਾਇਆ ਕੈ ਵਾਪਾਰਿ ॥ ਅੰਤਰਿ ਤ੍ਰਿਸਨਾ ਭੁਖ ਹੈ ਮੂਰਖ ਭੁਖਿਆ ਮੁਏ ਗਵਾਰ ॥ ਸਤਿਗੁਰਿ ਸੇਵਿਐ ਸੁਖੁ ਪਾਇਆ ਸਚੈ ਸਬਦਿ ਵੀਚਾਰਿ ॥ ਅੰਦਰਹੁ ਤ੍ਰਿਸਨਾ ਭੁਖ ਗਈ ਸਚੈ ਨਾਇ ਪਿਆਰਿ ॥ ਨਾਨਕ ਨਾਮਿ ਰਤੇ ਸਹਜੇ ਰਜੇ ਜਿਨਾ ਹਰਿ ਰਖਿਆ ਉਰਿ ਧਾਰਿ ॥੧॥ ਮਃ ੩ ॥ ਮਨਮੁਖ ਹਰਿ ਨਾਮੁ ਨ ਸੇਵਿਆ ਦੁਖੁ ਲਗਾ ਬਹੁਤਾ ਆਇ ॥ ਅੰਤਰਿ ਅਗਿਆਨੁ ਅੰਧੇਰੁ ਹੈ ਸੁਧਿ ਨ ਕਾਈ ਪਾਇ ॥ ਮਨਹਠਿ ਸਹਜਿ ਨ ਬੀਜਿਓ ਭੁਖਾ ਕਿ ਅਗੈ ਖਾਇ ॥ ਨਾਮੁ ਨਿਧਾਨੁ ਵਿਸਾਰਿਆ ਦੂਜੈ ਲਗਾ ਜਾਇ ॥ ਨਾਨਕ ਗੁਰਮੁਖਿ ਮਿਲਹਿ ਵਡਿਆਈਆ ਜੇ ਆਪੇ ਮੇਲਿ ਮਿਲਾਇ ॥੨॥ ਪਉੜੀ ॥ ਹਰਿ ਰਸਨਾ ਹਰਿ ਜਸੁ ਗਾਵੈ ਖਰੀ ਸੁਹਾਵਣੀ ॥ ਜੋ ਮਨਿ ਤਨਿ ਮੁਖਿ ਹਰਿ ਬੋਲੈ ਸਾ ਹਰਿ ਭਾਵਣੀ ॥ ਜੋ ਗੁਰਮੁਖਿ ਚਖੈ ਸਾਦੁ ਸਾ ਤ੍ਰਿਪਤਾਵਣੀ ॥ ਗੁਣ ਗਾਵੈ ਪਿਆਰੇ ਨਿਤ ਗੁਣ ਗਾਇ ਗੁਣੀ ਸਮਝਾਵਣੀ ॥ ਜਿਸੁ ਹੋਵੈ ਆਪਿ ਦਇਆਲੁ ਸਾ ਸਤਿਗੁਰੂ ਗੁਰੂ ਬੁਲਾਵਣੀ ॥੧੩॥ ਸਲੋਕੁ ਮਃ ੩ ॥ ਹਸਤੀ ਸਿਰਿ ਜਿਉ ਅੰਕਸੁ ਹੈ ਅਹਰਣਿ ਜਿਉ ਸਿਰੁ ਦੇਇ ॥ ਮਨੁ ਤਨੁ

ਆਗੈ ਰਾਖਿ ਕੈ ਊਭੀ ਸੇਵ ਕਰੇਇ ॥ ਇਉ ਗੁਰਮੁਖਿ ਆਪੁ ਨਿਵਾਰੀਐ ਸਭੁ ਰਾਜੁ ਸ੍ਰਿਸਟਿ ਕਾ ਲੇਇ ॥ ਨਾਨਕ ਗੁਰਮੁਖਿ ਬੁਝੀਐ ਜਾ ਆਪੇ ਨਦਰਿ ਕਰੇਇ ॥੧॥ ਮਃ ੩ ॥ ਜਿਨ ਗੁਰਮੁਖਿ ਨਾਮੁ ਧਿਆਇਆ ਆਏ ਤੇ ਪਰਵਾਣੁ ॥ ਨਾਨਕ ਕੁਲ ਉਧਾਰਹਿ ਆਪਣਾ ਦਰਗਹ ਪਾਵਹਿ ਮਾਣੁ ॥੨॥ ਪਉੜੀ ॥ ਗੁਰਮੁਖਿ ਸਖੀਆ ਸਿਖ ਗੁਰੂ ਮੇਲਾਈਆ ॥ ਇਕਿ ਸੇਵਕ ਗੁਰ ਪਾਸਿ ਇਕਿ ਗੁਰਿ ਕਾਰੈ ਲਾਈਆ ॥ ਜਿਨਾ ਗੁਰੁ ਪਿਆਰਾ ਮਨਿ ਚਿਤਿ ਤਿਨਾ ਭਾਉ ਗੁਰੂ ਦੇਵਾਈਆ ॥ ਗੁਰ ਸਿਖਾ ਇਕੋ ਪਿਆਰੁ ਗੁਰ ਮਿਤਾ ਪੁਤਾ ਭਾਈਆ ॥ ਗੁਰੁ ਸਤਿਗੁਰੁ ਬੋਲਹੁ ਸਭਿ ਗੁਰੁ ਆਖਿ ਗੁਰੂ ਜੀਵਾਈਆ ॥੧੪॥ ਸਲੋਕੁ ਮਃ ੩ ॥ ਨਾਨਕ ਨਾਮੁ ਨ ਚੇਤਨੀ ਅਗਿਆਨੀ ਅੰਧੁਲੇ ਅਵਰੇ ਕਰਮ ਕਮਾਹਿ ॥ ਜਮ ਦਰਿ ਬਧੇ ਮਾਰੀਅਹਿ ਫਿਰਿ ਵਿਸਟਾ ਮਾਹਿ ਪਚਾਹਿ ॥੧॥ ਮਃ ੩ ॥ ਨਾਨਕ ਸਤਿਗੁਰੁ ਸੇਵਹਿ ਆਪਣਾ ਸੇ ਜਨ ਸਚੇ ਪਰਵਾਣੁ ॥ ਹਰਿ ਕੈ ਨਾਇ ਸਮਾਇ ਰਹੇ ਚੂਕਾ ਆਵਣੁ ਜਾਣੁ ॥੨॥ ਪਉੜੀ ॥ ਧਨੁ ਸੰਪੈ ਮਾਇਆ ਸੰਚੀਐ ਅੰਤੇ ਦੁਖਦਾਈ ॥ ਘਰ ਮੰਦਰ ਮਹਲ ਸਵਾਰੀਅਹਿ ਕਿਛੁ ਸਾਥਿ ਨ ਜਾਈ ॥ ਹਰ ਰੰਗੀ ਤੁਰੇ ਨਿਤ ਪਾਲੀਅਹਿ ਕਿਤੈ ਕਾਮਿ ਨ ਆਈ ॥ ਜਨ ਲਾਵਹੁ ਚਿਤੁ ਹਰਿ ਨਾਮ ਸਿਉ ਅੰਤਿ ਹੋਇ ਸਖਾਈ ॥ ਜਨ ਨਾਨਕ ਨਾਮੁ ਧਿਆਇਆ ਗੁਰਮੁਖਿ ਸੁਖੁ ਪਾਈ ॥੧੫॥ ਸਲੋਕੁ ਮਃ ੩ ॥ ਬਿਨੁ ਕਰਮੈ ਨਾਉ ਨ ਪਾਈਐ ਪੂਰੈ ਕਰਮਿ ਪਾਇਆ ਜਾਇ ॥ ਨਾਨਕ ਨਦਰਿ ਕਰੇ ਜੇ ਆਪਣੀ ਤਾ ਗੁਰਮਤਿ ਮੇਲਿ ਮਿਲਾਇ ॥੧॥ ਮਃ ੧ ॥ ਇਕ ਦਝਹਿ ਇਕ ਦਬੀਅਹਿ ਇਕਨਾ ਕੁਤੇ ਖਾਹਿ ॥ ਇਕਿ ਪਾਣੀ ਵਿਚਿ ਉਸਟੀਅਹਿ ਇਕਿ ਭੀ ਫਿਰਿ ਹਸਣਿ ਪਾਹਿ ॥ ਨਾਨਕ ਏਵ ਨ ਜਾਪਈ ਕਿਥੈ ਜਾਇ ਸਮਾਹਿ ॥੨॥ ਪਉੜੀ ॥ ਤਿਨ ਕਾ ਖਾਧਾ ਪੈਧਾ ਮਾਇਆ ਸਭੁ ਪਵਿਤੁ ਹੈ ਜੋ ਨਾਮਿ ਹਰਿ ਰਾਤੇ ॥ ਤਿਨ ਕੇ ਘਰ ਮੰਦਰ ਮਹਲ ਸਰਾਈ ਸਭਿ ਪਵਿਤੁ ਹਹਿ ਜਿਨੀ ਗੁਰਮੁਖਿ ਸੇਵਕ ਸਿਖ ਅਭਿਆਗਤ ਜਾਇ ਵਰਸਾਤੇ ॥ ਤਿਨ ਕੇ ਤੁਰੇ ਜੀਨ ਖੁਰਗੀਰ ਸਭਿ ਪਵਿਤੁ ਹਹਿ ਜਿਨੀ ਗੁਰਮੁਖਿ ਸਿਖ ਸਾਧ ਸੰਤ ਚੜਿ ਜਾਤੇ ॥ ਤਿਨ ਕੇ ਕਰਮ ਧਰਮ ਕਾਰਜ ਸਭਿ ਪਵਿਤੁ ਹਹਿ ਜੋ ਬੋਲਹਿ ਹਰਿ ਹਰਿ ਰਾਮ ਨਾਮੁ ਹਰਿ ਸਾਤੇ ॥ ਜਿਨ ਕੈ ਪੋਤੈ ਪੁੰਨੁ ਹੈ ਸੇ ਗੁਰਮੁਖਿ ਸਿਖ ਗੁਰੂ ਪਹਿ ਜਾਤੇ ॥੧੬॥ ਸਲੋਕੁ ਮਃ ੩ ॥ ਨਾਨਕ ਨਾਵਹੁ ਘੁਥਿਆ ਹਲਤੁ ਪਲਤੁ ਸਭੁ ਜਾਇ ॥ ਜਪੁ ਤਪੁ ਸੰਜਮੁ ਸਭੁ ਹਿਰਿ ਲਇਆ ਮੁਠੀ ਦੂਜੈ ਭਾਇ ॥ ਜਮ ਦਰਿ ਬਧੇ ਮਾਰੀਅਹਿ

ਬਹੁਤੀ ਮਿਲੈ ਸਜਾਇ ॥੧॥ ਮਃ ੩ ॥ ਸੰਤਾ ਨਾਲਿ ਵੈਰੁ ਕਮਾਵਦੇ ਦੁਸਟਾ ਨਾਲਿ ਮੋਹੁ ਪਿਆਰੁ ॥ ਅਗੈ ਪਿਛੈ ਸੁਖੁ ਨਹੀ ਮਰਿ ਜੰਮਹਿ ਵਾਰੋ ਵਾਰ ॥ ਤ੍ਰਿਸਨਾ ਕਦੇ ਨ ਬੁਝਈ ਦੁਬਿਧਾ ਹੋਇ ਖੁਆਰੁ ॥ ਮੁਹ ਕਾਲੇ ਤਿਨਾ ਨਿੰਦਕਾ ਤਿਤੁ ਸਚੈ ਦਰਬਾਰਿ ॥ ਨਾਨਕ ਨਾਮ ਵਿਹੂਣਿਆ ਨਾ ਉਰਵਾਰਿ ਨ ਪਾਰਿ ॥੨॥ ਪਉੜੀ ॥ ਜੋ ਹਰਿ ਨਾਮੁ ਧਿਆਇਦੇ ਸੇ ਹਰਿ ਹਰਿ ਨਾਮਿ ਰਤੇ ਮਨ ਮਾਹੀ ॥ ਜਿਨਾ ਮਨਿ ਚਿਤਿ ਇਕੁ ਅਰਾਧਿਆ ਤਿਨਾ ਇਕਸ ਬਿਨੁ ਦੂਜਾ ਕੋ ਨਾਹੀ ॥ ਸੇਈ ਪੁਰਖ ਹਰਿ ਸੇਵਦੇ ਜਿਨ ਧੁਰਿ ਮਸਤਕਿ ਲੇਖੁ ਲਿਖਾਹੀ ॥ ਹਰਿ ਕੇ ਗੁਣ ਨਿਤ ਗਾਵਦੇ ਹਰਿ ਗੁਣ ਗਾਇ ਗੁਣੀ ਸਮਝਾਹੀ ॥ ਵਡਿਆਈ ਵਡੀ ਗੁਰਮੁਖਾ ਗੁਰ ਪੂਰੈ ਹਰਿ ਨਾਮਿ ਸਮਾਹੀ ॥੧੭॥ ਸਲੋਕੁ ਮਃ ੩ ॥ ਸਤਿਗੁਰ ਕੀ ਸੇਵਾ ਗਾਖੜੀ ਸਿਰੁ ਦੀਜੈ ਆਪੁ ਗਵਾਇ ॥ ਸਬਦਿ ਮਰਹਿ ਫਿਰਿ ਨਾ ਮਰਹਿ ਤਾ ਸੇਵਾ ਪਵੈ ਸਭ ਥਾਇ ॥ ਪਾਰਸ ਪਰਸਿਐ ਪਾਰਸੁ ਹੋਵੈ ਸਚਿ ਰਹੈ ਲਿਵ ਲਾਇ ॥ ਜਿਸੁ ਪੂਰਬਿ ਹੋਵੈ ਲਿਖਿਆ ਤਿਸੁ ਸਤਿਗੁਰੁ ਮਿਲੈ ਪ੍ਰਭੁ ਆਇ ॥ ਨਾਨਕ ਗਣਤੈ ਸੇਵਕੁ ਨਾ ਮਿਲੈ ਜਿਸੁ ਬਖਸੇ ਸੋ ਪਵੈ ਥਾਇ ॥੧॥ ਮਃ ੩ ॥ ਮਹਲੁ ਕੁਮਹਲੁ ਨ ਜਾਣਨੀ ਮੂਰਖ ਅਪਣੈ ਸੁਆਇ ॥ ਸਬਦੁ ਚੀਨਹਿ ਤਾ ਮਹਲੁ ਲਹਹਿ ਜੋਤੀ ਜੋਤਿ ਸਮਾਇ ॥ ਸਦਾ ਸਚੇ ਕਾ ਭਉ ਮਨਿ ਵਸੈ ਤਾ ਸਭਾ ਸੋਝੀ ਪਾਇ ॥ ਸਤਿਗੁਰੁ ਅਪਣੈ ਘਰਿ ਵਰਤਦਾ ਆਪੇ ਲਏ ਮਿਲਾਇ ॥ ਨਾਨਕ ਸਤਿਗੁਰਿ ਮਿਲਿਐ ਸਭ ਪੂਰੀ ਪਈ ਜਿਸ ਨੋ ਕਿਰਪਾ ਕਰੇ ਰਜਾਇ ॥੨॥ ਪਉੜੀ ॥ ਧੰਨੁ ਧਨੁ ਭਾਗ ਤਿਨਾ ਭਗਤ ਜਨਾ ਜੋ ਹਰਿ ਨਾਮਾ ਹਰਿ ਮੁਖਿ ਕਹਤਿਆ ॥ ਧਨੁ ਧਨੁ ਭਾਗ ਤਿਨਾ ਸੰਤ ਜਨਾ ਜੋ ਹਰਿ ਜਸੁ ਸ੍ਰਵਣੀ ਸੁਣਤਿਆ ॥ ਧਨੁ ਧਨੁ ਭਾਗ ਤਿਨਾ ਸਾਧ ਜਨਾ ਹਰਿ ਕੀਰਤਨੁ ਗਾਇ ਗੁਣੀ ਜਨ ਬਣਤਿਆ ॥ ਧਨੁ ਧਨੁ ਭਾਗ ਤਿਨਾ ਗੁਰਮੁਖਾ ਜੋ ਗੁਰਸਿਖ ਲੈ ਮਨੁ ਜਿਣਤਿਆ ॥ ਸਭ ਦੂ ਵਡੇ ਭਾਗ ਗੁਰਸਿਖਾ ਕੇ ਜੋ ਗੁਰ ਚਰਣੀ ਸਿਖ ਪੜਤਿਆ ॥੧੮॥ ਸਲੋਕੁ ਮਃ ੩ ॥ ਬ੍ਰਹਮੁ ਬਿੰਦੈ ਤਿਸ ਦਾ ਬ੍ਰਹਮਤੁ ਰਹੈ ਏਕ ਸਬਦਿ ਲਿਵ ਲਾਇ ॥ ਨਵ ਨਿਧੀ ਅਠਾਰਹ ਸਿਧੀ ਪਿਛੈ ਲਗੀਆ ਫਿਰਹਿ ਜੋ ਹਰਿ ਹਿਰਦੈ ਸਦਾ ਵਸਾਇ ॥ ਬਿਨੁ ਸਤਿਗੁਰ ਨਾਉ ਨ ਪਾਈਐ ਬੁਝਹੁ ਕਰਿ ਵੀਚਾਰੁ ॥ ਨਾਨਕ ਪੂਰੈ ਭਾਗਿ ਸਤਿਗੁਰੁ ਮਿਲੈ ਸੁਖੁ ਪਾਏ ਜੁਗ ਚਾਰਿ ॥੧॥ ਮਃ ੩ ॥ ਕਿਆ ਗਭਰੂ ਕਿਆ ਬਿਰਧਿ ਹੈ ਮਨਮੁਖ ਤ੍ਰਿਸਨਾ ਭੁਖ ਨ ਜਾਇ ॥ ਗੁਰਮੁਖਿ ਸਬਦੇ ਰਤਿਆ ਸੀਤਲੁ ਹੋਏ ਆਪੁ ਗਵਾਇ ॥ ਅੰਦਰੁ ਤ੍ਰਿਪਤਿ ਸੰਤੋਖਿਆ ਫਿਰਿ ਭੁਖ ਨ ਲਗੈ

ਆਇ ॥ ਨਾਨਕ ਜਿ ਗੁਰਮੁਖਿ ਕਰਹਿ ਸੋ ਪਰਵਾਣੁ ਹੈ ਜੋ ਨਾਮਿ ਰਹੇ ਲਿਵ ਲਾਇ ॥੨॥ ਪਉੜੀ ॥ ਹਉ ਬਲਿਹਾਰੀ ਤਿੰਨ ਕੰਉ ਜੋ ਗੁਰਮੁਖਿ ਸਿਖਾ ॥ ਜੋ ਹਰਿ ਨਾਮੁ ਧਿਆਇਦੇ ਤਿਨ ਦਰਸਨੁ ਪਿਖਾ ॥ ਸੁਣਿ ਕੀਰਤਨੁ ਹਰਿ ਗੁਣ ਰਵਾ ਹਰਿ ਜਸੁ ਮਨਿ ਲਿਖਾ ॥ ਹਰਿ ਨਾਮੁ ਸਲਾਹੀ ਰੰਗ ਸਿਉ ਸਭਿ ਕਿਲਵਿਖ ਕ੍ਰਿਖਾ ॥ ਧਨੁ ਧੰਨੁ ਸੁਹਾਵਾ ਸੋ ਸਰੀਰੁ ਥਾਨੁ ਹੈ ਜਿਥੈ ਮੇਰਾ ਗੁਰੁ ਧਰੇ ਵਿਖਾ ॥੧੯॥ ਸਲੋਕੁ ਮਃ ੩ ॥ ਗੁਰ ਬਿਨੁ ਗਿਆਨੁ ਨ ਹੋਵਈ ਨਾ ਸੁਖੁ ਵਸੈ ਮਨਿ ਆਇ ॥ ਨਾਨਕ ਨਾਮ ਵਿਹੂਣੇ ਮਨਮੁਖੀ ਜਾਸਨਿ ਜਨਮੁ ਗਵਾਇ ॥੧॥ ਮਃ ੩ ॥ ਸਿਧ ਸਾਧਿਕ ਨਾਵੈ ਨੋ ਸਭਿ ਖੋਜਦੇ ਥਕਿ ਰਹੇ ਲਿਵ ਲਾਇ ॥ ਬਿਨੁ ਸਤਿਗੁਰ ਕਿਨੈ ਨ ਪਾਇਓ ਗੁਰਮੁਖਿ ਮਿਲੈ ਮਿਲਾਇ ॥ ਬਿਨੁ ਨਾਵੈ ਪੈਨਣੁ ਖਾਣੁ ਸਭੁ ਬਾਦਿ ਹੈ ਧਿਗੁ ਸਿਧੀ ਧਿਗੁ ਕਰਮਾਤਿ ॥ ਸਾ ਸਿਧਿ ਸਾ ਕਰਮਾਤਿ ਹੈ ਅਚਿੰਤੁ ਕਰੇ ਜਿਸੁ ਦਾਤਿ ॥ ਨਾਨਕ ਗੁਰਮੁਖਿ ਹਰਿ ਨਾਮੁ ਮਨਿ ਵਸੈ ਏਹਾ ਸਿਧਿ ਏਹਾ ਕਰਮਾਤਿ ॥੨॥ ਪਉੜੀ ॥ ਹਮ ਢਾਢੀ ਹਰਿ ਪ੍ਰਭ ਖਸਮ ਕੇ ਨਿਤ ਗਾਵਹ ਹਰਿ ਗੁਣ ਛੰਤਾ ॥ ਹਰਿ ਕੀਰਤਨੁ ਕਰਹ ਹਰਿ ਜਸੁ ਸੁਣਹ ਤਿਸੁ ਕਵਲਾ ਕੰਤਾ ॥ ਹਰਿ ਦਾਤਾ ਸਭੁ ਜਗਤੁ ਭਿਖਾਰੀਆ ਮੰਗਤ ਜਨ ਜੰਤਾ ॥ ਹਰਿ ਦੇਵਹੁ ਦਾਨੁ ਦਇਆਲ ਹੋਇ ਵਿਚਿ ਪਾਥਰ ਕ੍ਰਿਮ ਜੰਤਾ ॥ ਜਨ ਨਾਨਕ ਨਾਮੁ ਧਿਆਇਆ ਗੁਰਮੁਖਿ ਧਨਵੰਤਾ ॥੨੦॥ ਸਲੋਕੁ ਮਃ ੩ ॥ ਪੜਣਾ ਗੁੜਣਾ ਸੰਸਾਰ ਕੀ ਕਾਰ ਹੈ ਅੰਦਰਿ ਤ੍ਰਿਸਨਾ ਵਿਕਾਰੁ ॥ ਹਉਮੈ ਵਿਚਿ ਸਭਿ ਪੜਿ ਥਕੇ ਦੂਜੈ ਭਾਇ ਖੁਆਰੁ ॥ ਸੋ ਪੜਿਆ ਸੋ ਪੰਡਿਤੁ ਬੀਨਾ ਗੁਰ ਸਬਦਿ ਕਰੇ ਵੀਚਾਰੁ ॥ ਅੰਦਰੁ ਖੋਜੈ ਤਤੁ ਲਹੈ ਪਾਏ ਮੋਖ ਦੁਆਰੁ ॥ ਗੁਣ ਨਿਧਾਨੁ ਹਰਿ ਪਾਇਆ ਸਹਜਿ ਕਰੇ ਵੀਚਾਰੁ ॥ ਧੰਨੁ ਵਾਪਾਰੀ ਨਾਨਕਾ ਜਿਸੁ ਗੁਰਮੁਖਿ ਨਾਮੁ ਅਧਾਰੁ ॥੧॥ ਮਃ ੩ ॥ ਵਿਣੁ ਮਨੁ ਮਾਰੇ ਕੋਇ ਨ ਸਿਝਈ ਵੇਖਹੁ ਕੋ ਲਿਵ ਲਾਇ ॥ ਭੇਖਧਾਰੀ ਤੀਰਥੀ ਭਵਿ ਥਕੇ ਨਾ ਏਹੁ ਮਨੁ ਮਾਰਿਆ ਜਾਇ ॥ ਗੁਰਮੁਖਿ ਏਹੁ ਮਨੁ ਜੀਵਤੁ ਮਰੈ ਸਚਿ ਰਹੈ ਲਿਵ ਲਾਇ ॥ ਨਾਨਕ ਇਸੁ ਮਨ ਕੀ ਮਲੁ ਇਉ ਉਤਰੈ ਹਉਮੈ ਸਬਦਿ ਜਲਾਇ ॥੨॥ ਪਉੜੀ ॥ ਹਰਿ ਹਰਿ ਸੰਤ ਮਿਲਹੁ ਮੇਰੇ ਭਾਈ ਹਰਿ ਨਾਮੁ ਦ੍ਰਿੜਾਵਹੁ ਇਕ ਕਿਨਕਾ ॥ ਹਰਿ ਹਰਿ ਸੀਗਾਰੁ ਬਨਾਵਹੁ ਹਰਿ ਜਨ ਹਰਿ ਕਾਪੜੁ ਪਹਿਰਹੁ ਖਿਮ ਕਾ ॥ ਐਸਾ ਸੀਗਾਰੁ ਮੇਰੇ ਪ੍ਰਭ ਭਾਵੈ ਹਰਿ ਲਾਗੈ ਪਿਆਰਾ ਪ੍ਰਿਮ ਕਾ ॥ ਹਰਿ ਹਰਿ ਨਾਮੁ ਬੋਲਹੁ ਦਿਨੁ ਰਾਤੀ ਸਭਿ ਕਿਲਬਿਖ ਕਾਟੈ ਇਕ ਪਲਕਾ ॥ ਹਰਿ ਹਰਿ ਦਇਆਲੁ ਹੋਵੈ ਜਿਸੁ ਉਪਰਿ ਸੋ ਗੁਰਮੁਖਿ

ਹਰਿ ਜਪਿ ਜਿਣਕਾ ॥੨੧॥ ਸਲੋਕੁ ਮਃ ੩ ॥ ਜਨਮ ਜਨਮ ਕੀ ਇਸੁ ਮਨ ਕਉ ਮਲੁ ਲਾਗੀ ਕਾਲਾ ਹੋਆ ਸਿਆਹੁ ॥ ਖੰਨਲੀ ਧੋਤੀ ਉਜਲੀ ਨ ਹੋਵਈ ਜੇ ਸਉ ਧੋਵਣਿ ਪਾਹੁ ॥ ਗੁਰ ਪਰਸਾਦੀ ਜੀਵਤੁ ਮਰੈ ਉਲਟੀ ਹੋਵੈ ਮਤਿ ਬਦਲਾਹੁ ॥ ਨਾਨਕ ਮੈਲੁ ਨ ਲਗਈ ਨਾ ਫਿਰਿ ਜੋਨੀ ਪਾਹੁ ॥੧॥ ਮਃ ੩ ॥ ਚਹੁ ਜੁਗੀ ਕਲਿ ਕਾਲੀ ਕਾਂਢੀ ਇਕ ਉਤਮ ਪਦਵੀ ਇਸੁ ਜੁਗ ਮਾਹਿ ॥ ਗੁਰਮੁਖਿ ਹਰਿ ਕੀਰਤਿ ਫਲੁ ਪਾਈਐ ਜਿਨ ਕਉ ਹਰਿ ਲਿਖਿ ਪਾਹਿ ॥ ਨਾਨਕ ਗੁਰ ਪਰਸਾਦੀ ਅਨਦਿਨੁ ਭਗਤਿ ਹਰਿ ਉਚਰਹਿ ਹਰਿ ਭਗਤੀ ਮਾਹਿ ਸਮਾਹਿ ॥੨॥ ਪਉੜੀ ॥ ਹਰਿ ਹਰਿ ਮੇਲਿ ਸਾਧ ਜਨ ਸੰਗਤਿ ਮੁਖਿ ਬੋਲੀ ਹਰਿ ਹਰਿ ਭਲੀ ਬਾਣਿ ॥ ਹਰਿ ਗੁਣ ਗਾਵਾ ਹਰਿ ਨਿਤ ਚਵਾ ਗੁਰਮਤੀ ਹਰਿ ਰੰਗੁ ਸਦਾ ਮਾਣਿ ॥ ਹਰਿ ਜਪਿ ਜਪਿ ਅਉਖਧ ਖਾਧਿਆ ਸਭਿ ਰੋਗ ਗਵਾਤੇ ਦੁਖਾ ਘਾਣਿ ॥ ਜਿਨਾ ਸਾਸਿ ਗਿਰਾਸਿ ਨ ਵਿਸਰੈ ਸੇ ਹਰਿ ਜਨ ਪੂਰੇ ਸਹੀ ਜਾਣਿ ॥ ਜੋ ਗੁਰਮੁਖਿ ਹਰਿ ਆਰਾਧਦੇ ਤਿਨ ਚੂਕੀ ਜਮ ਕੀ ਜਗਤ ਕਾਣਿ ॥੨੨॥ ਸਲੋਕੁ ਮਃ ੩ ॥ ਰੇ ਜਨ ਉਥਾਰੈ ਦਬਿਓਹੁ ਸੁਤਿਆ ਗਈ ਵਿਹਾਇ ॥ ਸਤਿਗੁਰ ਕਾ ਸਬਦੁ ਸੁਣਿ ਨ ਜਾਗਿਓ ਅੰਤਰਿ ਨ ਉਪਜਿਓ ਚਾਉ ॥ ਸਰੀਰੁ ਜਲਉ ਗੁਣ ਬਾਹਰਾ ਜੋ ਗੁਰ ਕਾਰ ਨ ਕਮਾਇ ॥ ਜਗਤੁ ਜਲੰਦਾ ਡਿਠੁ ਮੈ ਹਉਮੈ ਦੂਜੈ ਭਾਇ ॥ ਨਾਨਕ ਗੁਰ ਸਰਣਾਈ ਉਬਰੇ ਸਚੁ ਮਨਿ ਸਬਦਿ ਧਿਆਇ ॥੧॥ ਮਃ ੩ ॥ ਸਬਦਿ ਰਤੇ ਹਉਮੈ ਗਈ ਸੋਭਾਵੰਤੀ ਨਾਰਿ ॥ ਪਿਰ ਕੈ ਭਾਣੈ ਸਦਾ ਚਲੈ ਤਾ ਬਨਿਆ ਸੀਗਾਰੁ ॥ ਸੇਜ ਸੁਹਾਵੀ ਸਦਾ ਪਿਰੁ ਰਾਵੈ ਹਰਿ ਵਰੁ ਪਾਇਆ ਨਾਰਿ ॥ ਨਾ ਹਰਿ ਮਰੈ ਨ ਕਦੇ ਦੁਖੁ ਲਾਗੈ ਸਦਾ ਸੁਹਾਗਣਿ ਨਾਰਿ ॥ ਨਾਨਕ ਹਰਿ ਪ੍ਰਭ ਮੇਲਿ ਲਈ ਗੁਰ ਕੈ ਹੇਤਿ ਪਿਆਰਿ ॥੨॥ ਪਉੜੀ ॥ ਜਿਨਾ ਗੁਰੁ ਗੋਪਿਆ ਆਪਣਾ ਤੇ ਨਰ ਬੁਰਿਆਰੀ ॥ ਹਰਿ ਜੀਉ ਤਿਨ ਕਾ ਦਰਸਨੁ ਨਾ ਕਰਹੁ ਪਾਪਿਸਟ ਹਤਿਆਰੀ ॥ ਓਹਿ ਘਰਿ ਘਰਿ ਫਿਰਹਿ ਕੁਸੁਧ ਮਨਿ ਜਿਉ ਧਰਕਟ ਨਾਰੀ ॥ ਵਡਭਾਗੀ ਸੰਗਤਿ ਮਿਲੇ ਗੁਰਮੁਖਿ ਸਵਾਰੀ ॥ ਹਰਿ ਮੇਲਹੁ ਸਤਿਗੁਰ ਦਇਆ ਕਰਿ ਗੁਰ ਕਉ ਬਲਿਹਾਰੀ ॥੨੩॥ ਸਲੋਕੁ ਮਃ ੩ ॥ ਗੁਰ ਸੇਵਾ ਤੇ ਸੁਖੁ ਊਪਜੈ ਫਿਰਿ ਦੁਖੁ ਨ ਲਗੈ ਆਇ ॥ ਜੰਮਣੁ ਮਰਣਾ ਮਿਟਿ ਗਇਆ ਕਾਲੈ ਕਾ ਕਿਛੁ ਨ ਬਸਾਇ ॥ ਹਰਿ ਸੇਤੀ ਮਨੁ ਰਵਿ ਰਹਿਆ ਸਚੇ ਰਹਿਆ ਸਮਾਇ ॥ ਨਾਨਕ ਹਉ ਬਲਿਹਾਰੀ ਤਿੰਨ ਕਉ ਜੋ ਚਲਨਿ ਸਤਿਗੁਰ ਭਾਇ ॥੧॥ ਮਃ ੩ ॥ ਬਿਨੁ ਸਬਦੈ ਸੁਧੁ ਨ ਹੋਵਈ ਜੇ ਅਨੇਕ ਕਰੈ ਸੀਗਾਰ ॥

ਪਿਰ ਕੀ ਸਾਰ ਨ ਜਾਣਈ ਦੂਜੈ ਭਾਇ ਪਿਆਰੁ ॥ ਸਾ ਕੁਸੁਧ ਸਾ ਕੁਲਖਣੀ ਨਾਨਕ ਨਾਰੀ ਵਿਚਿ ਕੁਨਾਰਿ ॥੨॥ ਪਉੜੀ ॥ ਹਰਿ ਹਰਿ ਅਪਣੀ ਦਇਆ ਕਰਿ ਹਰਿ ਬੋਲੀ ਬੈਣੀ ॥ ਹਰਿ ਨਾਮੁ ਧਿਆਈ ਹਰਿ ਉਚਰਾ ਹਰਿ ਲਾਹਾ ਲੈਣੀ ॥ ਜੋ ਜਪਦੇ ਹਰਿ ਹਰਿ ਦਿਨਸੁ ਰਾਤਿ ਤਿਨ ਹਉ ਕੁਰਬੈਣੀ ॥ ਜਿਨਾ ਸਤਿਗੁਰੁ ਮੇਰਾ ਪਿਆਰਾ ਅਰਾਧਿਆ ਤਿਨ ਜਨ ਦੇਖਾ ਨੈਣੀ ॥ ਹਉ ਵਾਰਿਆ ਅਪਣੇ ਗੁਰੂ ਕਉ ਜਿਨਿ ਮੇਰਾ ਹਰਿ ਸਜਣੁ ਮੇਲਿਆ ਸੈਣੀ ॥੨੪॥ ਸਲੋਕੁ ਮਃ ੪ ॥ ਹਰਿ ਦਾਸਨ ਸਿਉ ਪ੍ਰੀਤਿ ਹੈ ਹਰਿ ਦਾਸਨ ਕੋ ਮਿਤੁ ॥ ਹਰਿ ਦਾਸਨ ਕੈ ਵਸਿ ਹੈ ਜਿਉ ਜੰਤੀ ਕੈ ਵਸਿ ਜੰਤੁ ॥ ਹਰਿ ਕੇ ਦਾਸ ਹਰਿ ਧਿਆਇਦੇ ਕਰਿ ਪ੍ਰੀਤਮ ਸਿਉ ਨੇਹੁ ॥ ਕਿਰਪਾ ਕਰਿ ਕੈ ਸੁਨਹੁ ਪ੍ਰਭ ਸਭ ਜਗ ਮਹਿ ਵਰਸੈ ਮੇਹੁ ॥ ਜੋ ਹਰਿ ਦਾਸਨ ਕੀ ਉਸਤਤਿ ਹੈ ਸਾ ਹਰਿ ਕੀ ਵਡਿਆਈ ॥ ਹਰਿ ਆਪਣੀ ਵਡਿਆਈ ਭਾਵਦੀ ਜਨ ਕਾ ਜੈਕਾਰੁ ਕਰਾਈ ॥ ਸੋ ਹਰਿ ਜਨੁ ਨਾਮੁ ਧਿਆਇਦਾ ਹਰਿ ਹਰਿ ਜਨੁ ਇਕ ਸਮਾਨਿ ॥ ਜਨੁ ਨਾਨਕੁ ਹਰਿ ਕਾ ਦਾਸੁ ਹੈ ਹਰਿ ਪੈਜ ਰਖਹੁ ਭਗਵਾਨ ॥੧॥ ਮਃ ੪ ॥ ਨਾਨਕ ਪ੍ਰੀਤਿ ਲਾਈ ਤਿਨਿ ਸਾਚੈ ਤਿਸੁ ਬਿਨੁ ਰਹਣੁ ਨ ਜਾਈ ॥ ਸਤਿਗੁਰੁ ਮਿਲੈ ਤ ਪੂਰਾ ਪਾਈਐ ਹਰਿ ਰਸਿ ਰਸਨ ਰਸਾਈ ॥੨॥ ਪਉੜੀ ॥ ਰੈਣਿ ਦਿਨਸੁ ਪਰਭਾਤਿ ਤੂਹੈ ਹੀ ਗਾਵਣਾ ॥ ਜੀਅ ਜੰਤ ਸਰਬਤ ਨਾਉ ਤੇਰਾ ਧਿਆਵਣਾ ॥ ਤੂ ਦਾਤਾ ਦਾਤਾਰੁ ਤੇਰਾ ਦਿਤਾ ਖਾਵਣਾ ॥ ਭਗਤ ਜਨਾ ਕੈ ਸੰਗਿ ਪਾਪ ਗਵਾਵਣਾ ॥ ਜਨ ਨਾਨਕ ਸਦ ਬਲਿਹਾਰੈ ਬਲਿ ਬਲਿ ਜਾਵਣਾ ॥੨੫॥ ਸਲੋਕੁ ਮਃ ੪ ॥ ਅੰਤਰਿ ਅਗਿਆਨੁ ਭਈ ਮਤਿ ਮਧਿਮ ਸਤਿਗੁਰ ਕੀ ਪਰਤੀਤਿ ਨਾਹੀ ॥ ਅੰਦਰਿ ਕਪਟੁ ਸਭੁ ਕਪਟੋ ਕਰਿ ਜਾਣੈ ਕਪਟੇ ਖਪਹਿ ਖਪਾਹੀ ॥ ਸਤਿਗੁਰ ਕਾ ਭਾਣਾ ਚਿਤਿ ਨ ਆਵੈ ਆਪਣੈ ਸੁਆਇ ਫਿਰਾਹੀ ॥ ਕਿਰਪਾ ਕਰੇ ਜੇ ਆਪਣੀ ਤਾ ਨਾਨਕ ਸਬਦਿ ਸਮਾਹੀ ॥੧॥ ਮਃ ੪ ॥ ਮਨਮੁਖ ਮਾਇਆ ਮੋਹਿ ਵਿਆਪੇ ਦੂਜੈ ਭਾਇ ਮਨੂਆ ਥਿਰੁ ਨਾਹਿ ॥ ਅਨਦਿਨੁ ਜਲਤ ਰਹਹਿ ਦਿਨੁ ਰਾਤੀ ਹਉਮੈ ਖਪਹਿ ਖਪਾਹਿ ॥ ਅੰਤਰਿ ਲੋਭੁ ਮਹਾ ਗੁਬਾਰਾ ਤਿਨ ਕੈ ਨਿਕਟਿ ਨ ਕੋਈ ਜਾਹਿ ॥ ਓਇ ਆਪਿ ਦੁਖੀ ਸੁਖੁ ਕਬਹੂ ਨ ਪਾਵਹਿ ਜਨਮਿ ਮਰਹਿ ਮਰਿ ਜਾਹਿ ॥ ਨਾਨਕ ਬਖਸਿ ਲਏ ਪ੍ਰਭੁ ਸਾਚਾ ਜਿ ਗੁਰ ਚਰਨੀ ਚਿਤੁ ਲਾਹਿ ॥੨॥ ਪਉੜੀ ॥ ਸੰਤ ਭਗਤ ਪਰਵਾਣੁ ਜੋ ਪ੍ਰਭਿ ਭਾਇਆ ॥ ਸੇਈ ਬਿਚਖਣ ਜੰਤ ਜਿਨੀ ਹਰਿ ਧਿਆਇਆ ॥ ਅੰਮ੍ਰਿਤੁ ਨਾਮੁ ਨਿਧਾਨੁ ਭੋਜਨੁ ਖਾਇਆ ॥ ਸੰਤ ਜਨਾ ਕੀ ਧੂਰਿ ਮਸਤਕਿ

ਲਾਇਆ ॥ ਨਾਨਕ ਭਏ ਪੁਨੀਤ ਹਰਿ ਤੀਰਥਿ ਨਾਇਆ ॥੨੬॥ ਸਲੋਕੁ ਮਃ ੪ ॥ ਗੁਰਮੁਖਿ ਅੰਤਰਿ ਸਾਂਤਿ ਹੈ ਮਨਿ ਤਨਿ ਨਾਮਿ ਸਮਾਇ ॥ ਨਾਮੋ ਚਿਤਵੈ ਨਾਮੁ ਪੜੈ ਨਾਮਿ ਰਹੈ ਲਿਵ ਲਾਇ ॥ ਨਾਮੁ ਪਦਾਰਥੁ ਪਾਇਆ ਚਿੰਤਾ ਗਈ ਬਿਲਾਇ ॥ ਸਤਿਗੁਰਿ ਮਿਲਿਐ ਨਾਮੁ ਊਪਜੈ ਤਿਸਨਾ ਭੁਖ ਸਭ ਜਾਇ ॥ ਨਾਨਕ ਨਾਮੇ ਰਤਿਆ ਨਾਮੋ ਪਲੈ ਪਾਇ ॥੧॥ ਮਃ ੪ ॥ ਸਤਿਗੁਰ ਪੁਰਖਿ ਜਿ ਮਾਰਿਆ ਭ੍ਰਮਿ ਭ੍ਰਮਿਆ ਘਰੁ ਛੋਡਿ ਗਇਆ ॥ ਓਸੁ ਪਿਛੈ ਵਜੈ ਫਕੜੀ ਮੁਹੁ ਕਾਲਾ ਆਗੈ ਭਇਆ ॥ ਓਸੁ ਅਰਲੁ ਬਰਲੁ ਮੁਹਹੁ ਨਿਕਲੈ ਨਿਤ ਝਗੂ ਸੁਟਦਾ ਮੁਆ ॥ ਕਿਆ ਹੋਵੈ ਕਿਸੈ ਹੀ ਦੈ ਕੀਤੈ ਜਾਂ ਧੁਰਿ ਕਿਰਤੁ ਓਸ ਦਾ ਏਹੋ ਜੇਹਾ ਪਇਆ ॥ ਜਿਥੈ ਓਹੁ ਜਾਇ ਤਿਥੈ ਓਹੁ ਝੂਠਾ ਕੂੜੁ ਬੋਲੇ ਕਿਸੈ ਨ ਭਾਵੈ ॥ ਵੇਖਹੁ ਭਾਈ ਵਡਿਆਈ ਹਰਿ ਸੰਤਹੁ ਸੁਆਮੀ ਅਪੁਨੇ ਕੀ ਜੈਸਾ ਕੋਈ ਕਰੈ ਤੈਸਾ ਕੋਈ ਪਾਵੈ ॥ ਏਹੁ ਬ੍ਰਹਮ ਬੀਚਾਰੁ ਹੋਵੈ ਦਰਿ ਸਾਚੈ ਅਗੋ ਦੇ ਜਨੁ ਨਾਨਕੁ ਆਖਿ ਸੁਣਾਵੈ ॥੨॥ ਪਉੜੀ ॥ ਗੁਰਿ ਸਚੈ ਬਧਾ ਥੇਹੁ ਰਖਵਾਲੇ ਗੁਰਿ ਦਿਤੇ ॥ ਪੂਰਨ ਹੋਈ ਆਸ ਗੁਰ ਚਰਣੀ ਮਨ ਰਤੇ ॥ ਗੁਰਿ ਕ੍ਰਿਪਾਲਿ ਬੇਅੰਤਿ ਅਵਗੁਣ ਸਭਿ ਹਤੇ ॥ ਗੁਰਿ ਅਪਣੀ ਕਿਰਪਾ ਧਾਰਿ ਅਪਣੇ ਕਰਿ ਲਿਤੇ ॥ ਨਾਨਕ ਸਦ ਬਲਿਹਾਰ ਜਿਸੁ ਗੁਰ ਕੇ ਗੁਣ ਇਤੇ ॥੨੭॥ ਸਲੋਕ ਮਃ ੧ ॥ ਤਾ ਕੀ ਰਜਾਇ ਲੇਖਿਆ ਪਾਇ ਅਬ ਕਿਆ ਕੀਜੈ ਪਾਂਡੇ ॥ ਹੁਕਮੁ ਹੋਆ ਹਾਸਲੁ ਤਦੇ ਹੋਇ ਨਿਬੜਿਆ ਹੰਢਹਿ ਜੀਅ ਕਮਾਂਦੇ ॥੧॥ ਮਃ ੨ ॥ ਨਕਿ ਨਥ ਖਸਮ ਹਥ ਕਿਰਤੁ ਧਕੇ ਦੇ ॥ ਜਹਾ ਦਾਣੇ ਤਹਾਂ ਖਾਣੇ ਨਾਨਕਾ ਸਚੁ ਹੇ ॥੨॥ ਪਉੜੀ ॥ ਸਭੇ ਗਲਾ ਆਪਿ ਥਾਟਿ ਬਹਾਲੀਓਨੁ ॥ ਆਪੇ ਰਚਨੁ ਰਚਾਇ ਆਪੇ ਹੀ ਘਾਲਿਓਨੁ ॥ ਆਪੇ ਜੰਤ ਉਪਾਇ ਆਪਿ ਪ੍ਰਤਿਪਾਲਿਓਨੁ ॥ ਦਾਸ ਰਖੇ ਕੰਠਿ ਲਾਇ ਨਦਰਿ ਨਿਹਾਲਿਓਨੁ ॥ ਨਾਨਕ ਭਗਤਾ ਸਦਾ ਅਨੰਦੁ ਭਾਉ ਦੂਜਾ ਜਾਲਿਓਨੁ ॥੨੮॥ ਸਲੋਕੁ ਮਃ ੩ ॥ ਏ ਮਨ ਹਰਿ ਜੀ ਧਿਆਇ ਤੂ ਇਕ ਮਨਿ ਇਕ ਚਿਤਿ ਭਾਇ ॥ ਹਰਿ ਕੀਆ ਸਦਾ ਸਦਾ ਵਡਿਆਈਆ ਦੇਇ ਨ ਪਛੋਤਾਇ ॥ ਹਉ ਹਰਿ ਕੈ ਸਦ ਬਲਿਹਾਰਣੈ ਜਿਤੁ ਸੇਵਿਐ ਸੁਖੁ ਪਾਇ ॥ ਨਾਨਕ ਗੁਰਮੁਖਿ ਮਿਲਿ ਰਹੈ ਹਉਮੈ ਸਬਦਿ ਜਲਾਇ ॥੧॥ ਮਃ ੩ ॥ ਆਪੇ ਸੇਵਾ ਲਾਇਅਨੁ ਆਪੇ ਬਖਸ ਕਰੇਇ ॥ ਸਭਨਾ ਕਾ ਮਾ ਪਿਉ ਆਪਿ ਹੈ ਆਪੇ ਸਾਰ ਕਰੇਇ ॥ ਨਾਨਕ ਨਾਮੁ ਧਿਆਇਨਿ ਤਿਨ ਨਿਜ ਘਰਿ ਵਾਸੁ ਹੈ ਜੁਗੁ ਜੁਗੁ ਸੋਭਾ ਹੋਇ ॥੨॥ ਪਉੜੀ ॥ ਤੂ ਕਰਣ ਕਾਰਣ ਸਮਰਥੁ

ਹਹਿ ਕਰਤੇ ਮੈ ਤੁਝ ਬਿਨੁ ਅਵਰੁ ਨ ਕੋਈ ॥ ਤੁਧੁ ਆਪੇ ਸਿਸਟਿ ਸਿਰਜੀਆ ਆਪੇ ਫੁਨਿ ਗੋਈ ॥ ਸਭੁ ਇਕੋ ਸਬਦੁ ਵਰਤਦਾ ਜੋ ਕਰੇ ਸੁ ਹੋਈ ॥ ਵਡਿਆਈ ਗੁਰਮੁਖਿ ਦੇਇ ਪ੍ਰਭੁ ਹਰਿ ਪਾਵੈ ਸੋਈ ॥ ਗੁਰਮੁਖਿ ਨਾਨਕ ਆਰਾਧਿਆ ਸਭਿ ਆਖਹੁ ਧੰਨੁ ਧੰਨੁ ਧੰਨੁ ਗੁਰੁ ਸੋਈ ॥੨੯॥੧॥ ਸੁਧੁ

ਰਾਗੁ ਸੋਰਠਿ ਬਾਣੀ ਭਗਤ ਕਬੀਰ ਜੀ ਕੀ ਘਰੁ ੧ ੴ ਸਤਿਗੁਰ ਪ੍ਰਸਾਦਿ ॥

ਬੁਤ ਪੂਜਿ ਪੂਜਿ ਹਿੰਦੂ ਮੂਏ ਤੁਰਕ ਮੂਏ ਸਿਰੁ ਨਾਈ ॥ ਓਇ ਲੇ ਜਾਰੇ ਓਇ ਲੇ ਗਾਡੇ ਤੇਰੀ ਗਤਿ ਦੁਹੂ ਨ ਪਾਈ ॥੧॥ ਮਨ ਰੇ ਸੰਸਾਰੁ ਅੰਧ ਗਹੇਰਾ ॥ ਚਹੁ ਦਿਸ ਪਸਰਿਓ ਹੈ ਜਮ ਜੇਵਰਾ ॥੧॥ ਰਹਾਉ ॥ ਕਬਿਤ ਪੜੇ ਪੜਿ ਕਬਿਤਾ ਮੂਏ ਕਪੜ ਕੇਦਾਰੈ ਜਾਈ ॥ ਜਟਾ ਧਾਰਿ ਧਾਰਿ ਜੋਗੀ ਮੂਏ ਤੇਰੀ ਗਤਿ ਇਨਹਿ ਨ ਪਾਈ ॥੨॥ ਦਰਬੁ ਸੰਚਿ ਸੰਚਿ ਰਾਜੇ ਮੂਏ ਗਡਿ ਲੇ ਕੰਚਨ ਭਾਰੀ ॥ ਬੇਦ ਪੜੇ ਪੜਿ ਪੰਡਿਤ ਮੂਏ ਰੂਪੁ ਦੇਖਿ ਦੇਖਿ ਨਾਰੀ ॥੩॥ ਰਾਮ ਨਾਮ ਬਿਨੁ ਸਭੈ ਬਿਗੂਤੇ ਦੇਖਹੁ ਨਿਰਖਿ ਸਰੀਰਾ ॥ ਹਰਿ ਕੇ ਨਾਮ ਬਿਨੁ ਕਿਨਿ ਗਤਿ ਪਾਈ ਕਹਿ ਉਪਦੇਸੁ ਕਬੀਰਾ ॥੪॥੧॥ ਜਬ ਜਰੀਐ ਤਬ ਹੋਇ ਭਸਮ ਤਨੁ ਰਹੈ ਕਿਰਮ ਦਲ ਖਾਈ ॥ ਕਾਚੀ ਗਾਗਰਿ ਨੀਰੁ ਪਰਤੁ ਹੈ ਇਆ ਤਨ ਕੀ ਇਹੈ ਬਡਾਈ ॥੧॥ ਕਾਹੇ ਭਈਆ ਫਿਰਤੌ ਫੂਲਿਆ ਫੂਲਿਆ ॥ ਜਬ ਦਸ ਮਾਸ ਉਰਧ ਮੁਖ ਰਹਤਾ ਸੋ ਦਿਨੁ ਕੈਸੇ ਭੂਲਿਆ ॥੧॥ ਰਹਾਉ ॥ ਜਿਉ ਮਧੁ ਮਾਖੀ ਤਿਉ ਸਠੋਰਿ ਰਸੁ ਜੋਰਿ ਜੋਰਿ ਧਨੁ ਕੀਆ ॥ ਮਰਤੀ ਬਾਰ ਲੇਹੁ ਲੇਹੁ ਕਰੀਐ ਭੂਤੁ ਰਹਨ ਕਿਉ ਦੀਆ ॥੨॥ ਦੇਹੁਰੀ ਲਉ ਬਰੀ ਨਾਰਿ ਸੰਗਿ ਭਈ ਆਗੈ ਸਜਨ ਸੁਹੇਲਾ ॥ ਮਰਘਟ ਲਉ ਸਭੁ ਲੋਗੁ ਕੁਟੰਬੁ ਭਇਓ ਆਗੈ ਹੰਸੁ ਅਕੇਲਾ ॥੩॥ ਕਹਤੁ ਕਬੀਰ ਸੁਨਹੁ ਰੇ ਪ੍ਰਾਨੀ ਪਰੇ ਕਾਲ ਗ੍ਰਸ ਕੂਆ ॥ ਝੂਠੀ ਮਾਇਆ ਆਪੁ ਬੰਧਾਇਆ ਜਿਉ ਨਲਨੀ ਭ੍ਰਮਿ ਸੂਆ ॥੪॥੨॥ ਬੇਦ ਪੁਰਾਨ ਸਭੈ ਮਤ ਸੁਨਿ ਕੈ ਕਰੀ ਕਰਮ ਕੀ ਆਸਾ ॥ ਕਾਲ ਗ੍ਰਸਤ ਸਭ ਲੋਗ ਸਿਆਨੇ ਉਠਿ ਪੰਡਿਤ ਪੈ ਚਲੇ ਨਿਰਾਸਾ ॥੧॥ ਮਨ ਰੇ ਸਰਿਓ ਨ ਏਕੈ ਕਾਜਾ ॥ ਭਜਿਓ ਨ ਰਘੁਪਤਿ ਰਾਜਾ ॥੧॥ ਰਹਾਉ ॥ ਬਨ ਖੰਡ ਜਾਇ ਜੋਗੁ ਤਪੁ ਕੀਨੋ ਕੰਦ ਮੂਲੁ ਚੁਨਿ ਖਾਇਆ ॥ ਨਾਦੀ ਬੇਦੀ ਸਬਦੀ ਮੋਨੀ ਜਮ ਕੇ ਪਟੈ ਲਿਖਾਇਆ ॥੨॥ ਭਗਤਿ ਨਾਰਦੀ ਰਿਦੈ ਨ ਆਈ ਕਾਛਿ ਕੂਛਿ ਤਨੁ ਦੀਨਾ ॥ ਰਾਗ ਰਾਗਨੀ ਡਿੰਭ ਹੋਇ ਬੈਠਾ ਉਨਿ ਹਰਿ ਪਹਿ ਕਿਆ ਲੀਨਾ ॥੩॥ ਪਰਿਓ ਕਾਲੁ ਸਭੈ

ਜਗ ਊਪਰ ਮਾਹਿ ਲਿਖੇ ਭ੍ਰਮ ਗਿਆਨੀ ॥ ਕਹੁ ਕਬੀਰ ਜਨ ਭਏ ਖਾਲਸੇ ਪ੍ਰੇਮ ਭਗਤਿ ਜਿਹ ਜਾਨੀ ॥੪॥੩॥ ਘਰੁ ੨॥ ਦੁਇ ਦੁਇ ਲੋਚਨ ਪੇਖਾ ॥ ਹਉ ਹਰਿ ਬਿਨੁ ਅਉਰੁ ਨ ਦੇਖਾ ॥ ਨੈਨ ਰਹੇ ਰੰਗੁ ਲਾਈ ॥ ਅਬ ਬੇ ਗਲ ਕਹਨੁ ਨ ਜਾਈ ॥੧॥ ਹਮਰਾ ਭਰਮੁ ਗਇਆ ਭਉ ਭਾਗਾ ॥ ਜਬ ਰਾਮ ਨਾਮ ਚਿਤੁ ਲਾਗਾ ॥੧॥ ਰਹਾਉ ॥ ਬਾਜੀਗਰ ਡੰਕ ਬਜਾਈ ॥ ਸਭ ਖਲਕ ਤਮਾਸੇ ਆਈ ॥ ਬਾਜੀਗਰ ਸ੍ਵਾਂਗੁ ਸਕੇਲਾ ॥ ਅਪਨੇ ਰੰਗ ਰਵੈ ਅਕੇਲਾ ॥੨॥ ਕਥਨੀ ਕਹਿ ਭਰਮੁ ਨ ਜਾਈ ॥ ਸਭ ਕਥਿ ਕਥਿ ਰਹੀ ਲੁਕਾਈ ॥ ਜਾ ਕਉ ਗੁਰਮੁਖਿ ਆਪਿ ਬੁਝਾਈ ॥ ਤਾ ਕੇ ਹਿਰਦੈ ਰਹਿਆ ਸਮਾਈ ॥੩॥ ਗੁਰ ਕਿੰਚਤ ਕਿਰਪਾ ਕੀਨੀ ॥ ਸਭੁ ਤਨੁ ਮਨੁ ਦੇਹ ਹਰਿ ਲੀਨੀ ॥ ਕਹਿ ਕਬੀਰ ਰੰਗਿ ਰਾਤਾ ॥ ਮਿਲਿਓ ਜਗਜੀਵਨ ਦਾਤਾ ॥੪॥੪॥ ਜਾ ਕੇ ਨਿਗਮ ਦੂਧ ਕੇ ਠਾਟਾ ॥ ਸਮੁੰਦੁ ਬਿਲੋਵਨ ਕਉ ਮਾਟਾ ॥ ਤਾ ਕੀ ਹੋਹੁ ਬਿਲੋਵਨਹਾਰੀ ॥ ਕਿਉ ਮੇਟੈ ਗੋ ਛਾਛਿ ਤੁਹਾਰੀ ॥੧॥ ਚੇਰੀ ਤੂ ਰਾਮੁ ਨ ਕਰਸਿ ਭਤਾਰਾ ॥ ਜਗਜੀਵਨ ਪ੍ਰਾਨ ਅਧਾਰਾ ॥੧॥ ਰਹਾਉ ॥ ਤੇਰੇ ਗਲਹਿ ਤਉਕੁ ਪਗ ਬੇਰੀ ॥ ਤੂ ਘਰ ਘਰ ਰਮਈਐ ਫੇਰੀ ॥ ਤੂ ਅਜਹੁ ਨ ਚੇਤਸਿ ਚੇਰੀ ॥ ਤੂ ਜਮਿ ਬਪੁਰੀ ਹੈ ਹੇਰੀ ॥੨॥ ਪ੍ਰਭ ਕਰਨ ਕਰਾਵਨਹਾਰੀ ॥ ਕਿਆ ਚੇਰੀ ਹਾਥ ਬਿਚਾਰੀ ॥ ਸੋਈ ਸੋਈ ਜਾਗੀ ॥ ਜਿਤੁ ਲਾਈ ਤਿਤੁ ਲਾਗੀ ॥੩॥ ਚੇਰੀ ਤੈ ਸੁਮਤਿ ਕਹਾਂ ਤੇ ਪਾਈ ॥ ਜਾ ਤੇ ਭ੍ਰਮ ਕੀ ਲੀਕ ਮਿਟਾਈ ॥ ਸੁ ਰਸੁ ਕਬੀਰੈ ਜਾਨਿਆ ॥ ਮੇਰੋ ਗੁਰ ਪ੍ਰਸਾਦਿ ਮਨੁ ਮਾਨਿਆ ॥੪॥੫॥ ਜਿਹ ਬਾਝੁ ਨ ਜੀਆ ਜਾਈ ॥ ਜਉ ਮਿਲੈ ਤ ਘਾਲ ਅਘਾਈ ॥ ਸਦ ਜੀਵਨੁ ਭਲੋ ਕਹਾਂਹੀ ॥ ਮੂਏ ਬਿਨੁ ਜੀਵਨੁ ਨਾਹੀ ॥੧॥ ਅਬ ਕਿਆ ਕਥੀਐ ਗਿਆਨੁ ਬੀਚਾਰਾ ॥ ਨਿਜ ਨਿਰਖਤ ਗਤ ਬਿਉਹਾਰਾ ॥੧॥ ਰਹਾਉ ॥ ਘਸਿ ਕੁੰਕਮ ਚੰਦਨੁ ਗਾਰਿਆ ॥ ਬਿਨੁ ਨੈਨਹੁ ਜਗਤੁ ਨਿਹਾਰਿਆ ॥ ਪੂਤਿ ਪਿਤਾ ਇਕੁ ਜਾਇਆ ॥ ਬਿਨੁ ਠਾਹਰ ਨਗਰੁ ਬਸਾਇਆ ॥੨॥ ਜਾਚਕ ਜਨ ਦਾਤਾ ਪਾਇਆ ॥ ਸੋ ਦੀਆ ਨ ਜਾਈ ਖਾਇਆ ॥ ਛੋਡਿਆ ਜਾਇ ਨ ਮੂਕਾ ॥ ਅਉਰਨ ਪਹਿ ਜਾਨਾ ਚੂਕਾ ॥੩॥ ਜੋ ਜੀਵਨ ਮਰਨਾ ਜਾਨੈ ॥ ਸੋ ਪੰਚ ਸੈਲ ਸੁਖ ਮਾਨੈ ॥ ਕਬੀਰੈ ਸੋ ਧਨੁ ਪਾਇਆ ॥ ਹਰਿ ਭੇਟਤ ਆਪੁ ਮਿਟਾਇਆ ॥੪॥੬॥ ਕਿਆ ਪੜੀਐ ਕਿਆ ਗੁਨੀਐ ॥ ਕਿਆ ਬੇਦ ਪੁਰਾਨਾਂ ਸੁਨੀਐ ॥ ਪੜੇ ਸੁਨੇ ਕਿਆ ਹੋਈ ॥ ਜਉ ਸਹਜ ਨ ਮਿਲਿਓ ਸੋਈ ॥੧॥ ਹਰਿ ਕਾ ਨਾਮੁ ਨ ਜਪਸਿ ਗਵਾਰਾ ॥ ਕਿਆ ਸੋਚਹਿ ਬਾਰੰ ਬਾਰਾ ॥੧॥ ਰਹਾਉ ॥ ਅੰਧਿਆਰੇ ਦੀਪਕੁ ਚਹੀਐ ॥

ਇਕ ਬਸਤੁ ਅਗੋਚਰ ਲਹੀਐ ॥ ਬਸਤੁ ਅਗੋਚਰ ਪਾਈ ॥ ਘਟਿ ਦੀਪਕੁ ਰਹਿਆ ਸਮਾਈ ॥੨॥ ਕਹਿ ਕਬੀਰ ਅਬ ਜਾਨਿਆ ॥ ਜਬ ਜਾਨਿਆ ਤਉ ਮਨੁ ਮਾਨਿਆ ॥ ਮਨ ਮਾਨੇ ਲੋਗੁ ਨ ਪਤੀਜੈ ॥ ਨ ਪਤੀਜੈ ਤਉ ਕਿਆ ਕੀਜੈ ॥੩॥੭॥ ਹ੍ਰਿਦੈ ਕਪਟੁ ਮੁਖ ਗਿਆਨੀ ॥ ਝੂਠੇ ਕਹਾ ਬਿਲੋਵਸਿ ਪਾਨੀ ॥੧॥ ਕਾਂਇਆ ਮਾਂਜਸਿ ਕਉਨ ਗੁਨਾਂ ॥ ਜਉ ਘਟ ਭੀਤਰਿ ਹੈ ਮਲਨਾਂ ॥੧॥ ਰਹਾਉ ॥ ਲਉਕੀ ਅਠਸਠਿ ਤੀਰਥ ਨ੍ਹਾਈ ॥ ਕਉਰਾਪਨੁ ਤਊ ਨ ਜਾਈ ॥੨॥ ਕਹਿ ਕਬੀਰ ਬੀਚਾਰੀ ॥ ਭਵ ਸਾਗਰੁ ਤਾਰਿ ਮੁਰਾਰੀ ॥੩॥੮॥

ਸੋਰਠਿ ੴ ਸਤਿਗੁਰ ਪ੍ਰਸਾਦਿ ॥

ਬਹੁ ਪਰਪੰਚ ਕਰਿ ਪਰ ਧਨੁ ਲਿਆਵੈ ॥ ਸੁਤ ਦਾਰਾ ਪਹਿ ਆਨਿ ਲੁਟਾਵੈ ॥੧॥ ਮਨ ਮੇਰੇ ਭੂਲੇ ਕਪਟੁ ਨ ਕੀਜੈ ॥ ਅੰਤਿ ਨਿਬੇਰਾ ਤੇਰੇ ਜੀਅ ਪਹਿ ਲੀਜੈ ॥੧॥ ਰਹਾਉ ॥ ਛਿਨੁ ਛਿਨੁ ਤਨੁ ਛੀਜੈ ਜਰਾ ਜਨਾਵੈ ॥ ਤਬ ਤੇਰੀ ਓਕ ਕੋਈ ਪਾਨੀਓ ਨ ਪਾਵੈ ॥੨॥ ਕਹਤੁ ਕਬੀਰੁ ਕੋਈ ਨਹੀ ਤੇਰਾ ॥ ਹਿਰਦੈ ਰਾਮੁ ਕੀ ਨ ਜਪਹਿ ਸਵੇਰਾ ॥੩॥੯॥ ਸੰਤਹੁ ਮਨ ਪਵਨੈ ਸੁਖੁ ਬਨਿਆ ॥ ਕਿਛੁ ਜੋਗੁ ਪਰਾਪਤਿ ਗਨਿਆ ॥ ਰਹਾਉ ॥ ਗੁਰਿ ਦਿਖਲਾਈ ਮੋਰੀ ॥ ਜਿਤੁ ਮਿਰਗ ਪੜਤ ਹੈ ਚੋਰੀ ॥ ਮੂੰਦਿ ਲੀਏ ਦਰਵਾਜੇ ॥ ਬਾਜੀਅਲੇ ਅਨਹਦ ਬਾਜੇ ॥੧॥ ਕੁੰਭ ਕਮਲੁ ਜਲਿ ਭਰਿਆ ॥ ਜਲੁ ਮੇਟਿਆ ਊਭਾ ਕਰਿਆ ॥ ਕਹੁ ਕਬੀਰ ਜਨ ਜਾਨਿਆ ॥ ਜਉ ਜਾਨਿਆ ਤਉ ਮਨੁ ਮਾਨਿਆ ॥੨॥੧੦॥ ਰਾਗੁ ਸੋਰਠਿ ॥ ਭੂਖੇ ਭਗਤਿ ਨ ਕੀਜੈ ॥ ਯਹ ਮਾਲਾ ਅਪਨੀ ਲੀਜੈ ॥ ਹਉ ਮਾਂਗਉ ਸੰਤਨ ਰੇਨਾ ॥ ਮੈ ਨਾਹੀ ਕਿਸੀ ਕਾ ਦੇਨਾ ॥੧॥ ਮਾਧੋ ਕੈਸੀ ਬਨੈ ਤੁਮ ਸੰਗੇ ॥ ਆਪਿ ਨ ਦੇਹੁ ਤ ਲੇਵਉ ਮੰਗੇ ॥ ਰਹਾਉ ॥ ਦੁਇ ਸੇਰ ਮਾਂਗਉ ਚੂਨਾ ॥ ਪਾਉ ਘੀਉ ਸੰਗਿ ਲੂਨਾ ॥ ਅਧ ਸੇਰੁ ਮਾਂਗਉ ਦਾਲੇ ॥ ਮੋ ਕਉ ਦੋਨਉ ਵਖਤ ਜਿਵਾਲੇ ॥੨॥ ਖਾਟ ਮਾਂਗਉ ਚਉਪਾਈ ॥ ਸਿਰਹਾਨਾ ਅਵਰ ਤੁਲਾਈ ॥ ਊਪਰ ਕਉ ਮਾਂਗਉ ਖੀਂਧਾ ॥ ਤੇਰੀ ਭਗਤਿ ਕਰੈ ਜਨੁ ਥੀਂਧਾ ॥੩॥ ਮੈ ਨਾਹੀ ਕੀਤਾ ਲਬੋ ॥ ਇਕੁ ਨਾਉ ਤੇਰਾ ਮੈ ਫਬੋ ॥ ਕਹਿ ਕਬੀਰ ਮਨੁ ਮਾਨਿਆ ॥ ਮਨੁ ਮਾਨਿਆ ਤਉ ਹਰਿ ਜਾਨਿਆ ॥੪॥੧੧॥

ਰਾਗੁ ਸੋਰਠਿ ਬਾਣੀ ਭਗਤ ਨਾਮਦੇ ਜੀ ਕੀ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਜਬ ਦੇਖਾ ਤਬ ਗਾਵਾ ॥ ਤਉ

ਜਨ ਧੀਰਜੁ ਪਾਵਾ ॥੧॥ ਨਾਦਿ ਸਮਾਇਲੋ ਰੇ ਸਤਿਗੁਰੁ ਭੇਟਿਲੇ ਦੇਵਾ ॥੧॥ ਰਹਾਉ ॥ ਜਹ ਝਿਲਿ ਮਿਲਿ ਕਾਰੁ ਦਿਸੰਤਾ ॥ ਤਹ ਅਨਹਦ ਸਬਦ ਬਜੰਤਾ ॥ ਜੋਤੀ ਜੋਤਿ ਸਮਾਨੀ ॥ ਮੈ ਗੁਰ ਪਰਸਾਦੀ ਜਾਨੀ ॥੨॥ ਰਤਨ ਕਮਲ ਕੋਠਰੀ ॥ ਚਮਕਾਰ ਬੀਜੁਲ ਤਹੀ ॥ ਨੇਰੈ ਨਾਹੀ ਦੂਰਿ ॥ ਨਿਜ ਆਤਮੈ ਰਹਿਆ ਭਰਪੂਰਿ ॥੩॥ ਜਹ ਅਨਹਤ ਸੂਰ ਉਜ੍ਯ੍ਯਾਰਾ ॥ ਤਹ ਦੀਪਕ ਜਲੈ ਛੰਛਾਰਾ ॥ ਗੁਰ ਪਰਸਾਦੀ ਜਾਨਿਆ ॥ ਜਨੁ ਨਾਮਾ ਸਹਜ ਸਮਾਨਿਆ ॥੪॥੧॥ ਘਰੁ ੪ ਸੋਰਠਿ ॥ ਪਾੜ ਪੜੋਸਣਿ ਪੂਛਿ ਲੇ ਨਾਮਾ ਕਾ ਪਹਿ ਛਾਨਿ ਛਵਾਈ ਹੋ ॥ ਤੋ ਪਹਿ ਦੁਗਣੀ ਮਜੂਰੀ ਦੈਹਉ ਮੋ ਕਉ ਬੇਢੀ ਦੇਹੁ ਬਤਾਈ ਹੋ ॥੧॥ ਰੀ ਬਾਈ ਬੇਢੀ ਦੇਨੁ ਨ ਜਾਈ ॥ ਦੇਖੁ ਬੇਢੀ ਰਹਿਓ ਸਮਾਈ ॥ ਹਮਾਰੈ ਬੇਢੀ ਪ੍ਰਾਨ ਅਧਾਰਾ ॥੧॥ ਰਹਾਉ ॥ ਬੇਢੀ ਪ੍ਰੀਤਿ ਮਜੂਰੀ ਮਾਂਗੈ ਜਉ ਕੋਊ ਛਾਨਿ ਛਵਾਵੈ ਹੋ ॥ ਲੋਗ ਕੁਟੰਬ ਸਭਹੁ ਤੇ ਤੋਰੈ ਤਉ ਆਪਨ ਬੇਢੀ ਆਵੈ ਹੋ ॥੨॥ ਐਸੋ ਬੇਢੀ ਬਰਨਿ ਨ ਸਾਕਉ ਸਭ ਅੰਤਰ ਸਭ ਠਾਂਈ ਹੋ ॥ ਗੂੰਗੈ ਮਹਾ ਅੰਮ੍ਰਿਤ ਰਸੁ ਚਾਖਿਆ ਪੂਛੇ ਕਹਨੁ ਨ ਜਾਈ ਹੋ ॥੩॥ ਬੇਢੀ ਕੇ ਗੁਣ ਸੁਨਿ ਰੀ ਬਾਈ ਜਲਧਿ ਬਾਂਧਿ ਧ੍ਰੂ ਥਾਪਿਓ ਹੋ ॥ ਨਾਮੇ ਕੇ ਸੁਆਮੀ ਸੀਅ ਬਹੋਰੀ ਲੰਕ ਭਭੀਖਣ ਆਪਿਓ ਹੋ ॥੪॥੨॥ ਸੋਰਠਿ ਘਰੁ ੩॥ ਅਣਮੜਿਆ ਮੰਦਲੁ ਬਾਜੈ ॥ ਬਿਨੁ ਸਾਵਣ ਘਨਹਰੁ ਗਾਜੈ ॥ ਬਾਦਲ ਬਿਨੁ ਬਰਖਾ ਹੋਈ ॥ ਜਉ ਤਤੁ ਬਿਚਾਰੈ ਕੋਈ ॥੧॥ ਮੋ ਕਉ ਮਿਲਿਓ ਰਾਮੁ ਸਨੇਹੀ ॥ ਜਿਹ ਮਿਲਿਐ ਦੇਹ ਸੁਦੇਹੀ ॥੧॥ ਰਹਾਉ ॥ ਮਿਲਿ ਪਾਰਸ ਕੰਚਨੁ ਹੋਇਆ ॥ ਮੁਖ ਮਨਸਾ ਰਤਨੁ ਪਰੋਇਆ ॥ ਨਿਜ ਭਾਉ ਭਇਆ ਭ੍ਰਮੁ ਭਾਗਾ ॥ ਗੁਰ ਪੂਛੇ ਮਨੁ ਪਤੀਆਗਾ ॥੨॥ ਜਲ ਭੀਤਰਿ ਕੁੰਭ ਸਮਾਨਿਆ ॥ ਸਭ ਰਾਮੁ ਏਕੁ ਕਰਿ ਜਾਨਿਆ ॥ ਗੁਰ ਚੇਲੇ ਹੈ ਮਨੁ ਮਾਨਿਆ ॥ ਜਨ ਨਾਮੈ ਤਤੁ ਪਛਾਨਿਆ ॥੩॥੩॥

ਰਾਗੁ ਸੋਰਠਿ ਬਾਣੀ ਭਗਤ ਰਵਿਦਾਸ ਜੀ ਕੀ ੴ ਸਤਿਗੁਰ ਪ੍ਰਸਾਦਿ ॥

ਜਬ ਹਮ ਹੋਤੇ ਤਬ ਤੂ ਨਾਹੀ ਅਬ ਤੂਹੀ ਮੈ ਨਾਹੀ ॥ ਅਨਲ ਅਗਮ ਜੈਸੇ ਲਹਰਿ ਮਇ ਓਦਧਿ ਜਲ ਕੇਵਲ ਜਲ ਮਾਂਹੀ ॥੧॥ ਮਾਧਵੇ ਕਿਆ ਕਹੀਐ ਭ੍ਰਮੁ ਐਸਾ ॥ ਜੈਸਾ ਮਾਨੀਐ ਹੋਇ ਨ ਤੈਸਾ ॥੧॥ ਰਹਾਉ ॥ ਨਰਪਤਿ ਏਕੁ ਸਿੰਘਾਸਨਿ ਸੋਇਆ ਸੁਪਨੇ ਭਇਆ ਭਿਖਾਰੀ ॥ ਅਛਤ ਰਾਜ ਬਿਛੁਰਤ ਦੁਖੁ ਪਾਇਆ ਸੋ ਗਤਿ

ਭਈ ਹਮਾਰੀ ॥੨॥ ਰਾਜ ਭੁਇਅੰਗ ਪ੍ਰਸੰਗ ਜੈਸੇ ਹਹਿ ਅਬ ਕਛੁ ਮਰਮੁ ਜਨਾਇਆ ॥ ਅਨਿਕ ਕਟਕ ਜੈਸੇ ਭੂਲਿ ਪਰੇ ਅਬ ਕਹਤੇ ਕਹਨੁ ਨ ਆਇਆ ॥੩॥ ਸਰਬੇ ਏਕੁ ਅਨੇਕੈ ਸੁਆਮੀ ਸਭ ਘਟ ਭੋੁਗਵੈ ਸੋਈ ॥ ਕਹਿ ਰਵਿਦਾਸ ਹਾਥ ਪੈ ਨੇਰੈ ਸਹਜੇ ਹੋਇ ਸੁ ਹੋਈ ॥੪॥੧॥ ਜਉ ਹਮ ਬਾਂਧੇ ਮੋਹ ਫਾਸ ਹਮ ਪ੍ਰੇਮ ਬਧਨਿ ਤੁਮ ਬਾਧੇ ॥ ਅਪਨੇ ਛੂਟਨ ਕੋ ਜਤਨੁ ਕਰਹੁ ਹਮ ਛੂਟੇ ਤੁਮ ਆਰਾਧੇ ॥੧॥ ਮਾਧਵੇ ਜਾਨਤ ਹਹੁ ਜੈਸੀ ਤੈਸੀ ॥ ਅਬ ਕਹਾ ਕਰਹੁਗੇ ਐਸੀ ॥੧॥ ਰਹਾਉ ॥ ਮੀਨੁ ਪਕਰਿ ਫਾਂਕਿਓ ਅਰੁ ਕਾਟਿਓ ਰਾਂਧਿ ਕੀਓ ਬਹੁ ਬਾਨੀ ॥ ਖੰਡ ਖੰਡ ਕਰਿ ਭੋਜਨੁ ਕੀਨੋ ਤਊ ਨ ਬਿਸਰਿਓ ਪਾਨੀ ॥੨॥ ਆਪਨ ਬਾਪੈ ਨਾਹੀ ਕਿਸੀ ਕੋ ਭਾਵਨ ਕੋ ਹਰਿ ਰਾਜਾ ॥ ਮੋਹ ਪਟਲ ਸਭੁ ਜਗਤੁ ਬਿਆਪਿਓ ਭਗਤ ਨਹੀ ਸੰਤਾਪਾ ॥੩॥ ਕਹਿ ਰਵਿਦਾਸ ਭਗਤਿ ਇਕ ਬਾਢੀ ਅਬ ਇਹ ਕਾ ਸਿਉ ਕਹੀਐ ॥ ਜਾ ਕਾਰਨਿ ਹਮ ਤੁਮ ਆਰਾਧੇ ਸੋ ਦੁਖੁ ਅਜਹੂ ਸਹੀਐ ॥੪॥੨॥ ਦੂਲਭ ਜਨਮੁ ਪੁੰਨ ਫਲ ਪਾਇਓ ਬਿਰਥਾ ਜਾਤ ਅਬਿਬੇਕੈ ॥ ਰਾਜੇ ਇੰਦ੍ਰ ਸਮਸਰਿ ਗ੍ਰਿਹ ਆਸਨ ਬਿਨੁ ਹਰਿ ਭਗਤਿ ਕਹਹੁ ਕਿਹ ਲੇਖੈ ॥੧॥ ਨ ਬੀਚਾਰਿਓ ਰਾਜਾ ਰਾਮ ਕੋ ਰਸੁ ॥ ਜਿਹ ਰਸ ਅਨਰਸ ਬੀਸਰਿ ਜਾਹੀ ॥੧॥ ਰਹਾਉ ॥ ਜਾਨਿ ਅਜਾਨ ਭਏ ਹਮ ਬਾਵਰ ਸੋਚ ਅਸੋਚ ਦਿਵਸ ਜਾਹੀ ॥ ਇੰਦ੍ਰੀ ਸਬਲ ਨਿਬਲ ਬਿਬੇਕ ਬੁਧਿ ਪਰਮਾਰਥ ਪਰਵੇਸ ਨਹੀ ॥੨॥ ਕਹੀਅਤ ਆਨ ਅਚਰੀਅਤ ਅਨ ਕਛੁ ਸਮਝ ਨ ਪਰੈ ਅਪਰ ਮਾਇਆ ॥ ਕਹਿ ਰਵਿਦਾਸ ਉਦਾਸ ਦਾਸ ਮਤਿ ਪਰਹਰਿ ਕੋਪੁ ਕਰਹੁ ਜੀਅ ਦਇਆ ॥੩॥੩॥ ਸੁਖ ਸਾਗਰੁ ਸੁਰਤਰ ਚਿੰਤਾਮਨਿ ਕਾਮਧੇਨੁ ਬਸਿ ਜਾ ਕੇ ॥ ਚਾਰਿ ਪਦਾਰਥ ਅਸਟ ਦਸਾ ਸਿਧਿ ਨਵ ਨਿਧਿ ਕਰ ਤਲ ਤਾ ਕੇ ॥੧॥ ਹਰਿ ਹਰਿ ਹਰਿ ਨ ਜਪਹਿ ਰਸਨਾ ॥ ਅਵਰ ਸਭ ਤਿਆਗਿ ਬਚਨ ਰਚਨਾ ॥੧॥ ਰਹਾਉ ॥ ਨਾਨਾ ਖਿਆਨ ਪੁਰਾਨ ਬੇਦ ਬਿਧਿ ਚਉਤੀਸ ਅਖਰ ਮਾਂਹੀ ॥ ਬਿਆਸ ਬਿਚਾਰਿ ਕਹਿਓ ਪਰਮਾਰਥੁ ਰਾਮ ਨਾਮ ਸਰਿ ਨਾਹੀ ॥੨॥ ਸਹਜ ਸਮਾਧਿ ਉਪਾਧਿ ਰਹਤ ਫੁਨਿ ਬਡੈ ਭਾਗਿ ਲਿਵ ਲਾਗੀ ॥ ਕਹਿ ਰਵਿਦਾਸ ਪ੍ਰਗਾਸੁ ਰਿਦੈ ਧਰਿ ਜਨਮ ਮਰਨ ਭੈ ਭਾਗੀ ॥੩॥੪॥ ਜਉ ਤੁਮ ਗਿਰਿਵਰ ਤਉ ਹਮ ਮੋਰਾ ॥ ਜਉ ਤੁਮ ਚੰਦ ਤਉ ਹਮ ਭਏ ਹੈ ਚਕੋਰਾ ॥੧॥ ਮਾਧਵੇ ਤੁਮ ਨ ਤੋਰਹੁ ਤਉ ਹਮ ਨਹੀ ਤੋਰਹਿ ॥ ਤੁਮ ਸਿਉ ਤੋਰਿ ਕਵਨ ਸਿਉ ਜੋਰਹਿ ॥੧॥ ਰਹਾਉ ॥ ਜਉ ਤੁਮ ਦੀਵਰਾ ਤਉ ਹਮ ਬਾਤੀ ॥ ਜਉ

ਤੁਮ ਤੀਰਥ ਤਉ ਹਮ ਜਾਤੀ ॥੨॥ ਸਾਚੀ ਪ੍ਰੀਤਿ ਹਮ ਤੁਮ ਸਿਉ ਜੋਰੀ ॥ ਤੁਮ ਸਿਉ ਜੋਰਿ ਅਵਰ ਸੰਗਿ ਤੋਰੀ ॥੩॥ ਜਹ ਜਹ ਜਾਉ ਤਹਾ ਤੇਰੀ ਸੇਵਾ ॥ ਤੁਮ ਸੋ ਠਾਕੁਰੁ ਅਉਰੁ ਨ ਦੇਵਾ ॥੪॥ ਤੁਮਰੇ ਭਜਨ ਕਟਹਿ ਜਮ ਫਾਂਸਾ ॥ ਭਗਤਿ ਹੇਤ ਗਾਵੈ ਰਵਿਦਾਸਾ ॥੫॥੫॥ ਜਲ ਕੀ ਭੀਤਿ ਪਵਨ ਕਾ ਥੰਭਾ ਰਕਤ ਬੁੰਦ ਕਾ ਗਾਰਾ ॥ ਹਾਡ ਮਾਸ ਨਾੜੀ ਕੋ ਪਿੰਜਰੁ ਪੰਖੀ ਬਸੈ ਬਿਚਾਰਾ ॥੧॥ ਪ੍ਰਾਨੀ ਕਿਆ ਮੇਰਾ ਕਿਆ ਤੇਰਾ ॥ ਜੈਸੇ ਤਰਵਰ ਪੰਖਿ ਬਸੇਰਾ ॥੧॥ ਰਹਾਉ ॥ ਰਾਖਹੁ ਕੰਧ ਉਸਾਰਹੁ ਨੀਵਾਂ ॥ ਸਾਢੇ ਤੀਨਿ ਹਾਥ ਤੇਰੀ ਸੀਵਾਂ ॥੨॥ ਬੰਕੇ ਬਾਲ ਪਾਗ ਸਿਰਿ ਡੇਰੀ ॥ ਇਹੁ ਤਨੁ ਹੋਇਗੋ ਭਸਮ ਕੀ ਢੇਰੀ ॥੩॥ ਊਚੇ ਮੰਦਰ ਸੁੰਦਰ ਨਾਰੀ ॥ ਰਾਮ ਨਾਮ ਬਿਨੁ ਬਾਜੀ ਹਾਰੀ ॥੪॥ ਮੇਰੀ ਜਾਤਿ ਕਮੀਨੀ ਪਾਂਤਿ ਕਮੀਨੀ ਓਛਾ ਜਨਮੁ ਹਮਾਰਾ ॥ ਤੁਮ ਸਰਨਾਗਤਿ ਰਾਜਾ ਰਾਮ ਚੰਦ ਕਹਿ ਰਵਿਦਾਸ ਚਮਾਰਾ ॥੫॥੬॥ ਚਮਰਟਾ ਗਾਂਠਿ ਨ ਜਨਈ ॥ ਲੋਗੁ ਗਠਾਵੈ ਪਨਹੀ ॥੧॥ ਰਹਾਉ ॥ ਆਰ ਨਹੀ ਜਿਹ ਤੋਪਉ ॥ ਨਹੀ ਰਾਂਬੀ ਠਾਉ ਰੋਪਉ ॥੧॥ ਲੋਗੁ ਗੰਠਿ ਗੰਠਿ ਖਰਾ ਬਿਗੂਚਾ ॥ ਹਉ ਬਿਨੁ ਗਾਂਠੇ ਜਾਇ ਪਹੂਚਾ ॥੨॥ ਰਵਿਦਾਸੁ ਜਪੈ ਰਾਮ ਨਾਮਾ ॥ ਮੋਹਿ ਜਮ ਸਿਉ ਨਾਹੀ ਕਾਮਾ ॥੩॥੭॥

ਰਾਗੁ ਸੋਰਠਿ ਬਾਣੀ ਭਗਤ ਭੀਖਨ ਕੀ ੴ ਸਤਿਗੁਰ ਪ੍ਰਸਾਦਿ ॥

ਨੈਨਹੁ ਨੀਰੁ ਬਹੈ ਤਨੁ ਖੀਨਾ ਭਏ ਕੇਸ ਦੁਧ ਵਾਨੀ ॥ ਰੂਧਾ ਕੰਠੁ ਸਬਦੁ ਨਹੀ ਉਚਰੈ ਅਬ ਕਿਆ ਕਰਹਿ ਪਰਾਨੀ ॥੧॥ ਰਾਮ ਰਾਇ ਹੋਹਿ ਬੈਦ ਬਨਵਾਰੀ ॥ ਅਪਨੇ ਸੰਤਹ ਲੇਹੁ ਉਬਾਰੀ ॥੧॥ ਰਹਾਉ ॥ ਮਾਥੇ ਪੀਰ ਸਰੀਰਿ ਜਲਨਿ ਹੈ ਕਰਕ ਕਰੇਜੇ ਮਾਹੀ ॥ ਐਸੀ ਬੇਦਨ ਉਪਜਿ ਖਰੀ ਭਈ ਵਾ ਕਾ ਅਉਖਧੁ ਨਾਹੀ ॥੨॥ ਹਰਿ ਕਾ ਨਾਮੁ ਅੰਮ੍ਰਿਤ ਜਲੁ ਨਿਰਮਲੁ ਇਹੁ ਅਉਖਧੁ ਜਗਿ ਸਾਰਾ ॥ ਗੁਰ ਪਰਸਾਦਿ ਕਹੈ ਜਨੁ ਭੀਖਨੁ ਪਾਵਉ ਮੋਖ ਦੁਆਰਾ ॥੩॥੧॥ ਐਸਾ ਨਾਮੁ ਰਤਨੁ ਨਿਰਮੋਲਕੁ ਪੁੰਨਿ ਪਦਾਰਥੁ ਪਾਇਆ ॥ ਅਨਿਕ ਜਤਨ ਕਰਿ ਹਿਰਦੈ ਰਾਖਿਆ ਰਤਨੁ ਨ ਛਪੈ ਛਪਾਇਆ ॥੧॥ ਹਰਿ ਗੁਨ ਕਹਤੇ ਕਹਨੁ ਨ ਜਾਈ ॥ ਜੈਸੇ ਗੂੰਗੇ ਕੀ ਮਿਠਿਆਈ ॥੧॥ ਰਹਾਉ ॥ ਰਸਨਾ ਰਮਤ ਸੁਨਤ ਸੁਖੁ ਸ੍ਰਵਨਾ ਚਿਤ ਚੇਤੇ ਸੁਖੁ ਹੋਈ ॥ ਕਹੁ ਭੀਖਨ ਦੁਇ ਨੈਨ ਸੰਤੋਖੇ ਜਹ ਦੇਖਾਂ ਤਹ ਸੋਈ ॥੨॥੨॥